ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਸੀਐਮ ਨਾਇਬ ਸਿੰਘ ਸੈਣੀ ਨੇ ਕੀਤੀ ਮੁੱਖ ਮੰਤਰੀ ਅੰਤੋਦਿਆ ਪਰਿਵਾਰ ਉੱਥਾਨ ਯੋਜਨਾ ਦੀ ਸਮੀਖਿਆ 03

ਸਾਲ 2, ਅੰਕ 10 Ph (Mohali Office) : 0160-2990739; (M) : +91-98156-16078 ਸਨਿਚਰਵਾਰ, 10 ਅਕਤੂਬਰ 2026 (24 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਸੀਜੇਪੀ ਵਲੋਂ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਤੇ ਵੋਟਰ ਸੂਚੀ ਦੀ ਸੁਧਾਈ ਦੇ ਵਿਰੋਧ 'ਚ ਅੱਜ ਜੰਤਰ-ਮੰਤਰ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ

ਦੇਸ਼ ਪ੍ਰਦੇਸ਼

ਦਿੱਲੀ, 9 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : 'ਕਾਕਰੋਚ ਜਨਤਾ ਪਾਰਟੀ' ਵੱਲੋਂ ਕੀਤੇ ਜਾਣ ਵਾਲੇ ਪ੍ਰਦਰਸ਼ਨ ਤੋਂ ਇੱਕ ਦਿਨ ਪਹਿਲਾਂ, ਸ਼ੁੱਕਰਵਾਰ ਨੂੰ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ ਕੇਂਦਰ ਸਰਕਾਰ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੌਜਵਾਨਾਂ ਤੋਂ ਡਰਦੀ ਹੈ, ਤਾਂ ਉਸਨੂੰ ਪੂਰਾ ਦੇਸ਼ ਹੀ ਬੰਦ ਕਰ ਦੇਣਾ ਚਾਹੀਦਾ ਹੈ। ਇਹ ਬਿਆਨ 10 ਅਕਤੂਬਰ ਨੂੰ ਰਾਸ਼ਟਰੀ ਰਾਜਧਾਨੀ ਆਉਣ ਵਾਲੀਆਂ ਅਤੇ ਉੱਥੋਂ ਜਾਣ ਵਾਲੀਆਂ ਰੇਲਗੱਡੀਆਂ ਨੂੰ ਰੱਦ ਕੀਤੇ ਜਾਣ ਤੋਂ ਬਾਅਦ ਆਇਆ ਹੈ। ਉਨ੍ਹਾਂ ਨੇ ਅੱਗੇ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦਾ ਪ੍ਰਦਰਸ਼ਨ ਹਰ ਹਾਲਤ ਵਿੱਚ ਜਾਰੀ ਰਹੇਗਾ।

ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ 'ਵਿਸ਼ੇਸ਼ ਸਘਨ ਸੋਧ' ਵਿੱਚ ਵੱਡੀਆਂ ਬੇਨਿਯਮੀਆਂ ਦਾ ਦੋਸ਼ ਲਗਾਉਂਦੇ ਹੋਏ, ਸੀਜੇਪੀ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਕਰਦਿਆਂ ਸ਼ਨੀਵਾਰ ਨੂੰ ਦਿੱਲੀ ਦੇ ਜੰਤਰ-ਮੰਤਰ 'ਤੇ ਭਾਰੀ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਹੈ।

ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ ਕਿਹਾ, 'ਸਾਡਾ ਪ੍ਰਦਰਸ਼ਨ ਜ਼ਰੂਰ ਹੋਵੇਗਾ। ਜੰਤਰ-ਮੰਤਰ ਪ੍ਰਦਰਸ਼ਨਾਂ ਲਈ ਨਿਰਧਾਰਤ ਥਾਂ ਹੈ। ਜੇਕਰ ਧਾਰਾ 19 ਪ੍ਰਦਰਸ਼ਨ ਕਰਨ ਦਾ ਮੌਲਿਕ ਅਧਿਕਾਰ ਦਿੰਦੀ ਹੈ, ਤਾਂ ਇਜਾਜ਼ਤ ਲੈਣ ਦੀ ਕੀ ਲੋੜ ਹੈ? ਕੀ ਉਨ੍ਹਾਂ ਨੇ 13 ਕਰੋੜ ਵੋਟਾਂ ਹਟਾਉਣ ਤੋਂ ਪਹਿਲਾਂ ਇਜਾਜ਼ਤ ਲਈ ਸੀ? ਕੀ ਤੁਸੀਂ ਚਾਹੁੰਦੇ ਹੋ ਕਿ ਅਸੀਂ ਚੋਣਾਂ ਵਿੱਚ ਧਾਂਦਲੀ ਕਰਨ ਵਾਲਿਆਂ ਵਿਰੁੱਧ ਆਵਾਜ਼ ਨਾ ਉਠਾਈਏ? ਅਜਿਹਾ ਨਹੀਂ ਹੋ ਸਕਦਾ। ਦੇਸ਼ ਇਸ ਤਰ੍ਹਾਂ ਨਹੀਂ ਚੱਲ ਸਕਦਾ। ਅਸੀਂ ਦੇਸ਼ ਨੂੰ ਬਚਾਉਣ ਲਈ ਪ੍ਰਦਰਸ਼ਨ ਕਰਾਂਗੇ।'

ਇਸ ਦੌਰਾਨ, ਰੇਲਵੇ ਬੋਰਡ ਨੇ 10 ਅਕਤੂਬਰ ਨੂੰ ਸਵੇਰੇ 4:00 ਵਜੇ ਤੋਂ ਦੁਪਹਿਰ 2:00 ਵਜੇ ਦੇ ਵਿਚਕਾਰ ਨਵੀਂ ਦਿੱਲੀ ਅਤੇ ਹਜ਼ਰਤ ਨਿਜ਼ਾਮੁਦੀਨ ਸਟੇਸ਼ਨਾਂ 'ਤੇ ਪਹੁੰਚਣ ਵਾਲੀਆਂ ਕੁਝ ਮੇਲ ਅਤੇ ਐਕਸਪ੍ਰੈਸ ਰੇਲਗੱਡੀਆਂ ਨੂੰ ਰੱਦ ਕਰ ਦਿੱਤਾ। ਦਿੱਲੀ ਪੁਲਿਸ ਨੇ ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ ਨੂੰ 57 ਮੈਟਰੋ ਸਟੇਸ਼ਨ ਬੰਦ ਕਰਨ ਲਈ ਕਿਹਾ ਹੈ ਤਾਂ ਜੋ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਲਈ ਆਉਣ ਵਾਲੇ ਨੌਜਵਾਨਾਂ ਦੀ ਆਵਾਜਾਈ ਨੂੰ ਰੋਕਿਆ ਜਾ ਸਕੇ।

ਇਨ੍ਹਾਂ ਘਟਨਾਕ੍ਰਮਾਂ ਬਾਰੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਦੀਪਕੇ ਨੇ ਕਿਹਾ ਕਿ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰਨ ਲਈ ਸਰਕਾਰੀ ਇਜਾਜ਼ਤ ਦੀ ਲੋੜ ਨਹੀਂ ਹੈ, ਕਿਉਂਕਿ ਇਹ ਪ੍ਰਦਰਸ਼ਨਾਂ ਲਈ ਨਿਰਧਾਰਤ ਥਾਂ ਹੈ। ਦੀਪਕੇ ਨੇ ਕਿਹਾ, 'ਜੇਕਰ ਤੁਸੀਂ ਨੌਜਵਾਨਾਂ ਤੋਂ ਡਰਦੇ ਹੋ, ਤਾਂ ਪੂਰਾ ਦੇਸ਼ ਹੀ ਬੰਦ ਕਰ ਦਿਓ।' ਜ਼ਿਕਰਯੋਗ ਹੈ ਕਿ ਦਿੱਲੀ ਪੁਲਿਸ ਨੇ ਸੀਜੇਪੀ ਨੂੰ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰਨ ਦੀ ਬਾਕੀ ਸਫ਼ਾ 7 'ਤੇ

ਧਰਨੇ ਤੋਂ ਪਹਿਲਾ ਜੰਤਰ-ਮੰਤਰ 'ਤੇ ਤਾਇਨਾਤ ਭਾਰੀ ਪੁਲਿਸ ਫੋਰਸ।

ਮੋਦੀ ਸਾਡੇ ਪਰਿਵਾਰ ਦਾ ਹਿੱਸਾ ਹਨ : ਲਾਲ ਹਿੱਟ ਜਨਤਾ ਪਾਰਟੀ

ਸੰਵਿਧਾਨ ਦੇ ਅਪਮਾਨ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਅਯਾਨ ਭਟਨਾਗਰ

ਦੇਸ਼ ਪ੍ਰਦੇਸ਼ **ਦਿੱਲੀ, 9 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਸ਼ਨੀਵਾਰ ਨੂੰ ਦਿੱਲੀ ਵਿੱਚ 'ਕਾਕਰੋਚ ਜਨਤਾ ਪਾਰਟੀ' ਵੱਲੋਂ ਕੀਤੇ ਜਾਣ ਵਾਲੇ ਵੱਡੇ ਪ੍ਰਦਰਸ਼ਨ ਤੋਂ ਠੀਕ ਇੱਕ ਦਿਨ ਪਹਿਲਾਂ, ਸ਼ੁੱਕਰਵਾਰ ਨੂੰ ਇੱਕ ਨਵੀਂ ਜਥੇਬੰਦੀ ਦੇ ਮੈਂਬਰ ਰਾਜਧਾਨੀ ਦੀਆਂ ਸੜਕਾਂ 'ਤੇ ਉਤਰੇ। 'ਹਿਟ ਜਨਤਾ ਪਾਰਟੀ' ਦੇ ਬੈਨਰ ਹੇਠ ਜਨਪਥ 'ਤੇ ਇਕੱਠੇ ਹੋਏ ਪ੍ਰਦਰਸ਼ਨਕਾਰੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਅਪਮਾਨਜਨਕ ਭਾਸ਼ਾ ਦੀ ਵਰਤੋਂ ਅਤੇ ਪੁਲਿਸ ਮੁਲਾਜ਼ਮਾਂ 'ਤੇ ਹਮਲਿਆਂ ਦੀਆਂ ਘਟਨਾਵਾਂ ਦਾ ਵਿਰੋਧ ਕੀਤਾ। ਇਸ ਜਥੇਬੰਦੀ ਦਾ ਨਾਮ ਹੀ ਚਰਚਾ ਦਾ ਵਿਸ਼ਾ ਬਣ ਗਿਆ ਹੈ; ਮੰਨਿਆ ਜਾਂਦਾ ਹੈ ਕਿ ਇਹ ਨਾਮ ਕੀੜੇ-ਮਕੌੜੇ ਭਜਾਉਣ ਵਾਲੇ ਇੱਕ ਮਸ਼ਹੂਰ ਬ੍ਰਾਂਡ ਤੋਂ ਪ੍ਰੇਰਿਤ ਹੈ ਅਤੇ ਇਸਨੂੰ ਸੀਜੇਪੀ ਦੇ ਜਵਾਬ ਵਜੋਂ ਵਿਅੰਗਮਈ ਢੰਗ ਨਾਲ ਪੇਸ਼ ਕੀਤਾ ਗਿਆ ਸੀ। ਪ੍ਰਦਰਸ਼ਨ ਦੌਰਾਨ ਜਥੇਬੰਦੀ ਦੀ ਨੁਮਾਇੰਦਗੀ ਕਰ ਰਹੇ ਅਯਾਨ ਭਟਨਾਗਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਿਸੇ ਵੀ ਹਾਲਤ ਵਿੱਚ ਸਵੀਕਾਰਯੋਗ ਨਹੀਂ ਹੈ। ਉਨ੍ਹਾਂ ਕਿਹਾ, 'ਜੇਕਰ ਕੋਈ ਕਿਸੇ ਅਜਨਬੀ ਬਾਰੇ ਵੀ ਮਾੜਾ ਬੋਲਦਾ ਹੈ, ਤਾਂ ਅਸੀਂ ਉਸਨੂੰ ਰੋਕਣ ਦੀ ਕੋਸ਼ਿਸ਼ ਕਰਦੇ ਹਾਂ। ਪ੍ਰਧਾਨ ਮੰਤਰੀ ਸਾਡੇ ਆਪਣੇ ਪਰਿਵਾਰ ਦਾ ਹਿੱਸਾ ਹਨ। ਉਨ੍ਹਾਂ ਵਿਰੁੱਧ ਅਜਿਹੀ ਭਾਸ਼ਾ ਦੀ ਵਰਤੋਂ ਕਰਨਾ ਗਲਤ ਹੈ। ਸਾਡੇ ਨਾਇਕਾਂ, ਸੈਨਿਕਾਂ ਅਤੇ ਦਿੱਲੀ ਪੁਲਿਸ ਦੇ ਮੁਲਾਜ਼ਮਾਂ ਪ੍ਰਤੀ ਅਪਮਾਨ ਵੀ ਬੰਦ ਹੋਣਾ ਚਾਹੀਦਾ ਹੈ। ਅਜਿਹਾ ਵਿਵਹਾਰ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।' ਹਿਟ ਜਨਤਾ ਪਾਰਟੀ ਦੇ ਪ੍ਰਦਰਸ਼ਨਕਾਰੀਆਂ ਦਾ ਕਹਿਣਾ ਸੀ ਕਿ ਹਾਲਾਂਕਿ ਪ੍ਰਣਾਲੀਗਤ ਬਦਲਾਅ ਦੀ ਮੰਗ ਕਰਨਾ ਗਲਤ ਨਹੀਂ ਹੈ, ਬਾਕੀ ਸਫ਼ਾ 7 'ਤੇ

'ਰੇਲ ਅਤੇ ਮੈਟਰੋ ਸੇਵਾਵਾਂ ਪੂਰੀ ਤਰ੍ਹਾਂ ਬੰਦ ਨਹੀਂ ਕੀਤੀਆਂ ਜਾਣੀਆਂ ਚਾਹੀਦੀਆਂ' : ਸੁਪਰੀਮ ਕੋਰਟ

ਦੇਸ਼ ਪ੍ਰਦੇਸ਼

ਦਿੱਲੀ, 9 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਸੁਪਰੀਮ ਕੋਰਟ ਨੇ 10 ਅਕਤੂਬਰ ਨੂੰ ਹੋਣ ਵਾਲੇ ਪ੍ਰਦਰਸ਼ਨ ਦੇ ਮੱਦੇਨਜ਼ਰ ਦਿੱਲੀ ਜਾਣ ਵਾਲੀਆਂ ਰੇਲਗੱਡੀਆਂ ਨੂੰ ਰੱਦ ਕਰਨ ਅਤੇ ਮੈਟਰੋ ਸਟੇਸ਼ਨਾਂ ਨੂੰ ਬੰਦ ਕਰਨ ਦੇ ਪ੍ਰਸਤਾਵ ਨਾਲ ਸਬੰਧਤ ਇੱਕ ਮਾਮਲੇ ਦੀ ਸੁਣਵਾਈ ਕੀਤੀ। ਸੁਣਵਾਈ ਦੌਰਾਨ, ਅਦਾਲਤ ਨੇ ਕੇਂਦਰ ਸਰਕਾਰ ਨੂੰ ਨਿਰਦੇਸ਼ ਦਿੱਤਾ ਕਿ ਉਹ ਆਗਾਮੀ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਦਿੱਲੀ ਲਈ ਰੇਲ ਸੇਵਾਵਾਂ ਨੂੰ ਪੂਰੀ ਤਰ੍ਹਾਂ ਨਾ ਰੋਕੇ ਅਤੇ ਨਾ ਹੀ ਸ਼ਹਿਰ ਵਿੱਚ ਮੈਟਰੋ ਸਟੇਸ਼ਨਾਂ ਨੂੰ ਬੰਦ ਕਰੇ। ਅਦਾਲਤ ਨੇ ਕੇਂਦਰ ਨੂੰ ਕਿਹਾ ਕਿ ਉਹ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖੇ ਤਾਂ ਜੋ ਆਮ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਜ਼ਿਕਰਯੋਗ ਹੈ ਕਿ ਸੀਜੇਪੀ ਅਤੇ ਕੁਝ ਵਿਦਿਆਰਥੀ ਜਥੇਬੰਦੀਆਂ ਨੇ ਸੀਏਏ ਵਿਰੁੱਧ ਪ੍ਰਦਰਸ਼ਨ ਦਾ ਐਲਾਨ ਕੀਤਾ ਹੈ। ਸ਼ੁੱਕਰਵਾਰ ਨੂੰ, ਸੀਨੀਅਰ ਵਕੀਲ ਕਪਿਲ ਸਿੱਬਲ ਨੇ ਸੀਪੀਆਈ (ਐਮ) ਦੇ ਜਨਰਲ ਸਕੱਤਰ ਐਮ.ਏ. ਬੇਬੀ ਦੀ ਤਰਫੋਂ ਸੁਪਰੀਮ ਕੋਰਟ ਵਿੱਚ ਇਹ ਮੁੱਦਾ ਉਠਾਇਆ। ਅਦਾਲਤ ਨੇ ਕੇਂਦਰ ਸਰਕਾਰ ਨੂੰ ਨਿਰਦੇਸ਼ ਦਿੱਤਾ ਕਿ ਉਹ ਜੰਤਰ-ਮੰਤਰ ਨੂੰ ਪ੍ਰਦਰਸ਼ਨਾਂ ਲਈ ਇਕਲੌਤੀ ਥਾਂ ਵਜੋਂ ਨਿਰਧਾਰਤ ਕਰਨ ਦੇ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰੇ ਅਤੇ ਕਿਸੇ ਬਦਲਵੀਂ ਥਾਂ ਨੂੰ ਨਿਰਧਾਰਤ ਕਰਨ ਬਾਰੇ ਉਚਿਤ ਫੈਸਲਾ ਲਵੇ। ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੂੰ ਸੂਚਿਤ ਕੀਤਾ ਕਿ ਸਮਰੱਥ ਅਧਿਕਾਰੀ ਸ਼ਾਂਤਮਈ ਪ੍ਰਦਰਸ਼ਨਾਂ ਲਈ ਜੰਤਰ-ਮੰਤਰ ਤੋਂ ਇਲਾਵਾ ਕਿਸੇ ਹੋਰ ਥਾਂ ਨੂੰ ਨਿਰਧਾਰਤ ਕਰਨ 'ਤੇ ਵਿਚਾਰ ਕਰਨਗੇ। ਸਾਲਿਸਿਟਰ ਜਨਰਲ ਦੇ ਇਸ ਭਰੋਸੇ ਤੋਂ ਬਾਅਦ ਸੁਪਰੀਮ ਕੋਰਟ ਨੇ ਆਪਣਾ ਨਿਰਦੇਸ਼ ਜਾਰੀ ਕੀਤਾ।

ਅਦਾਲਤ ਦੇ ਹੁਕਮਾਂ ਵਿੱਚ ਕਿਹਾ ਗਿਆ ਹੈ, 'ਸਾਰੀਆਂ ਧਿਰਾਂ ਇਸ ਗੱਲ ਨਾਲ ਸਹਿਮਤ ਹਨ ਕਿ ਹੁਣ ਸਮਾਂ ਆ ਗਿਆ ਹੈ ਕਿ ਸ਼ਾਂਤਮਈ ਪ੍ਰਦਰਸ਼ਨਕਾਰੀਆਂ ਲਈ ਲੋੜੀਂਦੀਆਂ ਸਹੂਲਤਾਂ ਨਾਲ ਲੈਸ ਇੱਕ ਬਦਲਵੀਂ ਥਾਂ ਦੀ ਪਛਾਣ ਕੀਤੀ ਜਾਵੇ ਅਤੇ ਉਸਨੂੰ ਨਿਰਧਾਰਤ ਕੀਤਾ ਜਾਵੇ। ਸਮਰੱਥ ਅਧਿਕਾਰੀ ਨੂੰ ਇਸ ਸੁਝਾਅ 'ਤੇ ਵਿਚਾਰ ਕਰਨਾ ਚਾਹੀਦਾ ਹੈ ਅਤੇ ਉਚਿਤ ਫੈਸਲਾ ਲੈਣਾ ਚਾਹੀਦਾ ਹੈ।' ਅਦਾਲਤ ਨੇ ਅੱਗੇ ਨਿਰਦੇਸ਼ ਦਿੱਤਾ ਕਿ ਸੋਧੀਆਂ ਗਈਆਂ ਪਾਬੰਦੀਆਂ ਅਤੇ ਸਬੰਧਤ ਦਿਸ਼ਾ-ਨਿਰਦੇਸ਼ਾਂ ਦਾ ਅਖਬਾਰਾਂ, ਅਧਿਕਾਰਤ ਵੈੱਬਸਾਈਟਾਂ ਅਤੇ ਹੋਰ ਮੀਡੀਆ ਚੈਨਲਾਂ ਰਾਹੀਂ ਵਿਆਪਕ ਪ੍ਰਚਾਰ ਕੀਤਾ ਜਾਵੇ। ਇਸ ਨਾਲ ਇਹ ਯਕੀਨੀ ਬਣਾਇਆ ਜਾ ਸਕੇਗਾ ਕਿ ਯਾਤਰੀਆਂ ਨੂੰ ਬੈਰੀਕੇਡਿੰਗ, ਪਾਬੰਦੀਆਂ ਅਤੇ ਬਦਲਵੇਂ ਰੂਟਾਂ ਬਾਰੇ ਜਾਣਕਾਰੀ ਮਿਲ ਸਕੇ।

ਕੀ ਕਿਹਾ ਕਪਿਲ ਸਿੱਬਲ ਨੇ...

ਕਪਿਲ ਸਿੱਬਲ ਨੇ ਕਿਹਾ ਕਿ ਉਨ੍ਹਾਂ ਦੀ ਜਾਣਕਾਰੀ ਅਨੁਸਾਰ, ਦਿੱਲੀ ਵਿੱਚ 57 ਮੈਟਰੋ ਸਟੇਸ਼ਨਾਂ ਨੂੰ ਬੰਦ ਕਰਨ ਅਤੇ ਸ਼ਹਿਰ ਜਾਣ ਵਾਲੀਆਂ ਰੇਲਗੱਡੀਆਂ ਨੂੰ ਰੱਦ ਕਰਨ ਦੇ ਹੁਕਮ ਦਿੱਤੇ ਗਏ ਸਨ। ਸੀਨੀਅਰ ਵਕੀਲ ਅਭਿਸ਼ੇਕ ਮਨੂ ਸਿੰਘਵੀ ਅਤੇ ਪ੍ਰਸ਼ਾਂਤ ਭੂਸ਼ਣ ਨੇ ਵੀ ਇਸ ਮਾਮਲੇ ਵਿੱਚ ਅਦਾਲਤ ਦੇ ਦਖਲ ਦੀ ਮੰਗ ਕੀਤੀ।

ਸੀਐਮ ਮਾਨ ਵੱਲੋਂ ਵੱਖ-ਵੱਖ ਵਿਭਾਗਾਂ ਨੂੰ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਲਈ ਵਿਸ਼ਵ ਪੱਧਰ ਦੇ ਪ੍ਰਬੰਧ ਯਕੀਨੀ ਬਣਾਉਣ ਦੇ ਆਦੇਸ਼

- ਚੈਂਪੀਅਨਜ਼ ਟਰਾਫੀ ਦਾ ਉਦਘਾਟਨੀ ਸਮਾਗਮ 27 ਅਕਤੂਬਰ ਨੂੰ ਜਲੰਧਰ ਵਿਖੇ ਹੋਵੇਗਾ, 5 ਨਵੰਬਰ ਤੱਕ ਮੈਚ ਖੇਡੇ ਜਾਣਗੇ : ਸੀਐਮ ਮਾਨ

ਦੇਸ਼ ਪ੍ਰਦੇਸ਼ **ਚੰਡੀਗੜ੍ਹ, 9 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 27 ਅਕਤੂਬਰ ਤੋਂ 5 ਨਵੰਬਰ ਤੱਕ ਹੋਣ ਵਾਲੇ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫੀ ਲਈ ਆਪਸੀ ਤਾਲਮੇਲ, ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ, ਸ਼ਹਿਰਾਂ ਦੇ ਸੁੰਦਰੀਕਰਨ ਅਤੇ ਮਹਿਮਾਨਨਵਾਜ਼ੀ 'ਤੇ ਧਿਆਨ ਕੇਂਦਰਿਤ ਕਰਦਿਆਂ ਸਾਰੇ ਵਿਭਾਗਾਂ ਨੂੰ ਆਲਮੀ ਪੱਧਰ ਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੇ ਲੋਕਾਂ ਦਾ ਉਤਸ਼ਾਹ ਵਧਾਉਣ ਲਈ ਰਾਜ ਪੱਧਰੀ ਟਰਾਫੀ ਟੂਰ ਅਤੇ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਦਾ ਸੱਦਾ ਵੀ ਦਿੱਤਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨੂੰ ਅੰਤਰਰਾਸ਼ਟਰੀ ਖੇਡ ਸਮਾਗਮਾਂ ਦੀ ਮੇਜ਼ਬਾਨੀ ਵਿੱਚ ਨਵੇਂ ਕੀਰਤੀਮਾਨ ਸਥਾਪਤ ਕਰਨੇ ਚਾਹੀਦੇ ਹਨ। ਚੈਂਪੀਅਨਜ਼ ਟਰਾਫੀ ਬਾਰੇ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਇਹ ਯਕੀਨੀ ਬਣਾਇਆ ਜਾਵੇਗਾ ਕਿ ਇਹ ਵੱਕਾਰੀ ਅੰਤਰਰਾਸ਼ਟਰੀ ਖੇਡ ਸਮਾਗਮ ਪੰਜਾਬ ਦੇ ਖੇਡ ਇਤਿਹਾਸ ਵਿੱਚ ਨਵਾਂ ਮੀਲ ਪੱਥਰ ਸਥਾਪਤ ਕਰੇ।÷ ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਹਿੱਸਾ ਲੈਣ ਵਾਲੀਆਂ ਟੀਮਾਂ, ਅਧਿਕਾਰੀਆਂ, ਦਰਸ਼ਕਾਂ ਅਤੇ ਆਉਣ ਵਾਲੇ ਮਹਿਮਾਨਾਂ ਨੂੰ ਵਿਸ਼ਵ ਪੱਧਰ ਦੀਆਂ ਸਹੂਲਤਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਨਾ ਛੱਡਣ ਦੇ ਹੁਕਮ ਦਿੱਤੇ। ਮੁੱਖ ਮੰਤਰੀ ਨੇ ਕਿਹਾ, 'ਪੰਜਾਬ ਆਪਣੇ ਅਮੀਰ ਹਾਕੀ ਵਿਰਸੇ ਅਤੇ ਭਾਰਤੀ ਖੇਡਾਂ ਵਿੱਚ ਮਹਾਨ ਯੋਗਦਾਨ ਲਈ ਪੂਰੀ ਦੁਨੀਆ ਵਿੱਚ ਜਾਣਿਆ ਜਾਂਦਾ ਹੈ। ਸਾਨੂੰ ਅੰਤਰਰਾਸ਼ਟਰੀ ਖੇਡ ਸਮਾਗਮ ਕਰਵਾਉਣ ਦੇ ਨਵੇਂ ਕੀਰਤੀਮਾਨ ਸਥਾਪਤ ਕਰਨੇ ਚਾਹੀਦੇ ਹਨ ਅਤੇ ਹਿੱਸਾ ਲੈਣ ਵਾਲੀਆਂ ਟੀਮਾਂ, ਅਧਿਕਾਰੀਆਂ, ਦਰਸ਼ਕਾਂ ਅਤੇ ਮਹਿਮਾਨਾਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਪ੍ਰਦਾਨ ਕਰਨੀਆਂ ਚਾਹੀਦੀਆਂ ਹਨ।' ਉਨ੍ਹਾਂ ਕਿਹਾ ਕਿ ਭਾਰਤ, ਚੀਨ, ਮਲੇਸ਼ੀਆ, ਜਾਪਾਨ, ਬੰਗਲਾਦੇਸ਼ ਅਤੇ ਦੱਖਣੀ ਕੋਰੀਆ ਸਮੇਤ ਪ੍ਰਮੁੱਖ ਹਾਕੀ ਦੇਸ਼ਾਂ ਦੀ ਸ਼ਮੂਲੀਅਤ ਨਾਲ ਪੰਜਾਬ ਅੰਤਰਰਾਸ਼ਟਰੀ ਖੇਡ ਜਗਤ ਦੇ ਕੇਂਦਰ ਵਿੱਚ ਆ ਜਾਵੇਗਾ ਅਤੇ ਇਸ ਨਾਲ ਆਪਣੀ ਮਹਿਮਾਨਨਵਾਜ਼ੀ, ਬੁਨਿਆਦੀ ਢਾਂਚੇ, ਖੇਡ ਪ੍ਰਾਪਤੀਆਂ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਦਰਸਾਉਣ ਦਾ ਮੌਕਾ ਮਿਲੇਗਾ। ਮੁੱਖ ਮੰਤਰੀ ਨੇ ਦੱਸਿਆ ਕਿ ਟੂਰਨਾਮੈਂਟ ਦਾ ਬਾਕੀ ਸਫ਼ਾ 7 'ਤੇ

'ਸਮਾਧਾਨ ਸ਼ਿਵਿਰਾਂ' ਵਿੱਚ ਉਠਾਏ ਗਏ ਮੁੱਦਿਆਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰ

ਮੈਗਾ ਪੀਟੀਐਮ ਦੌਰਾਨ ਵਿਕਾਸ ਕਾਰਜਾਂ ਲਈ ਸਰਪੰਚ ਬੂਟਾ ਸਿੰਘ ਸਨਮਾਨਿਤ

ਲਹਿਰਾਗਾਗਾ 09 ਅਕਤੂਬਰ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) ਸਿੱਖਿਆ ਵਿਭਾਗ ਪੰਜਾਬ ਦੇ ਹੁਕਮਾਂ ਅਨੁਸਾਰ ਸ਼ਹੀਦ ਮਨਦੀਪ ਸਿੰਘ ਸਮਸ ਆਲਮਪੁਰ ਵਿਖੇ ਸਕੂਲ ਮੁਖੀ ਸ. ਅਵਤਾਰ ਸਿੰਘ ਚੋਟੀਆਂ ਦੀ ਸੁਚੱਜੀ ਅਗਵਾਈ ਹੇਠ ਪੰਜਾਬ ਸਿੱਖਿਆ ਕਾ ?ਤੀ ਤਹਿਤ ਮਾਪਿਆਂ ਦੀ ਮੈਗਾ ਪੀਟੀਐਮ ਕਰਵਾਈ ਗਈ । ਇਸ ਮੌਕੇ ਸਕੂਲ ਮੁਖੀ ਸ. ਅਵਤਾਰ ਸਿੰਘ ਚੋਟੀਆਂ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਵਿਸਾ ?ਲ ਮਾਪੇ ਅਧਿਆਪਕ ਮਿਲਣੀ ਕਰਵਾਈ ਜਾਂਦੀ ਹੈ। ਇਸੇ ਤਹਿਤ ਅੱਜ ਵੀ ਮਾਪਿਆਂ, ਸਕੂਲ ਕਮੇਟੀ ਮੈਂਬਰਾਂ ਅਤੇ ਪੰਚਾਇਤ ਮੈਂਬਰਾਂ ਨਾਲ ਵਿਸ਼ਾਲ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ । ਇਸ ਵਿੱਚ ਮਾਪਿਆਂ ਨੂੰ ਸਤੰਬਰ ਪ੍ਰੀਖਿਆ ਦੇ ਅੰਕ ਦੱਸੇ ਗਏ ਅਤੇ ਘਰ ਵਿੱਚ ਬੱਚਿਆਂ ਦੀ ਦੇਖਭਾਲ ਅੱਗੇ ਕਲਾਸਾਂ ਵਿੱਚ ਸਤ ਪ੍ਰੀਸਤ ਹਾਜਰੀ ਯਕੀਨੀ ਬਣਾਉਣ ਬਾਰੇ ਚਰਚਾ ਕੀਤੀ ਗਈ । ਉਨ੍ਹਾਂ ਮਾਪਿਆਂ ਨੂੰ ਕਿਹਾ ਕਿ ਉਹ ਬੱਚਿਆਂ ਨੂੰ ਮੋਬਾਇਲ ਫੋਨ ਦੀ ਜਿਆਦਾ ਵਰਤੋਂ ਨਾ ਕਰਨ ਦੇਣ, ਸਗੋਂ ਘਰ ਬੈਠਾਕੇ ਸਕੂਲ ਤੋਂ ਮਿਲਿਆ ਕੰਮ ਕਰਵਾਉਣ ਵਿੱਚ ਮਦਦ ਕਰਨ। ਉਨਾਂ ਮਾਪਿਆਂ ਨੂੰ ਆਪਣੇ ਅਤੇ ਆਂਢ ਗੁਆਂਢ ਦੇ ਬੱਚਿਆਂ ਨੂੰ ਸਰਕਾਰੀ ਸਕੂਲ ਵਿੱਚ ਪੜਾਉਣ ਲਈ ਪ੍ਰੇਤ ਕਰਨ ਲਈ ਵੀ ਅਪੀਲ ਕੀਤੀ। ਉਨ੍ਹਾਂ ਹਾਜਰ ਪੰਚਾਇਤ ਮੈਂਬਰਾਂ ਅਤੇ ਕਮੇਟੀ ਮੈਂਬਰਾਂ ਨੂੰ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਦੀ ਗਿਣਤੀ 100 ਤੋਂ ਘੱਟ ਹੋਣ ਕਰਕੇ ਸਰਕਾਰ ਵੱਲੋਂ ਸਫਾਈ ਸੇਵਕ ਦੀ ਸਹੂਲਤ ਨਹੀਂ ਦਿੱਤੀ ਜਾਂਦੀ । ਇੱਥੇ ਸਫਾਈ ਦਾ ਪ ? ਬ ੰ ਧ ਸ ਕ ੂ ਲ ਅਧਿਆਪਕਾਂ ਵੱਲੋਂ ਆਪਣੇ ਤੌਰ ਤੇ ਹੀ ਕਰਵਾਇਆ ਜਾਂਦਾ ਹੈ। ਪੰਚਾਇਤ ਨੂੰ ਸਫਾਈ ਲਈ ਪ ?ਬੰਧ ਕਰਨ ਦੀ ਬੇਨਤੀ ਕੀਤੀ ਗਈ । ਇਸ ਮੌਕੇ ਸਕੂਲ ਕਮੇਟੀ ਮੈਂਬਰਾਂ ਨੂੰ ਸਰਕਾਰ ਵੱਲੋਂ ਭੇਜੇ ਸਨਮਾਨ ਪੱਤਰਾਂ ਨਾਲ ਅਤੇ ਸਰਪੰਚ ਸ ਬੂਟਾ ਸਿੰਘ ਵੱਲੋਂ ਸਕੂਲ ਵਿੱਚ ਕਰਵਾਏ ਕਈ ਵਿਕਾਸ ਕਾਰਜਾਂ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ ਗਿਆ ਅਤੇ ਸਕੂਲ ਅਤੇ ਕਮੇਟੀ ਮੈਂਬਰਾਂ ਵੱਲੋਂ ਸਾਨਦਾਰ ਲੋਈ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ।ਇਸ ਮੀਟਿੰਗ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਅਤੇ ਪੰਚਾਇਤ ਮੈਂਬਰਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ । ਬੱਚਿਆਂ ਵਲੋਂ ਵੱਖ-ਵੱਖ ਤਰ੍ਹਾਂ ਦੇ ਚਾਰਟ ਅਤੇ ਮਾਡਲਾਂ ਦੀ ਪ ?ਦਰਸ਼ਨੀ ਵੀ ਲਗਾਈ ਗਈ । ਇਸ ਮੌਕੇ ਸ ,ਬੂਟਾ ਸਿੰਘ ਸਰਪੰਚ, ਐਸਐਮਸੀ ਚੇਅਰਮੈਨ ਗੁਲਾਬ ਸਿੰਘ, ਜਾਗਰ ਸਿੰਘ, ਸੇਰਾ ਖਾਨ,ਸਤਿਗੁਰ ਸਿੰਘ ਗ੍ਰਾਮ ਪੰਚਾਇਤ ਮੈਂਬਰ, ਸੁਖਪਾਲ ਕੌਰ, ਸੋਮਾ ਰਾਣੀ ,ਅਮਰਜੀਤ ਕੌਰ, ਅਮਰਪ੍ਰੀ ਕੌਰ, ਸੁਖਵਿੰਦਰ ਕੌਰ, ਕਿਰਨ ਬੇਗਮ, ਸੁਮਈਆ ਬੇਗਮ ,ਮਾਤਾ ਮਹਿੰਦਰ ਕੌਰ,ਰਾਮ ਲਾਲ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ,ਕਰਮਾ ਸਿੰਘ, ਗੱਗੂ ਸਿੰਘ ,ਬੀਰਬਲ ਸਿੰਘ ਤੇ ਪਿੰਡ ਦੇ ਹੋਰ ਪਤਵੰਤੇ ਸੱਜਣ ਸ਼ਾਮਿਲ ਹੋਏ ।

ਸਮਾਜ ਸੇਵੀ ਅੱਛਰੂ ਗੋਇਲ ਨੇ ਆਪਣਾ ਜਨਮ ਦਿਨ ਪ੍ਰਸਿੱਧ ਜੋਤਿਸ਼ ਅਚਾਰਿਆ ਰੋਹਿਤ ਸ਼ਰਮਾ ਜੀ ਦੇ ਘਰ ਵਿੱਚ ਮਨਾਇਆ

ਸੁਨਾਮ ਊਧਮ ਸਿੰਘ ਵਾਲਾ (ਰਾਜਿੰਦਰ ਕੁਮਾਰ ਸ਼ਾਹ) ਸਮਾਜ ਸੇਵੀ ਸ੍ਰੀ ਬਾਂਕੇ ਬਿਹਾਰੀ ਸੇਵਾ ਸਮਿਤੀ ਸੁਨਾਮ ਦੇ ਪ੍ਰਧਾਨ ਅੱਛਰੂ ਗੋਇਲ ਨੇ ਜਨਮ ਦਿਨ ਪ੍ਰਸਿੱਧ ਜੋਤਿਸ਼ ਅਚਾਰਿਆ ਰੋਹਿਤ ਸ਼ਰਮਾ ਜੀ ਦੇ ਘਰ ਵਿੱਚ ਮਨਾਇਆ ਇਸ ਮੌਕੇ ਰੋਹਿਤ ਸ਼ਰਮਾ ਜੀ ਵੱਲੋਂ ਕੇਕ ਕੱਟ ਕੇ ਅੱਛਰੂ ਗੋਇਲ ਅਤੇ ਡਾਕਟਰ ਨਵਦੀਪ ਅਰੋੜਾ ਦਾ ਮੂੰਹ ਮਿੱਠਾ ਕਰਵਾਇਆ ਗਿਆ ਇਸ ਮੌਕੇ ਇਸ ਮੌਕੇ ਰੋਹਿਤ ਸ਼ਰਮਾ ਜੀ ਨੇ ਕਿਹਾ ਕਿ ਅੱਛਰੂ ਗੋਇਲ ਧਾਰਮਿਕ ਕੰਮਾਂ ਦੇ ਨਾਲ-ਨਾਲ ਸਮਾਜ ਸੇਵਾ ਵਿੱਚ ਵੀ ਸ਼ਲਾਘਾਯੋਗ ਯੋਗਦਾਨ ਪਾ ਰਹੇ ਹਨ। ਉਨ੍ਹਾਂ ਨੇ ਸ੍ਰੀ ਬਾਂਕੇ ਬਿਹਾਰੀ ਜੀ ਅਤੇ ਰਾਧਾ ਰਾਣੀ ਦੇ ਸਦਾ ਅਸ਼ੀਰਵਾਦ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ। ਅੱਛਰੂ ਗੋਇਲ ਨੇ ਇਨਾ ਪਿਆਰ ਅਤੇ ਸਨਮਾਨ ਦੇਣ ਦੇ ਲਈ ਰੋਹਿਤ ਸ਼ਰਮਾ ਜੀ ਦਾ ਧੰਨਵਾਦ ਕੀਤਾ।

ਕੇ ਸੀ ਟੀ ਕਾਲਜ ਫਤਿਹਗੜ੍ਹ ਵਿਖੇ ਕਰਵਾਈ ਗਈ ਫਰੈਸ਼ਰ ਪਾਰਟੀ, ਨਵੇਂ ਵਿਦਿਆਰਥੀਆਂ ਦਾ ਕੀਤਾ ਨਿੱਘਾ ਸਵਾਗਤ

ਲਹਿਰਾਗਾਗਾ 09 ਅਕਤੂਬਰ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) ਫਤਿਹਗੜ੍ਹ: ਕੇ ਸੀ ਟੀ ਕਾਲਜ ਫਤਿਹਗੜ੍ਹ ਵਿਖੇ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਕਾਲਜ ਵਿੱਚ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਨੂੰ ਕਾਲਜ ਦੇ ਮਾਹੌਲ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਵਿੱਚ ਆਪਸੀ ਪਿਆਰ, ਸਾਂਝ ਅਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਨਾ ਸੀ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਗੀਤ-ਸੰਗੀਤ, ਭੰਗੜੇ, ਗਿੱਧੇ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪੂਰਾ ਮਾਹੌਲ ਖੁਸ਼ੀਆਂ ਅਤੇ ਉਤਸ਼ਾਹ ਨਾਲ ਭਰਪੂਰ ਰਿਹਾ ਕਾਲਜ ਦੇ ਚੇਅਰਮੈਨ ਸ੍ਰੀ ਮੰਟੀ ਗਰਗ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਫਰੈਸ਼ਰ ਪਾਰਟੀ ਨਵੇਂ ਵਿਦਿਆਰਥੀਆਂ ਦੇ ਜੀਵਨ ਦਾ ਇੱਕ ਯਾਦਗਾਰੀ ਪਲ ਹੁੰਦੀ ਹੈ। ਉਨ੍ਹਾਂ ਕਿਹਾ ਕਿ ਕਾਲਜ ਦਾ ਉਦੇਸ਼ ਸਿਰਫ਼ ਵਿਦਿਆਰਥੀਆਂ ਨੂੰ ਵਿੱਦਿਅਕ ਗਿਆਨ ਦੇਣਾ ਹੀ ਨਹੀਂ, ਸਗੋਂ ਉਨ੍ਹਾਂ ਦੇ ਸਰਵਪੱਖੀ ਵਿਕਾਸ, ਆਤਮ-ਵਿਸ਼ਵਾਸ ਅਤੇ ਸ਼ਖ਼ਸੀਅਤ ਨੂੰ ਨਿਖਾਰਨਾ ਵੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਅਤੇ ਲਗਨ ਨਾਲ ਆਪਣੀ ਪੜ੍ਹਾਈ ਕਰਨ ਅਤੇ ਜੀਵਨ ਵਿੱਚ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਕਾਲਜ ਦੇ ਪ੍ਰਿੰਸੀਪਲ ਸ੍ਰੀ ਮਨੋਜ ਗੋਇਲ ਜੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਾਲਜ ਵਿੱਚ ਦਾਖ਼ਲਾ ਲੈਣ ਵਾਲਾ ਹਰ ਵਿਦਿਆਰਥੀ ਸੰਸਥਾ ਦੇ ਪਰਿਵਾਰ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਹੋਰ ਰਚਨਾਤਮਕ ਕਾਰਜਾਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਅਜਿਹੇ ਸਮਾਗਮ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਭਾਰਨ ਅਤੇ ਉਨ੍ਹਾਂ ਵਿੱਚ ਆਪਸੀ ਸਾਂਝ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨਵੇਂ ਵਿਦਿਆਰਥੀਆਂ ਨੂੰ ਕਾਲਜ ਵਿੱਚ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀਆਂ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਅੰਤ ਵਿੱਚ ਮਿਸਟਰ ਫਰੈਸ਼ਰ ਮਨਦੀਪ ਸਿੰਘ ਬੀ ਏ ਭਾਗ ਪਹਿਲਾ ਅਤੇ ਮਿਸ ਫਰੈਸ਼ਰ ਪ੍ਰਿਯੰਕਾ ਬੀ ਟੈੱਕ ਦੀ ਵਿਦਿਆਰਥਣ ਬਣੀ। ਸਮਾਗਮ ਖੁਸ਼ਗਵਾਰ ਅਤੇ ਯਾਦਗਾਰੀ ਮਾਹੌਲ ਵਿੱਚ ਸੰਪੰਨ ਹੋਇਆ। ਇਸ ਫਰੈਸ਼ਰ ਪਾਰਟੀ ਨੇ ਨਵੇਂ ਵਿਦਿਆਰਥੀਆਂ ਨੂੰ ਇੱਕ-ਦੂਜੇ ਨਾਲ ਜਾਣ-ਪਛਾਣ ਕਰਨ ਅਤੇ ਕਾਲਜ ਜੀਵਨ ਦੀ ਨਵੀਂ ਸ਼ੁਰੂਆਤ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ।ਇਸ ਮੌਕੇ ਕਾਲਜ ਸਕੱਤਰ ਸ੍ਰੀ ਰਾਮ ਗੋਪਾਲ ਗਰਗ ਜੀ,ਕਾਲਜ ਦੇ ਪ੍ਰਧਾਨ ਜਸਵੰਤ ਸਿੰਘ, ਸਰਪ੍ਰਸਤ ਸਤਵੰਤ ਸਿੰਘ, ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਮੌਜੂਦ ਸਨ।

ਜਨਤਾ ਸੁਰਕਸ਼ਾ ਫਾਊਂਡੇਸ਼ਨ ਨੇ ਬੀਜੇਪੀ ਲੀਡਰ ਜਾਹਿਦ ਪੀਰ ਜੀ ਨੂੰ ਦਿੱਤਾ ਮੈਮੋਰੰਡਮ

ਮਾਲੇਰਕੋਟਲਾ ਰੇਲਵੇ ਸਟੇਸ਼ਨ ਤੇ ਨਾ ਰੁਕਣ ਵਾਲੀਆਂ ਟ੍ਰੇਨਾਂ ਨੂੰ ਰੋਕਣ ਦੀ ਕੀਤੀ ਮੰਗ

ਮਾਲੇਰਕੋਟਲਾ, 9 ਅਕਤੂਬਰ (ਮੁਨਸ਼ੀ ਫ਼ਾਰੂਕ)÷ਜਨਤਾ ਸੁਰਕਸ਼ਾ ਫਾਊਂਡੇਸ਼ਨ÷ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਬੀਜੇਪੀ ਲੀਡਰ ਮੁਹੰਮਦ ਜਾਹਿਦ ਪੀਰ ਜੀ ਨੂੰ ਇੱਕ ਮੈਮੋਰੰਡਮ ਦੇ ਕੇ ਮੰਗ ਕੀਤੀ ਕਿ ਮਲੇਰਕੋਟਲਾ ਰੇਲਵੇ ਸਟੇਸ਼ਨ ਤੇ ਨਾ ਰੁਕਣ ਵਾਲੀਆਂ ਟ੍ਰੇਨਾਂ ਨੂੰ ਇੱਥੇ ਰੋਕਿਆ ਜਾਵੇ ਤਾਂ ਜੋ ਮਲੇਰਕੋਟਲਾ ਦੇ ਵਪਾਰੀ ਵਰਗ ਅਤੇ ਹੋਰ ਦਿੱਲੀ ਸਮੇਤ ਵੱਖ-ਵੱਖ ਸ਼ਹਿਰਾਂ ਨੂੰ ਜਾਣ ਵਾਲੇ ਯਾਤਰੀਆਂ ਨੂੰ ਆਸਾਨੀ ਹੋ ਸਕੇ। ਜਨਤਾ ਸੁਰਕਸ਼ਾ ਫਾਊਂਡੇਸ਼ਨ ਦੇ ਪ੍ਰਧਾਨ ਵਿਜੇ ਕੁਮਾਰ, ਮਹਿਲਾ ਪ੍ਰਧਾਨ ਵੇਜੰਤੀ ਰਾਣੀ, ਵਾਈਸ ਪ੍ਰਧਾਨ ਸ਼ਮੀਮ ਬੁਖਾਰੀ, ਔਰਗਨਾਈਜੇਸ਼ਨ ਸੈਕਟਰੀ ਰਾਮਚੰਦਰ, ਜਨਰਲ ਸੈਕਟਰੀ ਸ੍ਰੀਮਤੀ ਮੀਨਾ, ਕੋਆਰਡੀਨੇਟਰ ਗੀਨੂੰ ਬਾਲਾ, ਡਿਪਟੀ ਜਨਰਲ ਸੈਕਟਰੀ ਜੋਤੀ ਸ਼ਰਮਾ ਅਤੇ ਸੈਕਟਰੀ ਨਜਮਾ ਬੁਖਾਰੀ ਨੇ ਬੀਜੇਪੀ ਆਗੂ ਜਾਹਿਦ ਪੀਰ ਜੀ ਦੇ ਘਰ ਉਹਨਾਂ ਨਾਲ ਮੁਲਾਕਾਤ ਕਰਕੇ ਰੇਲਵੇ ਮੰਤਰੀ ਦੇ ਨਾਮ ਲਿਖਿਆ ਪੱਤਰ ਉਹਨਾਂ ਨੂੰ ਸੌਂਪਿਆ ਅਤੇ ਕਿਹਾ ਕਿ ਉਹ ਉਹਨਾਂ ਦੀ ਆਵਾਜ਼ ਰੇਲਵੇ ਮੰਤਰੀ ਸਮੇਤ ਬੀਜੇਪੀ ਦੇ ਉੱਚ ਲੀਡਰਾਂ ਤੱਕ ਪਹੁੰਚਾਉਣ ਤਾਂ ਜੋ ਮਲੇਰਕੋਟਲਾ ਦੇ ਲੋਕਾਂ ਨੂੰ ਸਹੀ ਸਹੂਲਤਾਂ ਮਿਲ ਸਕਣ। ਇਹਨਾਂ ਆਗੂਆਂ ਨੇ ਕਿਹਾ ਕਿ ਮਾਲੇਰਕੋਟਲਾ ਰੇਲਵੇ ਸਟੇਸ਼ਨ ਤੇ ਬਹੁਤ ਘੱਟ ਟਰੇਨਾਂ ਰੁਕਦੀਆਂ ਹਨ ਜਦੋਂ ਕਿ ਲੁਧਿਆਣੇ ਤੋਂ ਹੋ ਕੇ ਦਿੱਲੀ ਅਤੇ ਹੋਰ ਇਲਾਕਿਆਂ ਨੂੰ ਜੋ ਟ੍ਰੇਨਾਂ ਜਾਂਦੀਆਂ ਨੇ ਉਹ ਇਥੇ ਨਹੀਂ ਰੁਕਦੀਆਂ ਜਿਸ ਵਿੱਚ ÷ਵਦੇ ਭਾਰਤ÷ ਸਮੇਤ ਹੋਰ ਬਹੁਤ ਸਾਰੀਆਂ ਟ੍ਰੇਨਾਂ ਸ਼ਾਮਿਲ ਹਨ। ਉਹਨਾਂ ਨੇ ਕਿਹਾ ਕਿ ਮਲੇਰਕੋਟਲਾ ਸ਼ਹਿਰ ਇੱਕ ਇਤਿਹਾਸਿਕ ਸ਼ਹਿਰ ਹੋਣ ਦੇ ਨਾਲ ਨਾਲ ਇੱਕ ਇੰਡਸਟਰੀਅਲ ਸ਼ਹਿਰ ਹੈ ਇਥੋਂ ਮਾਲ ਦੀ ਟਰਾਂਸਪੋਰਟ ਅਤੇ ਸਵਾਰੀਆਂ ਦੀ ਜਿਹੜੀ ਗਿਣਤੀ ਹੈ ਉਹ ਦਿੱਲੀ ਜਾਣ ਵਾਲੀ ਬਹੁਤ ਹੈ ਟਰੇਨਾਂ ਨਾ ਰੁਕਣ ਕਾਰਨ ਬਦਲਵੇ ਪ੍ਰਬੰਧ ਕਰਕੇ ਲੋਕਾਂ ਨੂੰ ਜਾਣਾ ਪੈਂਦਾ ਹੈ ਇਸ ਕਰਕੇ ਇਥੇ ਟਰੇਨਾਂ ਰੁਕਣੀਆਂ ਬੇਹਦ ਜਰੂਰੀ ਹਨ। ਉਧਰ ਜਾਹੀਦ ਪੀਰ ਜੀ ਨੇ ÷ਜਨਤਾ ਸੁਰਕਸ਼ਾ ਫਾਊਂਡੇਸ਼ਨ÷ ਨੂੰ ਯਕੀਨ ਦਲਾਇਆ ਕਿ ਉਹਨਾਂ ਦਾ ਪੱਤਰ ਰੇਲਵੇ ਮੰਤਰੀ ਸਮੇਤ ਬੀਜੇਪੀ ਦੇ ਉੱਚ ਅਧਿਕਾਰੀਆਂ ਤੱਕ ਪਹੁੰਚਦਾ ਕਰਕੇ ਇਥੇ ਰੇਲਵੇ ਟ੍ਰੇਨਾਂ ਦੇ ਰੁਕਨ ਨੂੰ ਯਕੀਨੀ ਬਣਾਉਣ ਦੀ ਪੂਰੀ ਕੋਸ਼ਿਸ਼ ਕਰਨਗੇ।

ਹਰ ਇਕ ਨਾਗਰਿਕ ਤੱਕ ਪਹੁੰਚਾਈ ਜਾਵੇ ਬੈਂਕਿੰਗ ਸੁਵਿਧਾ, ਸਹਾਇਕ ਕਮਿਸ਼ਨਰ

- ਬੈਂਕਾਂ ਨੂੰ ਗਰੀਬ ਵਰਗ ਪ੍ਰਤੀ ਵਧੇਰੇ ਸੰਵੇਦਨਸ਼ੀਲ ਹੋਣ ਦੀ ਲੋੜ
- ਬੈਂਕਾਂ ਦੀ ਜ਼ਿਲ੍ਹਾ ਪੱਧਰੀ ਬੈਠਕ ਕੀਤੀ ਗਈ

ਬਠਿੰਡਾ, 9 ਅਕਤੂਬਰ :(ਰਾਣਾ ਸ਼ਰਮਾ) ਬੈਂਕਾਂ ਨੂੰ ਗਰੀਬ ਵਰਗ ਪ੍ਰਤੀ ਵਧੇਰੇ ਸੰਵੇਦਨਸ਼ੀਲ ਹੋਣ ਦੀ ਲੋੜ ਹੈ, ਤਾਂ ਜੋ ਸਰਕਾਰ ਵੱਲੋਂ ਦਿੱਤੇ ਜਾਂਦੇ ਛੋਟੇ ਕਰਜ਼ਿਆਂ ਦਾ ਲਾਹਾ ਸਮਾਜ ਦੇ ਇਸ ਵਰਗ ਤੱਕ ਆਸਾਨੀ ਨਾਲ ਪਹੁੰਚ ਜਾਵੇ। ਗੁਰਜਿੰਦਰ ਪਾਲ ਸਿੰਘ, ਸਹਾਇਕ ਕਮਿਸ਼ਨਰ ਨੇ ਇਸ ਗੱਲ ਦਾ ਪ੍ਰਗਟਾਵਾ ਅੱਜ ਜ਼ਿਲ੍ਹਾ ਬਠਿੰਡਾ ਦੇ ਸਮੂਹ ਬੈਂਕਾਂ ਦੇ ਅਧਿਕਾਰੀਆਂ ਦੀ ਬੁਲਾਈ ਬੈਠਕ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਬੈਂਕ @ਚ ਖਾਤਾ ਖੁੱਲ੍ਹਵਾਉਣ ਦੀ ਅਹਿਮੀਅਤ, ਸਰਕਾਰੀ ਸਕੀਮਾਂ ਦਾ ਲਾਹਾ, ਆਸਾਨ ਕਿਸ਼ਤਾਂ @ਤੇ ਕਰਜ਼ਾ ਆਦਿ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ ਤਾਂ ਜੋ ਲੋਕ ਇਸ ਦਾ ਲਾਹਾ ਲੈਣ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਵਿੱਤੀ ਸਾਖਰਤਾ ਕੈਂਪ ਵੱਧ ਤੋਂ ਵੱਧ ਲਗਾਏ ਜਾਣ। ਜਿਸ ਲਈ ਪਿੰਡਾਂ ਚ ਪੰਚਾਇਤਾਂ ਨਾਲ ਸੰਪਰਕ ਕੀਤਾ ਜਾਵੇ। ਬੈਂਕਿੰਗ ਕਾਰਸਪੌਂਡੈਂਟ ਰਾਹੀਂ ਲੋਕਾਂ ਨੂੰ ਬੈਂਕ ਦੀ ਮਹੱਤਤਾ ਬਾਰੇ ਦੱਸਿਆ ਜਾਵੇ ਤਾਂ ਜੋ ਪੈਨਸ਼ਨ ਪ੍ਰਾਪਤ ਕਰਨ, ਸਰਕਾਰ ਵੱਲੋਂ ਦਿੱਤੀ ਜਾਣ ਵਾਲੀਆਂ ਸਬਸਿਡੀਆਂ, ਪੜ੍ਹਾਈ ਲਈ ਵਜੀਫੇ ਆਦਿ ਪ੍ਰਾਪਤ ਕਰ ਸਕਣ। ਨਾਲ ਹੀ ਉਨ੍ਹਾਂ ਨਿਰਦੇਸ਼ ਦਿੱਤੇ ਕਿ ਅਟੱਲ ਪੈਨਸ਼ਨ ਯੋਜਨਾ, ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ ਚ ਲੋਕਾਂ ਦੀ ਸ਼ਮੂਲੀਅਤ ਵਧਾਉਣ @ਤੇ ਜ਼ੋਰ ਦੇਣ ਲਈ ਕਿਹਾ। ਇਸ ਮੌਕੇ ਲੀਡ ਬੈਂਕ ਮੈਨੇਜਰ ਕੁਲਭੂਸ਼ਨ ਬਾਂਸਲ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਸੁਖਵਿੰਦਰ ਸਿੰਘ ਚੱਠਾ ਅਤੇ ਵੱਖ-ਵੱਖ ਬੈਂਕਾਂ ਦੇ ਅਧਿਕਾਰੀ ਅਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

ਸਮਾਲ ਸਕੇਲ ਮੈਨੂੰ: ਐਸੋ: ਵੱਲੋਂ ਠੁਕਰਾਲ ਦੀ ਅਗਵਾਈ ਹੇਠ ਇੰਡਸਟਰੀ ਮੰਤਰੀ ਅਮਨ ਅਰੋੜਾ ਦਾ ਫੂਕਿਆ ਗਿਆ ਪੁਤਲਾ

ਕਿਹਾ ! ਮਿਕਸ ਲੈਂਡ ਯੂਜ ਦੀ ਮਿਆਦ ਵਿਚ ਇੱਕ ਸਾਲ ਦਾ ਵਾਅਦਾ ਮੰਜੂਰ ਨਹੀ

ਲੁਧਿਆਣਾ, 9 ਅਕਤੂਬਰ (ਸੂਰਜ) ਸਮਾਲ ਸਕੇਲ ਮੈਨੂੰਫੈਕਚਰ ਐਸੋ: (ਰਜਿ:) ਵੱਲੋਂ ਮਿਕਸ ਲੈਂਡ ਯੂਜ ਇਲਾਕਿਆ ਨੂੰ ਸਨਅਤੀ ਇਲਾਕੇ ਘੋਸ਼ਿਤ ਕਰਵਾਉਣ ਲਈ ਬੀਤੇ ਕੱਲ ਇੱਕ ਵਿਸ਼ਾਲ ਧਰਨਾ ਜਿਲਾ ਓਦਯੋਗ ਕੇਂਦਰ ਦੇ ਦਫ਼ਤਰ ਸਾਹਮਣੇ ਲਗਾਇਆ ਗਿਆ ਸੀ, ਜਿਸ ਤੋ

ਸੀਐਮ ਨਾਇਬ ਸਿੰਘ ਸੈਣੀ ਨੇ ਕੀਤੀ ਮੁੱਖ ਮੰਤਰੀ ਅੰਤੋਦਿਆ ਪਰਿਵਾਰ ਉੱਥਾਨ ਯੋਜਨਾ ਦੀ ਸਮੀਖਿਆ

ਚੰਡੀਗੜ੍ਹ, 9 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ): ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿੱਚ 1.80 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਅੰਤੋਦਿਆ ਪਰਿਵਾਰਾਂ ਲਈ ਰੁਜ਼ਗਾਰ ਦੇ ਨਵੇਂ ਸਾਧਨ ਖੜ੍ਹੇ ਕੀਤੇ ਜਾਣਗੇ। ਅੰਤੋਦਿਆ ਪਰਿਵਾਰਾਂ ਨੂੰ ਪਸ਼ੂ ਪਾਲਣ ਲਈ ਸਸਤੇ ਕਰਜ਼ੇ ਦੇ ਨਾਲ-ਨਾਲ ਦੁੱਧ 'ਤੇ ਪ੍ਰਤੀ ਲੀਟਰ 10 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਵੀ ਦਿੱਤੀ ਜਾਵੇਗੀ, ਜਿਸ ਦੀ ਵਰਤੋਂ ਉਨ੍ਹਾਂ ਦੇ ਕਰਜ਼ੇ ਦੀ ਅਦਾਇਗੀ ਵਿੱਚ ਕੀਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਅੰਤੋਦਿਆ ਪਰਿਵਾਰਾਂ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ-ਨਾਲ ਨਵੀਆਂ ਯੋਜਨਾਵਾਂ ਸ਼ੁਰੂ ਕਰਨ ਲਈ ਵੀ ਵਿਆਪਕ ਦਿਸ਼ਾ-ਨਿਰਦੇਸ਼ ਦਿੱਤੇ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਸ਼ੁੱਕਰਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਮੁੱਖ ਮੰਤਰੀ ਅੰਤੋਦਿਆ ਪਰਿਵਾਰ ਉੱਥਾਨ ਯੋਜਨਾ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਉਨ੍ਹਾਂ ਅੰਤੋਦਿਆ ਪਰਿਵਾਰਾਂ ਦੀ ਆਰਥਿਕ ਸਥਿਤੀ ਵਿੱਚ ਸੁਧਾਰ ਅਤੇ ਉਨ੍ਹਾਂ ਲਈ ਰੁਜ਼ਗਾਰ ਦੇ ਨਵੇਂ ਸਾਧਨ ਤਿਆਰ ਕਰਨ ਲਈ ਵਿਭਾਗਾਂ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਦੇ ਪ੍ਰਭਾਵ ਦੀ ਸਮੀਖਿਆ ਕੀਤੀ ਅਤੇ ਉਨ੍ਹਾਂ ਨੂੰ ਕਰਜ਼ਾ ਉਪਲਬਧ ਕਰਵਾਉਣ ਲਈ ਬੈਂਕ ਅਧਿਕਾਰੀਆਂ ਨੂੰ ਜ਼ਰੂਰੀ ਹਿਦਾਇਤਾਂ ਦਿੱਤੀਆਂ। ਮੁੱਖ ਮੰਤਰੀ ਨੇ ਕਿਹਾ ਕਿ ਅੰਤੋਦਿਆ ਪਰਿਵਾਰਾਂ ਲਈ ਰੁਜ਼ਗਾਰ ਦੇ ਸਾਧਨ ਤਿਆਰ ਕਰਨ ਲਈ ਸਾਰੇ ਵਿਭਾਗਾਂ ਦੀਆਂ ਯੋਜਨਾਵਾਂ ਅਤੇ ਬੈਂਕਾਂ ਦੀਆਂ ਕਰਜ਼ਾ ਸਹੂਲਤਾਂ ਦਾ ਤਾਲਮੇਲ ਕੀਤਾ ਜਾਣਾ ਬਹੁਤ ਜ਼ਰੂਰੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਅਧਿਕਾਰੀ ਅੰਤੋਦਿਆ ਪਰਿਵਾਰਾਂ ਦੀ ਆਮਦਨ ਵਧਾਉਣ ਲਈ ਨਵੀਆਂ ਯੋਜਨਾਵਾਂ ਤਿਆਰ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਅਜੇ ਸੂਬੇ ਵਿੱਚ 1450 ਹਰ ਹਿੱਤ ਸਟੋਰ ਚੱਲ ਰਹੇ ਹਨ। ਉਨ੍ਹਾਂ ਅਧਿਕਾਰੀਆਂ ਨੂੰ 1 ਨਵੰਬਰ ਤੱਕ 200 ਨਵੇਂ ਹਰ ਹਿੱਤ ਸਟੋਰ ਅਤੇ 300 ਨਵੇਂ ਵੀਟਾ ਬੂਥ, ਮਿਲਕ ਬਾਰ ਅਤੇ ਸਾਂਝਾ ਬਾਜ਼ਾਰ ਖੋਲ੍ਹਣ ਦੇ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੰਤੋਦਿਆ ਮੇਲਿਆਂ ਨੂੰ ਵਿਭਾਗੀ ਯੋਜਨਾਵਾਂ ਨਾਲ ਜੋੜਿਆ ਜਾਵੇ ਤਾਂ ਜੋ ਵੱਧ ਤੋਂ ਵੱਧ ਲੋੜਵੰਦ ਪਰਿਵਾਰਾਂ ਨੂੰ ਰੁਜ਼ਗਾਰ ਦੇ ਸਾਧਨ ਉਪਲਬਧ ਹੋ ਸਕਣ। ਮੀਟਿੰਗ ਵਿੱਚ ਵਿੱਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਸੁਧੀਰ ਰਾਜਪਾਲ, 'ਸੇਵਾ' ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਜੀ. ਅਨੁਪਮਾ, ਖੇਤੀਬਾੜੀ ਤੇ ਪੰਚਾਇਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ਼੍ਰੀ ਵਿਜੇਂਦਰ ਕੁਮਾਰ, ਪ੍ਰਧਾਨ ਸਕੱਤਰ ਸ਼੍ਰੀ ਰਾਜੀਵ ਰੰਜਨ, ਸ਼੍ਰੀ ਵਿਜੇ ਸਿੰਘ ਦਹੀਆ, ਸ਼੍ਰੀ ਅਸ਼ੋਕ ਕੁਮਾਰ ਮੀਣਾ ਅਤੇ ਮੁੱਖ ਮੰਤਰੀ ਦੇ ਉਪ-ਪ੍ਰਧਾਨ ਸਕੱਤਰ ਡਾ. ਯਸ਼ਪਾਲ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਜ਼ਾਰ ਸਨ।

ਦਿਸ਼ਟੀ ਸ਼ਰਮਾ ਨੇ ਤਾਇਕਵਾਂਡੋ ਵਿੱਚ ਚਾਂਦੀ ਦਾ ਤਗਮਾ ਜਿੱਤ ਕੇ ਨਾਮ ਰੌਸ਼ਨ ਕੀਤਾ

ਨਿਊ - ਚੰਡੀਗੜ੍ਹ', 9 ਅਕਤੂਬਰ (ਜੇ.ਕੇ ਬੱਤਾ): ਤਾਇਕਵਾਂਡੋ ਦੀ ਚਿੱਗਜ ਦਿਸ਼ਟੀ ਸ਼ਰਮਾ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, ਰਾਈਜ਼ਿੰਗ ਫੀਨਿਕਸ ਓਪਨ ਤਾਇਕਵਾਂਡੋ ਚੈਂਪੀਅਨਸ਼ਿਪ 2026 ਵਿੱਚ ਅੰਡਰ-17 (47-49 ਕਿਲੋਗ੍ਰਾਮ) ਭਾਰ ਵਰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਇਹ ਮੁਕਾਬਲਾ ਐਤਵਾਰ, 4 ਅਕਤੂਬਰ ਨੂੰ ਸਪੋਰਟਸ ਕੰਪਲੈਕਸ ਵਿਖੇ ਆਯੋਜਿਤ ਕੀਤਾ ਗਿਆ ਸੀ। ਏਪੀਜੇ ਸਮਾਰਟ ਸਕੂਲ ਵਿੱਚ 12ਵੀਂ ਜਮਾਤ ਦੀ ਵਿਦਿਆਰਥਣ ਦਿਸ਼ਟੀ ਸ਼ਰਮਾ ਖਰੜ ਦੀ ਖੁਖਰੀ ਅਕੈਡਮੀ ਵਿੱਚ ਸਿਖਲਾਈ ਲੈਂਦੀ ਹੈ। ਉਸਦੇ ਕੋਚ ਵਿਨੋਦ ਲੋਪਚਨ ਹਨ। ਦਿਸ਼ਟੀ ਦੀ ਪ੍ਰਾਪਤੀ ਨੇ ਸਕੂਲ, ਅਕੈਡਮੀ ਅਤੇ ਪਰਿਵਾਰ ਵਿੱਚ ਖੁਸ਼ੀ ਲਿਆਂਦੀ ਹੈ। ਦਿਸ਼ਟੀ ਸ਼ਰਮਾ ਨੇ ਤਾਇਕਵਾਂਡੋ ਚੈਂਪੀਅਨਸ਼ਿਪ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਚਾਂਦੀ ਦਾ ਤਗਮਾ ਜਿੱਤਿਆ, ਜਿਸ ਨਾਲ ਖਰੜ ਹਲਕੇ (ਪੰਜਾਬ) ਦਾ ਮਾਣ ਵਧਿਆ।

ਮੇਜਰ ਅੰਜੂ ਬਾਲਾ ਸਿੰਘ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਦਿਤਾ ਮੰਗ ਪੱਤਰ



ਮੋਰਿੰਡਾ, 9 ਅਕਤੂਬਰ (ਬਲਵੀਰ ਸਿੰਘ ਚਲਾਕੀ): ਭਾਰਤੀ ਜਨਤਾ ਪਾਰਟੀ, ਹਲਕਾ ਸ੍ਰੀ ਚਮਕੌਰ ਸਾਹਿਬ ਦੀ ਸੀਨੀਅਰ ਆਗੂ ਮੇਜਰ ਅੰਜੂ ਬਾਲਾ ਸਿੰਘ ਨੇ ਸਊਦੀ ਅਰਬ ਦੀ ਜੇਲ੍ਹ ਵਿੱਚ ਬੰਦ ਦੋ ਪੰਜਾਬੀ ਨੌਜਵਾਨਾਂ ਦੇ ਮਾਮਲੇ ਨੂੰ ਲੈ ਕੇ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਜੀ ਨਾਲ ਮੁਲਾਕਾਤ ਕੀਤੀ ਅਤੇ ਮੰਗ ਪੱਤਰ ਦਿੱਤਾ। ਇਸ ਮੌਕੇ ਦੋਵਾਂ ਨੌਜਵਾਨਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ। ਇਨ੍ਹਾਂ ਵਿੱਚੋਂ ਪਹਿਲਾ ਨੌਜਵਾਨ ਗੁਰਦੀਪ ਸਿੰਘ, ਜ਼ਿਲ੍ਹਾ ਰੂਪਨਗਰ ਦੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਪਿੰਡ ਬਰਸਾਲਪੁਰ ਦਾ ਵਸਨੀਕ ਹੈ। ਮੁਲਾਕਾਤ ਦੌਰਾਨ ਉਸ ਦੇ ਪਿਤਾ ਸ੍ਰੀ ਜਰਨੈਲ ਸਿੰਘ ਅਤੇ ਮਾਤਾ ਸ੍ਰੀਮਤੀ ਬਲਜੀਤ ਕੌਰ ਹਾਜ਼ਰ ਸਨ। ਮੇਜਰ ਅੰਜੂ ਬਾਲਾ ਸਿੰਘ ਨੇ ਰਾਜਪਾਲ ਸਾਹਿਬ ਨੂੰ ਮਾਮਲੇ ਦੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੋਵੇਂ ਨੌਜਵਾਨ ਇਸ ਸਮੇਂ ਸਊਦੀ ਅਰਬ ਦੀ ਜੇਲ੍ਹ ਵਿੱਚ ਬੰਦ ਹਨ ਅਤੇ ਉਨ੍ਹਾਂ ਨੂੰ ਲਗਭਗ 20 ਦਿਨਾਂ ਬਾਅਦ ਸਿਰ ਕਲਮ ਕਰਨ ਦੀ ਸਜ਼ਾ ਦਿੱਤੇ ਜਾਣ ਦਾ ਖ਼ਦਸ਼ਾ ਹੈ। ਇਸ ਗੰਭੀਰ ਸਥਿਤੀ ਕਾਰਨ ਦੋਵਾਂ ਪਰਿਵਾਰਾਂ ਵਿੱਚ ਡੂੰਘੀ ਚਿੰਤਾ ਅਤੇ ਬੇਚੈਨੀ ਪਾਈ ਜਾ ਰਹੀ ਹੈ। ਉਨ੍ਹਾਂ ਨੇ ਰਾਜਪਾਲ ਸਾਹਿਬ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨੂੰ ਤੁਰੰਤ ਕੇਂਦਰ ਸਰਕਾਰ ਦੇ ਵਿਦੇਸ਼ ਮੰਤਰਾਲੇ ਅਤੇ ਸਊਦੀ ਅਰਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਕੋਲ ਉਠਾਇਆ ਜਾਵੇ, ਤਾਂ ਜੋ ਮਾਮਲੇ ਦੇ ਸਾਰੇ ਤੱਥਾਂ ਦੀ ਪੁਸ਼ਟੀ ਕਰਕੇ ਨੌਜਵਾਨਾਂ ਨੂੰ ਕਾਨੂੰਨੀ ਅਤੇ ਮਨੁੱਖੀ ਆਧਾਰ 'ਤੇ ਹਰ ਸੰਭਵ ਰਾਹਤ ਦਿਵਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਸਕਣ। ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ ਭਰੋਸਾ ਦਿਵਾਇਆ ਕਿ ਉਹ ਇਸ ਸਬੰਧੀ ਵਿਦੇਸ਼ ਮੰਤਰਾਲੇ ਨਾਲ ਸੰਪਰਕ ਕਰਨਗੇ। ਉਨ੍ਹਾਂ ਨੇ ਮੌਜੂਦਾ ਰਾਜ ਸਭਾ ਮੈਂਬਰ ਸ੍ਰੀ ਸਤਨਾਮ ਸਿੰਘ ਸੰਧੂ ਜੀ ਅਤੇ ਸ੍ਰੀ ਵਿਕਰਮਜੀਤ ਸਿੰਘ ਸਾਹਨੀ ਜੀ ਨਾਲ ਵੀ ਤਾਲਮੇਲ ਕਰਕੇ ਮਾਮਲੇ ਦੀ ਪੂਰੀ ਜਾਣਕਾਰੀ ਹਾਸਲ ਕਰਨ ਅਤੇ ਵਿਦੇਸ਼ ਮੰਤਰਾਲੇ ਦੇ ਸਹਿਯੋਗ ਨਾਲ ਅਗਲੀ ਲੋੜੀਂਦੀ ਕਾਰਵਾਈ ਨੂੰ ਅੱਗੇ ਵਧਾਉਣ ਲਈ ਯਤਨ ਕਰਨ ਦਾ ਭਰੋਸਾ ਦਿੱਤਾ।

ਡਾ. ਹਰਬੰਸ ਲਾਲ ਵੱਲੋਂ ਮੋਦੀ ਦੇ 25 ਸਾਲਾਂ ਦੇ ਸਿਆਸੀ ਸਫ਼ਰ ਦੀ ਸ਼ਲਾਘਾ, 'ਵਿਕਸਿਤ ਭਾਰਤ' ਲਈ ਲੋਕਾਂ ਨੂੰ ਇਕਜੁੱਟ ਹੋਣ ਦਾ ਸੱਦਾ

ਫ਼ਤਹਿਗੜ੍ਹ ਸਾਹਿਬ, 9 ਅਕਤੂਬਰ (ਅਭਿਸ਼ੇਕ ਮਲਹੋਤਰਾ): ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਡਾ. ਹਰਬੰਸ ਲਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 25 ਸਾਲਾਂ ਦੇ ਸਿਆਸੀ ਸਫ਼ਰ ਨੂੰ ਸ਼ਾਨਦਾਰ ਕਰਾਰ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਦੇਸ਼ ਨੂੰ ਵਿਕਸਿਤ ਭਾਰਤ ਬਣਾਉਣ ਦਾ ਸੰਕਲਪ ਪੂਰਾ ਕਰਨ ਲਈ ਹਰ ਨਾਗਰਿਕ ਦੀ ਸਰਗਰਮ ਭੂਮਿਕਾ ਜ਼ਰੂਰੀ ਹੈ। ਉਹ ਪਿੰਡ ਕੋਟਲਾ ਬਜਵਾੜਾ ਦੇ ਗੁਰੂ ਨਾਨਕ ਨਗਰ ਸਥਿਤ ਸਾਂਝੀ ਧਰਮਸ਼ਾਲਾ ਵਿੱਚ ਉੱਘੀਆਂ ਸ਼ਖ਼ਸੀਅਤਾਂ ਨਾਲ ਗੱਲਬਾਤ ਕਰ ਰਹੇ ਸਨ। ਡਾ. ਹਰਬੰਸ ਲਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦੀ ਸੇਵਾ ਅਤੇ ਜਨਕਲਿਆਣ ਨੂੰ ਆਪਣੀ ਸਿਆਸੀ ਯਾਤਰਾ ਦਾ ਕੇਂਦਰ ਬਣਾਇਆ ਹੈ। ਉਨ੍ਹਾਂ ਕਿਹਾ ਕਿ 'ਵਿਕਸਿਤ ਭਾਰਤ ਸੰਕਲਪ ਯਾਤਰਾ' ਅਤੇ 'ਸੇਵਾ ਜਯੋਤੀ ਯਾਤਰਾ' ਵਰਗੀਆਂ ਪਹਿਲਕਦਮੀਆਂ ਦਾ ਉਦੇਸ਼ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਭਲਾਈ ਸਕੀਮਾਂ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਦਾ ਲਾਭ ਸਮਾਜ ਦੇ ਆਖ਼ਰੀ ਵਿਅਕਤੀ ਤੱਕ ਪਹੁੰਚਾਉਣਾ ਹੈ। ਡਾ. ਹਰਬੰਸ ਲਾਲ ਨੇ ਕਿਹਾ ਕਿ ਸਾਲ 2047 ਤੱਕ ਭਾਰਤ ਨੂੰ ਵਿਕਸਿਤ ਦੇਸ਼ ਬਣਾਉਣ ਦੇ ਟੀਚੇ ਦੀ ਪ੍ਰਾਪਤੀ ਲਈ ਸਾਰਿਆਂ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਪ੍ਰਧਾਨ ਮੰਤਰੀ ਦੇ ਸੰਕਲਪ ਦਾ ਹਵਾਲਾ ਦਿੰਦਿਆਂ ਕਿਹਾ ਕਿ ਦੇਸ਼ ਦੀ ਤਰੱਕੀ ਲਈ ਨਿਰੰਤਰ ਮਿਹਨਤ ਅਤੇ ਦ੍ਰਿੜ੍ਹ ਇਰਾਦਾ ਬੇਹੱਦ ਮਹੱਤਵਪੂਰਨ ਹਨ। ਇਸ ਮੌਕੇ ਦਰਸ਼ਨ ਸਿੰਘ ਕੋਟਲਾ ਬਜਵਾੜਾ, ਮਨਮੋਹਨ ਸਿੰਘ ਸਿੱਬਲ, ਡਾ. ਸੋਮ ਨਾਥ ਡੰਘੋੜੀਆਂ, ਸ਼ਸ਼ੀ ਭੂਸ਼ਨ ਉਪਲ, ਜਗਦੀਸ਼ ਵਰਮਾ, ਨਰਿੰਦਰ ਗੌਤਮ, ਬਲਦੇਵ ਸਿੰਘ ਚੌਰਵਾਲਾ, ਜਗਵੀਰ ਸਿੰਘ ਤਰਖੇੜੀ, ਸੰਦੀਪ ਸਿੰਘ ਲਵਲੀ ਸਮੇਤ ਕਈ ਭਾਜਪਾ ਆਗੂ, ਸਮਾਜ ਸੇਵੀ ਅਤੇ ਪਤਵੰਤੇ ਹਾਜ਼ਰ ਸਨ।

ਪਿੰਡ ਝਿੰਗੜਾਂ ਕਲਾਂ ਦੇ ਸਰਪੰਚ ਸਮੇਤ ਦਰਜਨਾਂ ਵਿਅਕਤੀ ਕਾਂਗਰਸ 'ਚ ਸ਼ਾਮਿਲ

ਕੁਰਾਲੀ, 9 ਅਕਤੂਬਰ (ਪ੍ਰਭਦੀਪ ਸਿੰਘ ਸੋਢੀ): ਇੱਥੋਂ ਨੇੜਲੇ ਪਿੰਡ ਝਿੰਗੜਾਂ ਕਲਾਂ ਵਿਖੇ ਸੀਨੀਅਰ ਕਾਂਗਰਸੀ ਆਗੂ ਗੁਰਪ੍ਰਤਾਪ ਸਿੰਘ ਪਡਿਆਲਾ ਜਨਰਲ ਸਕੱਤਰ ਪੰਜਾਬ ਕਿਸਾਨ ਕਾਂਗਰਸ ਵੱਲੋਂ ਇੱਕ ਵੱਡੀ ਮੀਟਿੰਗ ਦੌਰਾਨ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਦੀਆਂ ਨੀਤੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਗੁਰਪ੍ਰਤਾਪ ਸਿੰਘ ਪਡਿਆਲਾ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਕਿ ਆਪ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਜਾ ਰਿਹਾ ਹੈ। ਇਸ ਮੀਟਿੰਗ ਦੌਰਾਨ ਗੁਰਪ੍ਰਤਾਪ ਸਿੰਘ ਪਡਿਆਲਾ ਦੀ ਅਗਵਾਈ ਹੇਠ ਹਰੀ ਸਿੰਘ ਸਾਬਕਾ ਸਰਪੰਚ, ਕਰਮਜੀਤ ਸਿੰਘ ਪੰਚ, ਸੰਦੀਪ ਸਿੰਘ ਪੰਚ, ਮਨਜੀਤ ਕੌਰ ਪੰਚ, ਜਤਿੰਦਰ ਸਿੰਘ ਪੰਚ, ਜੋਗਾ ਸਿੰਘ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ ਤੇ ਗੁਰਦੀਪ ਸਿੰਘ ਮਾਂਗਟ ਝਿੰਗੜਾਂ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਪਾਰਟੀ ਆਗੂਆਂ ਵੱਲੋਂ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਜੀਤ ਸਿੰਘ ਲਖਨੌਰ, ਜੋਲੀ ਪਡਿਆਲਾ, ਰਵਿੰਦਰ ਸਿੰਘ ਸਾਬਕਾ ਸਰਪੰਚ ਬੱਤਾ, ਕੁਲਵਿੰਦਰ ਸਿੰਘ ਨਗਲੀਆਂ ਸਮੇਤ ਪਿੰਡ ਵਾਸੀ ਹਾਜ਼ਰ ਸਨ।

ਆਈਐਮਸੀ-2026 ਵਿੱਚ 6ਜੀ, ਸੈਟੇਲਾਈਟ ਸੰਪਰਕ ਅਤੇ ਏਆਈ ਆਧਾਰਿਤ ਨੈੱਟਵਰਕਾਂ ਬਾਰੇ ਵਿਸ਼ਵ ਪੱਧਰੀ ਵਿਚਾਰ-ਵਟਾਂਦਰਾ



ਚੰਡੀਗੜ੍ਹ, 9 ਅਕਤੂਬਰ : ਇੰਡੀਆ ਮੋਬਾਈਲ ਕਾਂਗਰਸ (ਆਈਐਮਸੀ) ਦੇ 10ਵੇਂ ਐਡੀਸ਼ਨ ਦੀ ਇਤਿਹਾਸਕ ਸ਼ੁਰੂਆਤ ਤੋਂ ਬਾਅਦ ਦੁਨੀਆ ਭਰ ਦੇ ਉਦਯੋਗ ਜਗਤ ਦੇ ਦਿੱਗਜਾਂ, ਨੀਤੀ ਘਾੜਿਆਂ, ਦੂਰਸੰਚਾਰ ਆਪਰੇਟਰਾਂ ਅਤੇ ਅਕਾਦਮਿਕ ਖੇਤਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਇਕੱਠੇ ਹੋ ਕੇ 'ਬਿਨਾਂ ਸਰਹੱਦਾਂ ਦੇ ਵਿਸਥਾਰ' ਦੇ ਸੰਕਲਪ ਨੂੰ ਅੱਗੇ ਵਧਾਉਣ ਲਈ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ 6ਜੀ ਟੈਸਟਬੈੱਡ, ਸਿੱਧੇ ਮੋਬਾਈਲ ਉਪਕਰਨਾਂ ਨਾਲ ਸੈਟੇਲਾਈਟ ਸੰਪਰਕ ਅਤੇ ਏਆਈ-ਆਧਾਰਿਤ ਡਿਜੀਟਲ ਬੁਨਿਆਦੀ ਢਾਂਚੇ ਰਾਹੀਂ ਆਮਦਨ ਦੇ ਨਵੇਂ ਮੌਕੇ ਪੈਦਾ ਕਰਨ ਵਰਗੇ ਅਹਿਮ ਵਿਸ਼ਿਆਂ 'ਤੇ ਡੂੰਘੀ ਰਣਨੀਤਕ ਚਰਚਾ ਹੋਈ। ਇਸ ਕਾਰਨ ਇਹ ਦਿਨ ਕਾਂਗਰਸ ਦੇ ਸਭ ਤੋਂ ਮਹੱਤਵਪੂਰਨ ਸਮਾਗਮਾਂ ਵਿੱਚੋਂ ਇਕ ਸਾਬਤ ਹੋਇਆ। ਇੰਡੀਆ ਮੋਬਾਈਲ ਕਾਂਗਰਸ (ਆਈਐਮਸੀ)-2026 ਦੇ 10ਵੇਂ ਐਡੀਸ਼ਨ ਦਾ ਉਦਘਾਟਨ ਪ੍ਰਧਾਨ ਮੰਤਰੀ ਸ੍ਰੀ ਨਰਿਦਰ ਮੋਦੀ ਨੇ ਕੀਤਾ। ਉਨ੍ਹਾਂ ਨੇ ਤਕਨਾਲੋਜੀ, ਖੋਜ, ਉਦਯੋਗ, ਨਿਵੇਸ਼ ਅਤੇ ਵਿਚਾਰਾਂ ਨੂੰ ਇਕ ਮੰਚ 'ਤੇ ਲਿਆਉਣ ਦੇ ਨਾਲ-ਨਾਲ ਮਨੁੱਖਤਾ ਦੀ ਸੇਵਾ ਦੇ ਉਦੇਸ਼ ਨੂੰ ਅੱਗੇ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਆਈਐਮਸੀ ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਤਕਨਾਲੋਜੀ ਦਾ ਪਸਾਰ ਭਰੋਸੇ ਦੇ ਆਧਾਰ 'ਤੇ ਹੀ ਸੰਭਵ ਹੈ। ਪ੍ਰਧਾਨ ਮੰਤਰੀ ਨੇ ਤਕਨਾਲੋਜੀ ਦੀ ਵਰਤੋਂ ਕਰਨ ਵਾਲੇ ਦੇਸ਼ ਤੋਂ ਵਿਸ਼ਵ ਪੱਧਰ 'ਤੇ ਤਕਨਾਲੋਜੀ ਦਾ ਨਿਰਮਾਤਾ ਬਣਨ ਵੱਲ ਭਾਰਤ ਦੇ ਤੇਜ਼ੀ ਨਾਲ ਹੋਏ ਵਿਕਾਸ ਨੂੰ ਵੀ ਉਜਾਗਰ ਕੀਤਾ। ਆਈਐਮਸੀ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀਈਓ) ਰਾਮਕ੍ਰਿਸ਼ਨ ਪੀ. ਨੇ ਕਿਹਾ ਕਿ 10ਵੀਂ ਇੰਡੀਆ ਮੋਬਾਈਲ ਕਾਂਗਰਸ ਨੇ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਸ੍ਰੀ ਨਰਿਦਰ ਮੋਦੀ ਨੇ ਮੁੜ ਸਪੱਸ਼ਟ ਕੀਤਾ ਹੈ ਕਿ ਆਈਐਮਸੀ ਹੁਣ ਸਿਰਫ਼ ਤਕਨਾਲੋਜੀ ਦਾ ਪ੍ਰਦਰਸ਼ਨ ਕਰਨ ਵਾਲਾ ਮੰਚ ਨਹੀਂ ਰਿਹਾ, ਸਗੋਂ ਇਸ ਦਾ ਦਾਇਰਾ ਇਸ ਤੋਂ ਕਿਤੇ ਵੱਧ ਵ

ਸੰਪਾਦਕੀ

ਕਣਕ ਦੀ ਫ਼ਸਲ

ਕਿਸਾਨ ਦੇਸ਼ ਦਾ ਅੰਨਦਾਤਾ ਹੈ ਜੋ ਜੇਠ-ਹਾੜ ਦੀਆਂ ਧੁੱਪਾਂ ਅਤੇ ਪੋਹ-ਮਾਘ ਦੀ ਠੰਢ, ਝੱਖੜਾਂ ਆਪਣੇ 'ਤੇ ਸਹਿਦਾ ਹੋਇਆ ਦੇਸ਼ ਦਾ ਢਿੱਡ ਭਰਨ ਲਈ ਅਨਾਜ ਪੈਦਾ ਕਰਦਾ ਹੈ ਪਰ ਜਦੋਂ ਮੰਡੀ 'ਚ ਉਹ ਆਪਣੀ ਜਿਨਸ ਲੈ ਕੇ ਜਾਂਦਾ ਹੈ ਤਾਂ ਖ਼ਰੀਦ ਏਜੰਸੀਆਂ ਵੱਲੋਂ ਫ਼ਸਲ ਦੀ ਬੇਕਦਰੀ ਕਰਨਾ ਬਹੁਤ ਦੁੱਖ ਵਾਲੀ ਗੱਲ ਹੈ। ਪਹਿਲਾਂ ਝੋਨੇ ਨੂੰ ਖ਼ਰੀਦਣ ਲੱਗਿਆਂ ਖ਼ਰੀਦ ਏਜੰਸੀਆਂ ਕਿਸਾਨਾਂ ਨੂੰ ਮੰਡੀਆਂ 'ਚ ਰੋਲਦੀਆਂ ਸਨ। ਹੁਣ ਅਜਿਹੇ ਹਾਲਾਤ ਕਣਕ ਦੀ ਫ਼ਸਲ ਖ਼ਰੀਦਣ ਲੱਗਿਆਂ ਵੀ ਹੁੰਦੇ ਜਾ ਰਹੇ ਹਨ। ਮੇਰੀ ਝੋਨੇ ਦੀ ਫ਼ਸਲ ਦੀ ਖ਼ਰੀਦ ਨਾਲ ਜੁੜੀ ਇਕ ਪੁਰਾਣੀ ਯਾਦ ਹੈ। ਸੰਨ 1997-98 ਦੀ ਗੱਲ ਹੈ। ਉਸ ਸਮੇਂ ਮੈਂ ਦਸਵੀਂ ਜਮਾਤ 'ਚ ਪੜ੍ਹਦਾ ਸੀ। ਸਾਡੀ ਝੋਨੇ ਦੀ ਫ਼ਸਲ ਮੰਡੀ ਵਿਚ ਤਕਰੀਬਨ ਇਕ ਮਹੀਨਾ ਰੁਲਦੀ ਰਹੀ ਸੀ। ਉਸ ਸਮੇਂ ਝੋਨੇ ਨੂੰ ਕੋਈ ਅਜਿਹਾ ਰੋਗ ਪਿਆ ਕਿ ਉਸ ਦੇ ਦਾਣੇ ਕਾਲੇ ਹੋ ਗਏ। ਖ਼ਰੀਦ ਏਜੰਸੀਆਂ ਨੇ ਕਾਲੇ ਦਾਣਿਆਂ ਵਾਲਾ ਝੋਨਾ ਖ਼ਰੀਦਣ ਤੋਂ ਇਨਕਾਰ ਕਰ ਦਿੱਤਾ। ਕਿਸਾਨ ਮੰਡੀਆਂ 'ਚ ਰੁਲ ਰਹੇ ਸਨ। ਮੈਨੂੰ ਚੇਤੇ ਹੈ ਕਿ ਕੋਈ ਵੀ ਖ਼ਰੀਦ ਏਜੰਸੀ ਫ਼ਸਲ ਖ਼ਰੀਦਣ ਨੂੰ ਤਿਆਰ ਨਹੀਂ ਸੀ। ਇਕ ਦਿਨ, ਖ਼ਰੀਦ ਏਜੰਸੀ ਦਾ ਇੰਸਪੈਕਟਰ ਮੰਡੀ 'ਚ ਆਇਆ। ਕਿਸਾਨਾਂ ਨੇ ਆਪਣੇ ਦੁੱਖੜੇ ਰੋਂਦਿਆਂ ਸਾਰੀ ਹਕੀਕਤ ਦੱਸੀ, ਕਿ ਦਾਣੇ ਅਸੀਂ ਕਾਲੇ ਨਹੀਂ ਕੀਤੇ, ਇਹ ਕੁਦਰਤ ਦੀ ਮਾਰ ਹੈ। ਤੁਸੀਂ ਦਾਣਿਆਂ 'ਚੋਂ ਚੌਲ ਕੱਢ ਕੇ ਵੇਖ ਲਵੋ, ਚੌਲ ਚਿੱਟਾ ਨਿਕਲੇਗਾ। ਇੰਸਪੈਕਟਰ ਨੇ ਬੋਲੀ ਲਾਉਣ ਦੀ ਸ਼ੁਰੂਆਤ ਕੀਤੀ ਪਰ ਪਹਿਲੀ ਢੇਰੀ 'ਤੇ ਜਾ ਕੇ ਦਾਣਿਆਂ ਦੀ ਨਮੀ ਦੇਖੀ ਤੇ ਕਾਲੇ ਦਾਣੇ ਚੈੱਕ ਕਰਦਿਆਂ ਕਿਹਾ ਕਿ ਤੁਹਾਡੀ ਜਿਨਸ ਖ਼ਰੀਦਣ ਯੋਗ ਨਹੀਂ ਹੈ। ਬਸ ਫਿਰ ਕੀ ਸੀ, ਕਿਸਾਨ ਰੋਹ 'ਚ ਆ ਗਏ। ਇੰਸਪੈਕਟਰ ਨੂੰ ਘੇਰ ਲਿਆ। ਇਕ ਸਾਧਾਰਨ ਕਿਸਾਨ ਬੋਲਿਆ, ਇੰਸਪੈਕਟਰ ਸਾਹਿਬ, ਮੇਰੀ ਗੱਲ ਸੁਣੋ! ਜੇਕਰ ਸਾਡੇ ਘਰ 'ਚ ਕਾਲੇ ਰੰਗ ਦਾ ਬੱਚਾ ਜਨਮ ਲੈ ਲਵੇ, ਤਾਂ ਕੀ ਅਸੀਂ ਉਸ ਨੂੰ ਬਾਹਰ ਸੁੱਟ ਦਿਆਂਗੇ। ਕੀ ਸਾਡਾ ਜੀਅ ਕਰਦਾ ਸੀ ਕਿ ਅਸੀਂ ਕਾਲੇ ਦਾਣਿਆਂ ਵਾਲੀ ਫ਼ਸਲ ਪੈਦਾ ਕਰੀਏ। ਇਹ ਕੁਦਰਤ ਦੀ ਮਾਰ ਹੈ, ਜਿਸ ਕਰਕੇ ਅਸੀਂ ਮੰਡੀਆਂ 'ਚ ਰੁਲ ਰਹੇ ਹਾਂ। ਮੰਡੀਆਂ 'ਚ ਲੰਬਾ ਸੰਘਰਸ਼ ਚੱਲਿਆ, ਸਾਡੇ ਗੁਆਂਢੀ ਘਰ ਦਾ ਬਜ਼ੁਰਗ, ਮੰਡੀ 'ਚ ਝੋਨੇ ਦੀ ਰਾਖੀ ਕਰਦਾ ਸਵਰਗ ਸਿਧਾਰ ਗਿਆ ਸੀ। ਲੋਕਾਂ ਨੇ ਸਰਕਾਰ ਦਾ ਵਿਰੋਧ ਕਰਦਿਆਂ ਮੰਡੀ 'ਚ ਕਾਲੀ ਦੀਵਾਲੀ ਮਨਾਈ ਸੀ। ਅਖ਼ੀਰ, ਕਿਸਾਨਾਂ ਦੇ ਰੋਹ ਅੱਗੇ ਕੇਂਦਰੀ ਖ਼ਰੀਦ ਏਜੰਸੀਆਂ ਝੁਕ ਗਈਆਂ। ਸਰਕਾਰ ਨੇ ਕਿਸਾਨਾਂ ਦੀ ਸਾਰੀ ਫ਼ਸਲ ਖ਼ਰੀਦਣ ਦਾ ਐਲਾਨ ਕਰ ਦਿੱਤਾ। ਤਾਂ ਕਿਤੇ ਜਾ ਕੇ ਸਾਡਾ ਮੰਡੀ ਤੋਂ ਖਹਿੜਾ ਛੁੱਟਿਆ। ਕਿਉਂਕਿ ਮੇਰੀ ਦਸਵੀਂ ਦੀ ਬੋਰਡ ਦੀ ਪੜ੍ਹਾਈ ਸੀ। ਮੇਰਾ ਸਾਰਾ ਦਿਨ ਮੰਡੀ 'ਚ ਲੰਘ ਜਾਂਦਾ, ਪੜ੍ਹਾਈ ਦਾ ਵੱਖਰਾ ਨੁਕਸਾਨ ਹੋ ਰਿਹਾ ਸੀ। ਅੱਜ ਜਦੋਂ ਮੰਡੀਆਂ 'ਚ ਝੋਨੇ ਦੀ ਖ਼ਰੀਦ ਸ਼ੁਰੂ ਹੁੰਦੀ ਹੈ ਤਾਂ ਮੈਨੂੰ ਉਹ ਕਾਲੀ ਦੀਵਾਲੀ ਚੇਤੇ ਆ ਜਾਂਦੀ ਹੈ।

ਖਾਣਾ ਖਾਣ ਤੋਂ ਬਾਅਦ ਨੀਂਦ ਕਿਉਂ ਆਉਂਦੀ ਹੈ ?

ਕੀ ਤੁਸੀਂ ਕਦੇ ਮਹਿਸੂਸ ਕੀਤਾ ਹੈ ਕਿ ਖਾਣਾ ਖਾਣ ਤੋਂ ਬਾਅਦ ਅਚਾਨਕ ਸੁਸਤੀ ਜਾਂ ਨੀਂਦ ਆਉਣ ਲੱਗਦੀ ਹੈ? ਦੁਪਹਿਰ ਦੇ ਖਾਣੇ ਤੋਂ ਬਾਅਦ ਅੱਖਾਂ ਭਾਰੀਆਂ ਹੋਣਾ, ਕੰਮ ਵਿੱਚ ਮਨ ਨਾ ਲੱਗਣਾ ਅਤੇ ਕੁਝ ਸਮਾਂ ਆਰਾਮ ਕਰਨ ਦੀ ਇੱਛਾ ਹੋਣਾ ਇੱਕ ਆਮ ਅਨੁਭਵ ਹੈ। ਲੋਕ ਅਕਸਰ ਮਜ਼ਾਕ ਵਿੱਚ ਕਹਿੰਦੇ ਹਨ ਕਿ "ਖਾਣਾ ਖਾਣ ਤੋਂ ਬਾਅਦ ਸਾਰੀ ਊਰਜਾ ਪੇਟ ਵਿੱਚ ਚਲੀ ਗਈ ਹੈ।"ਪਰ ਇਸ ਦੇ ਪਿੱਛੇ ਸਿਰਫ਼ ਪਾਚਨ ਪ੍ਰਕਿਰਿਆ ਹੀ ਜ਼ਿੰਮੇਵਾਰ ਨਹੀਂ ਹੈ। ਅਸਲ ਵਿੱਚ ਖਾਣੇ ਤੋਂ ਬਾਅਦ ਆਉਣ ਵਾਲੀ ਨੀਂਦ ਵਿੱਚ ਦਿਮਾਗ, ਹਾਰਮੋਨ, ਖੂਨ ਵਿੱਚ ਸ਼ੂਗਰ, ਪਾਚਨ ਤੰਤਰ ਅਤੇ ਸਾਡੀ ਜੈਵਿਕ ਘੜੀ ਸਾਰੇ ਆਪਣੀ ਭੂਮਿਕਾ ਨਿਭਾ ਸਕਦੇ ਹਨ।



ਖਾਣਾ ਅਤੇ ਦਿਮਾਗ ਦਾ ਸੰਬੰਧ

ਜਦੋਂ ਅਸੀਂ ਖਾਣਾ ਖਾਂਦੇ ਹਾਂ ਤਾਂ ਸਰੀਰ ਉਸ ਨੂੰ ਪਚਾਉਣ ਅਤੇ ਉਸ ਵਿੱਚ ਮੌਜੂਦ ਪੋਸ਼ਕ ਤੱਤਾਂ ਨੂੰ ਸੋਖਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੰਦਾ ਹੈ। ਕਾਰਬੋਹਾਈਡਰੇਟ, ਪ੍ਰੋਟੀਨ ਅਤੇ ਚਰਬੀ ਸਰੀਰ ਨੂੰ ਊਰਜਾ ਅਤੇ ਜ਼ਰੂਰੀ ਪੋਸ਼ਕ ਤੱਤ ਪ੍ਰਦਾਨ ਕਰਦੇ ਹਨ। ਖਾਣੇ ਤੋਂ ਬਾਅਦ ਸਰੀਰ ਵਿੱਚ ਕਈ ਹਾਰਮੋਨਾਂ ਅਤੇ ਰਸਾਇਣਕ ਸੰਕੇਤਾਂ ਵਿੱਚ ਤਬਦੀਲੀ ਆਉਂਦੀ ਹੈ। ਇਨ੍ਹਾਂ ਵਿੱਚ ਇਨਸੁਲਿਨ ਵੀ ਸ਼ਾਮਲ ਹੈ, ਜੋ ਖੂਨ ਵਿੱਚ ਗਲੂਕੋਜ਼ ਦੇ ਪੱਧਰ ਨੂੰ ਨਿਯੰਤਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਨ੍ਹਾਂ ਤਬਦੀਲੀਆਂ ਦਾ ਪ੍ਰਭਾਵ ਦਿਮਾਗ ਅਤੇ ਜਾਗਣ-ਸੌਣ ਨਾਲ ਜੁੜੀਆਂ ਪ੍ਰਣਾਲੀਆਂ 'ਤੇ ਵੀ ਪੈ ਸਕਦਾ ਹੈ।

ਟ੍ਰਿਪਟੋਫੈਨ ਅਤੇ ਨੀਂਦ

ਕੁਝ ਭੋਜਨ ਪਦਾਰਥਾਂ ਵਿੱਚ ਟ੍ਰਿਪਟੋਫੈਨ ਨਾਮਕ ਐਮੀਨੋ ਐਸਿਡ ਹੁੰਦਾ ਹੈ। ਸਰੀਰ ਇਸ ਦੀ ਵਰਤੋਂ ਸੈਰੋਟੋਨਿਨ ਅਤੇ ਮੇਲਾਟੋਨਿਨ ਵਰਗੇ ਰਸਾਇਣ ਬਣਾਉਣ ਲਈ ਕਰਦਾ ਹੈ, ਜੋ ਨੀਂਦ ਅਤੇ ਸਰੀਰ ਦੀ ਜੈਵਿਕ ਘੜੀ ਨਾਲ ਜੁੜੇ ਹੋਏ ਹਨ। ਪਰ ਇਹ ਕਹਿਣਾ ਸਹੀ ਨਹੀਂ ਹੋਵੇਗਾ ਕਿ ਸਿਰਫ਼ ਟ੍ਰਿਪਟੋਫੈਨ ਵਾਲਾ ਭੋਜਨ ਖਾਣ ਕਾਰਨ ਹੀ ਨੀਂਦ ਆਉਂਦੀ ਹੈ। ਸਰੀਰ ਵਿੱਚ ਇਸ ਦੇ ਪ੍ਰਭਾਵ ਨੂੰ ਹੋਰ ਐਮੀਨੋ ਐਸਿਡ, ਹਾਰਮੋਨ ਅਤੇ ਦਿਮਾਗੀ ਪ੍ਰਕਿਰਿਆਵਾਂ ਵੀ ਪ੍ਰਭਾਵਿਤ ਕਰਦੀਆਂ ਹਨ। ਇਸ ਲਈ ਖਾਣੇ ਤੋਂ ਬਾਅਦ ਨੀਂਦ ਆਉਣ ਦਾ ਕਾਰਨ ਸਿਰਫ਼ ਇੱਕ ਪਦਾਰਥ ਨੂੰ ਮੰਨਣਾ ਵਿਗਿਆਨਕ ਤੌਰ 'ਤੇ ਬਹੁਤ ਸਰਲ ਵਿਆਖਿਆ ਹੋਵੇਗੀ।

ਭਾਰੀ ਭੋਜਨ ਅਤੇ ਵੱਧ ਸੁਸਤੀ

ਖਾਣੇ ਦੀ ਮਾਤਰਾ ਵੀ ਮਹੱਤਵਪੂਰਨ ਹੋ ਸਕਦੀ ਹੈ। ਬਹੁਤ ਜ਼ਿਆਦਾ ਖਾਣਾ ਖਾਣ ਤੋਂ ਬਾਅਦ ਸਰੀਰ ਨੂੰ ਪਾਚਨ ਨਾਲ ਸੰਬੰਧਿਤ ਕਈ ਪ੍ਰਕਿਰਿਆਵਾਂ ਨੂੰ ਸੰਭਾਲਣਾ ਪੈਂਦਾ ਹੈ ਅਤੇ ਵਿਅਕਤੀ ਨੂੰ ਭਾਰਾਪਣ ਜਾਂ ਸੁਸਤੀ ਮਹਿਸੂਸ ਹੋ ਸਕਦੀ ਹੈ। ਖਾਸ ਤੌਰ 'ਤੇ ਬਹੁਤ ਜ਼ਿਆਦਾ ਕੈਲੋਰੀ ਵਾਲਾ ਭੋਜਨ, ਵੱਧ ਚਰਬੀ ਜਾਂ ਆਸਾਨੀ ਨਾਲ ਪਚਣ ਵਾਲੇ ਰਿਫਾਈਂਡ ਕਾਰਬੋਹਾਈਡਰੇਟ ਨਾਲ ਭਰਪੂਰ ਖਾਣਾ ਕੁਝ ਲੋਕਾਂ ਵਿੱਚ ਖਾਣੇ ਤੋਂ ਬਾਅਦ ਵੱਧ ਸੁਸਤੀ ਨਾਲ ਜੁੜਿਆ ਹੋ ਸਕਦਾ ਹੈ। ਇਹ ਮੰਨਣਾ ਠੀਕ ਨਹੀਂ ਕਿ ਪਾਚਨ ਲਈ ਸਰੀਰ ਦਾ ਸਾਰਾ ਖੂਨ ਪੇਟ ਵੱਲ ਚਲਾ ਜਾਂਦਾ ਹੈ ਅਤੇ ਦਿਮਾਗ ਨੂੰ ਖੂਨ ਦੀ ਕਮੀ ਹੋ ਜਾਂਦੀ ਹੈ। ਇਹ ਇੱਕ ਆਮ ਧਾਰਨਾ ਹੈ, ਪਰ ਵਿਗਿਆਨਕ ਤੌਰ 'ਤੇ ਸਹੀ ਨਹੀਂ ਹੈ। ਸਰੀਰ ਲੋੜ ਅਨੁਸਾਰ ਖੂਨ ਦੇ ਵਹਾਅ ਨੂੰ ਨਿਯੰਤਰਿਤ ਕਰਦਾ ਹੈ ਅਤੇ ਆਮ ਭੋਜਨ ਤੋਂ ਬਾਅਦ ਦਿਮਾਗ ਨੂੰ ਖੂਨ ਦੀ ਸਪਲਾਈ ਅਚਾਨਕ ਘੱਟ ਨਹੀਂ ਹੁੰਦੀ।

ਸਾਡੀ ਜੈਵਿਕ ਘੜੀ ਵੀ ਜ਼ਿੰਮੇਵਾਰ ਹੈ

ਖਾਣੇ ਤੋਂ ਬਾਅਦ ਨੀਂਦ ਆਉਣ ਦਾ ਇੱਕ ਮਹੱਤਵਪੂਰਨ ਕਾਰਨ ਸਾਡੀ ਸਰਕੇਡੀਅਨ ਰਿਦਮ ਵੀ ਹੋ ਸਕਦੀ ਹੈ। ਇਹ ਸਰੀਰ ਦੀ ਲਗਭਗ 24 ਘੰਟਿਆਂ ਦੀ ਜੈਵਿਕ ਘੜੀ ਹੈ, ਜੋ ਨੀਂਦ, ਜਾਗਣ, ਹਾਰਮੋਨ, ਸਰੀਰ ਦਾ ਤਾਪਮਾਨ ਅਤੇ ਹੋਰ ਕਈ ਪ੍ਰਕਿਰਿਆਵਾਂ ਨੂੰ ਨਿਯੰਤਰਿਤ ਕਰਦੀ ਹੈ। ਦੁਪਹਿਰ ਦੇ ਸਮੇਂ ਬਹੁਤ ਸਾਰੇ ਲੋਕਾਂ ਵਿੱਚ ਕੁਦਰਤੀ ਤੌਰ 'ਤੇ ਚੌਕਸੀ ਕੁਝ ਘੱਟ ਹੋ ਜਾਂਦੀ ਹੈ। ਇਸ ਲਈ ਜੇ ਕੋਈ ਵਿਅਕਤੀ ਦੁਪਹਿਰ ਨੂੰ ਖਾਣਾ ਖਾਂਦਾ ਹੈ ਤਾਂ ਭੋਜਨ ਦੇ ਪ੍ਰਭਾਵ ਅਤੇ ਸਰੀਰ ਦੀ ਕੁਦਰਤੀ ਜੈਵਿਕ ਘੜੀ ਦੋਵੇਂ ਮਿਲ ਕੇ ਨੀਂਦ ਜਾਂ ਸੁਸਤੀ ਦੀ ਭਾਵਨਾ ਨੂੰ ਵਧਾ ਸਕਦੇ ਹਨ। ਇਸੇ ਕਾਰਨ ਦੁਪਹਿਰ ਦੇ ਖਾਣੇ ਤੋਂ ਬਾਅਦ ਆਉਣ ਵਾਲੀ ਨੀਂਦ ਹਮੇਸ਼ਾ ਸਿਰਫ਼ ਭੋਜਨ ਦੀ ਮਾਤਰਾ ਜਾਂ ਕਿਸੇ ਇੱਕ ਖਾਸ ਭੋਜਨ ਕਾਰਨ ਨਹੀਂ ਹੁੰਦੀ।



ਖੂਨ ਵਿੱਚ ਸ਼ੂਗਰ ਦਾ ਕੀ ਸੰਬੰਧ ਹੈ ?

ਖਾਣੇ ਤੋਂ ਬਾਅਦ ਖੂਨ ਵਿੱਚ ਗਲੂਕੋਜ਼ ਅਤੇ ਇਨਸੁਲਿਨ ਦੇ ਪੱਧਰ ਵਿੱਚ ਤਬਦੀਲੀ ਆਉਂਦੀ ਹੈ। ਜ਼ਿਆਦਾਤਰ ਸਿਹਤਮੰਦ ਲੋਕਾਂ ਵਿੱਚ ਸਰੀਰ ਇਨ੍ਹਾਂ ਤਬਦੀਲੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਯੰਤਰਿਤ ਕਰ ਲੈਂਦਾ ਹੈ। ਪਰ ਬਹੁਤ ਜ਼ਿਆਦਾ ਮਿੱਠਾ ਜਾਂ ਰਿਫਾਈਂਡ ਕਾਰਬੋਹਾਈਡਰੇਟ ਵਾਲਾ ਭੋਜਨ ਕੁਝ ਲੋਕਾਂ ਵਿੱਚ ਖੂਨ ਦੀ ਸ਼ੂਗਰ ਵਿੱਚ ਤੇਜ਼ ਤਬਦੀਲੀਆਂ ਪੈਦਾ ਕਰ ਸਕਦਾ ਹੈ, ਜਿਸ ਨਾਲ ਥਕਾਵਟ ਜਾਂ ਸੁਸਤੀ ਮਹਿਸੂਸ ਹੋ ਸਕਦੀ ਹੈ। ਜੇ ਕਿਸੇ ਵਿਅਕਤੀ ਨੂੰ ਹਰ ਵਾਰ ਖਾਣੇ ਤੋਂ ਬਾਅਦ ਬਹੁਤ ਜ਼ਿਆਦਾ ਨੀਂਦ, ਕਮਜ਼ੋਰੀ, ਕੰਬਣੀ, ਪਸੀਨਾ ਜਾਂ ਚੱਕਰ ਆਉਣ ਵਰਗੇ ਲੱਛਣ ਮਹਿਸੂਸ ਹੁੰਦੇ ਹਨ ਤਾਂ ਡਾਕਟਰੀ ਸਲਾਹ ਲੈਣੀ ਉਚਿਤ ਹੈ।

ਨੀਂਦ ਦੀ ਕਮੀ ਵੀ ਇੱਕ ਵੱਡਾ ਕਾਰਨ ਹੈ

ਕਈ ਵਾਰ ਭੋਜਨ ਸਿਰਫ਼ ਇੱਕ ਬਹਾਨਾ ਹੁੰਦਾ ਹੈ ਅਤੇ ਅਸਲ ਕਾਰਨ ਰਾਤ ਨੂੰ ਪੂਰੀ ਨੀਂਦ ਨਾ ਲੈਣਾ ਹੁੰਦਾ ਹੈ। ਜੇ ਕੋਈ ਵਿਅਕਤੀ ਪਹਿਲਾਂ ਹੀ ਨੀਂਦ ਤੋਂ ਵਾਂਝਾ ਹੈ ਤਾਂ ਖਾਣੇ ਤੋਂ ਬਾਅਦ ਆਉਣ ਵਾਲੀ ਕੁਦਰਤੀ ਸੁਸਤੀ ਉਸ ਨੂੰ ਹੋਰ ਜ਼ਿਆਦਾ ਮਹਿਸੂਸ ਹੋ ਸਕਦੀ ਹੈ। ਇਸ ਲਈ ਖਾਣੇ ਤੋਂ ਬਾਅਦ ਨੀਂਦ ਨੂੰ ਸਮਝਣ ਲਈ ਸਿਰਫ਼ ਖਾਣੇ ਨੂੰ ਹੀ ਨਹੀਂ, ਸਗੋਂ ਰਾਤ ਦੀ ਨੀਂਦ ਦੀ ਗੁਣਵੱਤਾ ਅਤੇ ਮਿਆਦ ਨੂੰ ਵੀ ਧਿਆਨ ਵਿੱਚ ਰੱਖਣਾ ਚਾਹੀਦਾ ਹੈ।

ਕੀ ਖਾਣੇ ਤੋਂ ਬਾਅਦ ਸੌਣਾ ਗਲਤ ਹੈ ?

ਹਰ ਵਿਅਕਤੀ ਲਈ ਖਾਣੇ ਤੋਂ ਬਾਅਦ ਥੋੜ੍ਹਾ ਆਰਾਮ ਕਰਨਾ ਗਲਤ ਨਹੀਂ ਹੈ। ਕਈ ਸਭਿਆਚਾਰਾਂ ਵਿੱਚ ਦੁਪਹਿਰ ਦੀ ਛੋਟੀ ਨੀਂਦ ਜਾਂ ਪਾਵਰ ਨੈਪ ਆਮ ਜੀਵਨ-ਸ਼ੈਲੀ ਦਾ ਹਿੱਸਾ ਹੈ। ਹਾਲਾਂਕਿ ਬਹੁਤ ਭਾਰੀ ਭੋਜਨ ਤੋਂ ਤੁਰੰਤ ਬਾਅਦ ਲੰਬੇ ਸਮੇਂ ਲਈ ਲੇਟਣਾ ਕੁਝ ਲੋਕਾਂ ਵਿੱਚ ਐਸਿਡ ਰਿਫਲਕਸ ਜਾਂ ਛਾਤੀ ਵਿੱਚ ਜਲਣ ਵਰਗੀ ਸਮੱਸਿਆ ਨੂੰ ਵਧਾ ਸਕਦਾ ਹੈ। ਇਸ ਲਈ ਖਾਣੇ ਤੋਂ ਬਾਅਦ ਹਲਕੀ ਸੈਰ ਕਰਨਾ ਜਾਂ ਕੁਝ ਸਮਾਂ ਸਿੱਧੇ ਬੈਠਣਾ ਕਈ ਲੋਕਾਂ ਲਈ ਵਧੀਆ ਵਿਕਲਪ ਹੋ ਸਕਦਾ ਹੈ।

ਖਾਣੇ ਤੋਂ ਬਾਅਦ ਨੀਂਦ: ਸਰੀਰ ਦਾ ਇੱਕ ਸੰਕੇਤ

ਖਾਣੇ ਤੋਂ ਬਾਅਦ ਥੋੜ੍ਹੀ ਸੁਸਤੀ ਆਉਣਾ ਆਮ ਗੱਲ ਹੋ ਸਕਦੀ ਹੈ। ਇਹ ਸਰੀਰ ਦੀ ਪਾਚਨ ਪ੍ਰਕਿਰਿਆ, ਭੋਜਨ ਦੀ ਮਾਤਰਾ ਅਤੇ ਕਿਸਮ, ਹਾਰਮੋਨਲ ਤਬਦੀਲੀਆਂ, ਦਿਮਾਗੀ ਸੰਕੇਤਾਂ ਅਤੇ ਸਾਡੀ ਜੈਵਿਕ ਘੜੀ ਦੇ ਸਾਂਝੇ ਪ੍ਰਭਾਵ ਦਾ ਨਤੀਜਾ ਹੋ ਸਕਦਾ ਹੈ। ਪਰ ਬਹੁਤ ਜ਼ਿਆਦਾ ਜਾਂ ਲਗਾਤਾਰ ਥਕਾਵਟ ਨੂੰ ਹਮੇਸ਼ਾ ਆਮ ਮੰਨ ਕੇ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਕਈ ਵਾਰ ਇਹ ਨੀਂਦ ਦੀ ਕਮੀ, ਦਵਾਈਆਂ ਦੇ ਪ੍ਰਭਾਵ, ਖੂਨ ਵਿੱਚ ਸ਼ੂਗਰ ਦੀ ਸਮੱਸਿਆ ਜਾਂ ਕਿਸੇ ਹੋਰ ਸਿਹਤ ਸੰਬੰਧੀ ਸਥਿਤੀ ਦਾ ਸੰਕੇਤ ਵੀ ਹੋ ਸਕਦੀ ਹੈ। ਇਸ ਲਈ ਅਗਲੀ ਵਾਰ ਜਦੋਂ ਖਾਣੇ ਤੋਂ ਬਾਅਦ ਤੁਹਾਡੀਆਂ ਅੱਖਾਂ ਭਾਰੀਆਂ ਹੋਣ ਲੱਗਣ ਤਾਂ ਇਸ ਨੂੰ ਸਿਰਫ਼ "ਖਾਣੇ ਕਾਰਨ ਆਈ ਨੀਂਦ"ਨਾ ਸਮਝੋ। ਉਸ ਸਮੇਂ ਤੁਹਾਡੇ ਸਰੀਰ ਦੇ ਅੰਦਰ ਪਾਚਨ ਤੰਤਰ, ਹਾਰਮੋਨ, ਦਿਮਾਗ ਅਤੇ ਜੈਵਿਕ ਘੜੀ—ਸਾਰੇ ਇਕੱਠੇ ਕੰਮ ਕਰ ਰਹੇ ਹੁੰਦੇ ਹਨ। ਭੋਜਨ ਸਿਰਫ਼ ਪੇਟ ਨਹੀਂ ਭਰਦਾ; ਇਹ ਸਰੀਰ ਅਤੇ ਦਿਮਾਗ ਦੀਆਂ ਰਸਾਇਣਕ ਗਤੀਵਿਧੀਆਂ ਨੂੰ ਵੀ ਪ੍ਰਭਾਵਿਤ ਕਰਦਾ ਹੈ। ਇਹੀ ਖਾਣੇ ਤੋਂ ਬਾਅਦ ਆਉਣ ਵਾਲੀ ਨੀਂਦ ਦਾ ਅਸਲ ਵਿਗਿਆਨ ਹੈ।

ਡਾ. ਵਿਜੇ ਗਰਗ, ਰਿਟਾਇਰਡ ਪ੍ਰਿੰਸੀਪਲ ਐਮੀਨੈਂਟ ਸਾਇੰਟਿਸਟ, ਸਟਰੀਟ ਕੌਰ ਚੰਦ, ਮਲੋਟ, ਪੰਜਾਬ - 152107, ਮੋਬਾਈਲ: 9465682110

ਪੰਜਾਬ ਦੇ ਲੋਕ ਮੌਜੂਦਾ ਸਰਕਾਰ ਤੋਂ ਦੁਖੀ: ਗੋਸਾਈਂ

ਲੁਧਿਆਣਾ, 9 ਅਕਤੂਬਰ (ਸਰਬਜੀਤ ਸੂਫ਼ੀ): ਹਲਕਾ ਸੈਂਟਰਲ ਲੁਧਿਆਣਾ ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਡੋਰ-ਟੂ-ਡੋਰ ਮੁਹਿੰਮ ਦੌਰਾਨ ਹਲਕਾ ਇੰਚਾਰਜ ਅਮਿਤ ਗੋਸਾਈਂ ਵੱਲੋਂ ਵਾਰਡ 78 ਅਤੇ 76 ਦੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਗਿਆ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਕਾਰਜਾਂ ਪ੍ਰਤੀ ਬਣਾਈ ਗਈ ਰੂਪ-ਰੇਖਾ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਉਨ੍ਹਾਂ ਦੇ ਸੁਝਾਅ ਪ੍ਰਾਪਤ ਕੀਤੇ। ਇਸ ਦੌਰਾਨ ਅਮਿਤ ਗੋਸਾਈਂ ਨੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਵਿੱਚ ਆਪਣੇ ਆਪ ਨੂੰ ਦਿਨ ਦਿਹਾੜੇ ਵੀ ਸੁਰੱਖਿਅਤ ਨਹੀਂ ਸਮਝਦੇ । ਲੁੱਟਾਂ ਖੋਹਾਂ ਅਤੇ ਸਰੇਆਮ ਚੋਰੀਆਂ ਸ਼ਹਿਰਾਂ ਵਿੱਚ ਆਮ ਹਨ ਅਤੇ ਪੁਲਸ ਸੱਤਾਧਾਰੀਆਂ ਦੀ ਚਾਕਰੀ ਵਿੱਚ ਲੱਗੀ ਹੈ ਓਹਨਾ ਆਖਿਆ ਕਿ ਲੋਕ ਅੱਜ ਬਾਦਲ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਯਾਦ ਕਰ ਰਹੇ ਹਨ। ਅਮਿਤ ਗੁਸਾਈਂ ਨੇ ਅਕਾਲੀ ਦਲ ਦੇ ਕੀਤੇ ਐਲਾਨ ਦੱਸੇ ਕੇ ਸਰਕਾਰ ਬਣਦਿਆਂ ਹੀ ਆਟਾ ਦਾਲ ਸਕੀਮ 50 ਕਿਲੋ ਕਣਕ ਅਤੇ 20 ਰੁਪੈ ਦਾਲ , 3100 ਰੁਪੈ ਬੁਢਾਪਾ ਅਤੇ ਵਿਧਵਾ ਪੈਨਸ਼ਨ ਅਤੇ ਨੌਜਵਾਨਾਂ ਨੂੰ ਦੱਸ ਲੱਖ ਤੱਕ ਦਾ ਵਿਆਜ ਮੁਕਤ ਲੋਨ ਜੇਹੀਆਂ ਸਕੀਮਾਂ ਨੂੰ ਨੌਜਵਾਨਾਂ ਨੇ ਬਹੁਤ ਸਲਾਹਿਆ । ਇਸ ਮੌਕੇ ਤੇ ਸ੍ਰੀ ਅਜਿਸਟਨ ਦਾਸ, ਬੀਬੀ ਸਿਬੀਆ, ਡਾਕਟਰ ਮਿੰਡਾ, ਹਰਜੀਤ ਸਿੰਘ ਰਾਜਾ ਜੰਗ, ਇੰਦਰਪਾਲ ਸਿੰਘ ਮਰਵਾਹਾ, ਸਰੂਪ ਮਠਾਰੂ, ਵਿੱਕੀ ਸਿੱਬਲ, ਮ

ਭਾਜਪਾ ਓਬੀਸੀ ਮੋਰਚਾ ਦੇ ਰਾਸ਼ਟਰੀ ਪ੍ਰਧਾਨ ਅਮਰਪਾਲ ਮੌਰਿਆ ਜੀ ਨਾਲ ਅਮਿਤ ਪਾਲ ਸਿੰਘ ਨੇ ਕੀਤੀ ਮੁਲਾਕਾਤ

ਬਟਾਲਾ (ਸੰਜੀਵ ਨਈਅਰ) ਭਾਰਤੀ ਜਨਤਾ ਪਾਰਟੀ ਓਬੀਸੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਅਮਿਤ ਪਾਲ ਸਿੰਘ ਨੇ ਓਬੀਸੀ ਮੋਰਚਾ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਅਮਰਪਾਲ ਮੌਰਿਆ ਜੀ ਨਾਲ ਚੰਡੀਗੜ੍ਹ ਵਿੱਚ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਬਟਾਲਾ ਜ਼ਿਲ੍ਹੇ ਦੇ ਵੱਖ-ਵੱਖ ਮੁੱਦਿਆਂ ਅਤੇ ਓਬੀਸੀ ਸਮਾਜ ਦੀਆਂ ਸਮੱਸਿਆਵਾਂ ਸਬੰਧੀ ਵਿਸਥਾਰ ਨਾਲ ਗੱਲਬਾਤ ਕੀਤੀ ਗਈ। ਅਮਿਤ ਪਾਲ ਸਿੰਘ ਨੇ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ, ਜ਼ਮੀਨੀ ਪੱਧਰ ਤੇ ਆ ਰਹੀਆਂ ਮੁਸ਼ਕਲਾਂ ਅਤੇ ਓਬੀਸੀ ਸਮਾਜ ਦੀ ਭਲਾਈ ਨਾਲ ਜੁੜੇ ਅਹਿਮ ਵਿਸ਼ਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਓਬੀਸੀ ਮੋਰਚੇ ਦੇ ਵਰਕਰਾਂ ਦੀ ਭੂਮਿਕਾ, ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਸਮਾਜ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਦੇ ਸੀਨੀਅਰ ਆਗੂਆਂ ਤੱਕ ਪਹੁੰਚਾਉਣ ਬਾਰੇ ਵੀ ਚਰਚਾ ਕੀਤੀ। ਅਮਿਤ ਪਾਲ ਸਿੰਘ ਨੇ ਕਿਹਾ ਕਿ ਓਬੀਸੀ ਸਮਾਜ ਦੀ ਤਰੱਕੀ, ਨੌਜਵਾਨਾਂ ਦੇ ਭਵਿੱਖ, ਸਿੱਖਿਆ, ਰੁਜ਼ਗਾਰ ਅਤੇ ਲੋਕ-ਭਲਾਈ ਨਾਲ ਜੁੜੇ ਮੁੱਦਿਆਂ ਨੂੰ ਪਹਿਲ ਦੇ ਆਧਾਰ ਤੇ ਉਠਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਓਬੀਸੀ ਮੋਰਚਾ ਲੋਕਾਂ ਨਾਲ ਸਿੱਧਾ ਸੰਪਰਕ ਬਣਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਯਤਨਸ਼ੀਲ ਰਹੇਗਾ, ਇਸ ਮੌਕੇ ਤੇ ਭਾਰਤੀ ਜਨਤਾ ਪਾਰਟੀ ਦੇ ਓ ਬੀ ਸੀ ਦੇ ਰਾਸ਼ਟਰੀਅ ਪ੍ਰਧਾਨ ਅਮਰਪਾਲ ਮੋਰਿਆ ਨੇ ਕਿਹਾ ਕਿ ਓ ਬੀ ਸੀ ਭਾਈਚਾਰੇ ਦੇ ਭਲੇ ਅਤੇ ਸ਼ਕਤੀ ਕਰਨ ਲਈ ਪਾਰਟੀ ਪੂਰੀ ਤਰ੍ਹਾਂ ਵਜ਼ਨ ਬੰਦ ਹੈ ਉਨਾਂ ਭਰੋਸਾ ਦਿੱਤਾ ਕਿ ਕੇਂਦਰ ਅਤੇ ਰਾਜ ਸਰਕਾਰ ਦੀਆਂ ਓ ਬੀ ਸੀ ਭਲਾਈ ਯੋਜਨਾਵਾਂ ਨੂੰ ਜਮੀਨੀ ਪੱਧਰ ਤੇ ਤੇਜ਼ੀ ਨਾਲ ਲਾਗੂ ਕੀਤਾ ਜਾਵੇਗਾ। ਅਤੇ ਨੌਜਵਾਨਾਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਸਿੱਖਿਆ ਹੁਨਰ ਵਿਕਾਸ ਅਤੇ ਰੋਜ਼ਗਾਰ ਤੇ ਨਵੇਂ ਮੌਕੇ ਪੈਦਾ ਕਰਨ ਦਾ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਇਸ ਮੌਕੇ ਤੇ ਹਾਜ਼ਰ ਮਨਿੰਦਰ ਸਿੰਘ, ਅੰਮ੍ਰਿਤ ਪਾਲ ਸਿੰਘ, ਹਰਵਿੰਦਰ ਸਿੰਘ, ਲਖਵਿੰਦਰ ਕੁਮਾਰ, ਇੰਦਰਪਾਲ ਸਿੰਘ, ਤਲਵਿੰਦਰਜੀਤ ਸਿੰਘ ਆਦਿ ਮੈਂਬਰ ਹਾਜ਼ਰ ਸਨ

ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਅੰਮ੍ਰਿਤਸਰ: ਇੰਡੀਅਨ ਸੋਸਾਇਟੀ ਆਫ ਆਪਟੋਲੋਜੀ ਦੀ 34ਵੀਂ ਸਾਲਾਨਾ ਰਾਸ਼ਟਰੀ ਕਾਨਫਰੰਸ ਆਈ.ਐਸ.ਓ.ਸੀ.ਓ.ਐਨ. ਦਾ ਆਯੋਜਨ

ਅੰਮ੍ਰਿਤਸਰ, 9 ਅਕਤੂਬਰ (ਮੋਹਕਮ ਸਿੰਘ) ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਸ੍ਰੀ ਅੰਮ੍ਰਿਤਸਰ ਵੱਲੋਂ ਇੰਡੀਅਨ ਸੋਸਾਇਟੀ ਆਫ ਆਪਟੋਲੋਜੀ ਦੇਸਹਿਯੋਗ ਨਾਲ ਮਿਤੀ 9 ਨਵੰਬਰ ਤੋਂ ਮਿਤੀ 11 ਨਵੰਬਰ ਤੱਕ ਰਾਸ਼ਟਰੀ ਪੱਧਰ ਦੀ ਇੰਡੀਅਨ ਸੋਸਾਇਟੀ ਆਫ ਆਪਟੋਲੋਜੀ ਦੀ34ਵੀਂ ਸਾਲਾਨਾ ਰਾਸ਼ਟਰੀ ਕਾਨਫਰੰਸ (ਆਈ. ਐਸ.ਓ.ਸੀ.ਓ.ਐਨ.) - 2026 ਦਾ ਆਯੋਜਨ ਕੀਤਾ ਗਿਆ । ਤਿੰਨ ਰੋਜਾਂਚੱਲਣ ਵਾਲੀ ਇਸ ਕਾਨਫਰੰਸ ਵਿੱਚ ਦੇਸ਼ ਵਿਦੇਸ਼ ਤੋਂ 1500 ਤੋਂ ਜਿਆਦਾ ਪ੍ਰਸਿੱਧ ਈ.ਐਨ. ਟੀ. ਸਰਜਨ, ਆਟੋਲੋਜਿਸਟ,ਕੋਕਲੀਅਰ ਇੰਪਲਾਂਟ ਮਾਹਿਰ, ਸਕੱਲ-ਬੇਸ ਸਰਜਨ, ਖੋਜਕਰਤਾ ਅਤੇ ਮੈਡੀਕਲ ਮਾਹਿਰ - ਕੰਨ ਅਤੇ ਸੁਣਨ ਸ਼ਕਤੀ ਨਾਲਸਬੰਧਤ ਬਿਮਾਰੀਆਂ ਦੇ ਇਲਾਜ, ਨਵੀਆਂ ਤਕਨੀਕਾਂ ਅਤੇ ਨਵੀਆਂ ਖੋਜ ਬਾਰੇ ਵਿਚਾਰ-ਵਟਾਂਦਰਾ ਕਰਨਗੇ ਅਤੇ ਪ੍ਰੈਕਟਿਕਲਜਾਣਕਾਰੀ ਰਾਹੀਂ ਆਪਣੇ ਗਿਆਨ ਅਤੇ ਤਜੁਰਬੇ ਵਿੱਚ ਹੋਰ ਵਾਧਾ ਕਰਨਗੇ । ਕਾਨਫਰੰਸ ਦਾ ਉਦਘਾਟਨ ਡਾ. ਜੈਫਰੀ ਪੀ. ਹੈਰਿਸ, ਕੈਲੀਫੋਰਨੀਆ ਯੂਨੀਵਰਸਿਟੀ ਸੈਨ ਡਿਏਗੋ ਦੇ ਆਟੋਲੈਰਿੰਗੋਲੋਜੀ-ਹੈੱਡਐਂਡ ਨੇਕ ਸਰਜਰੀ ਅਤੇ ਨਿਊਰੋਲੋਜੀਕਲ ਸਰਜਰੀ ਦੇ ਪ੍ਰਸਿੱਧ ਪ੍ਰੋਫੈਸਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਕੀਤਾ । ਡਾ. ਜੈਫਰੀ ਨੇ ਕਿਹਾ ਕਿ ਭਾਰਤ ਦਾ ਮਾਨ ਵਧਾਉਣ ਵਾਲੀ ਅਤੇ ਦੇਸ਼ਾਂ-ਵਿਦੇਸ਼ਾਂ ਵਿੱਚ ਆਪਣਾ ਨਾਮ ਬਣਾ ਚੁੱਕੀ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਆਧੁਨਿਕ ਟੈਕਨਾਲੋਜੀ, ਨਵੀਆਂ ਮੈਡੀਕਲ ਤਕਨੀਕਾਂ, ਵਿਸ਼ੇਸ਼ ਸਿਹਤ ਸੇਵਾਵਾਂਅਤੇ ਖੋਜਾਂ ਰਾਹੀਂ ਦੇਸ਼ ਵਿੱਚ ਮੈਡੀਕਲ ਸਿੱਖਿਆ ਅਤੇ ਸਿਹਤ ਸੇਵਾਵਾਂ ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਯੋਗਦਾਨ ਨਿਭਾਰਹੀ ਹੈ । ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਗਰੀਬ, ਲੋੜਵੰਦ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਨੂੰ ਵਿਸ਼ੇਸ਼ ਸਿਹਤ ਸੇਵਾਵਾਂਪ੍ਰਦਾਨ ਕਰਨ ਦੇ ਉਪਰਾਲਿਆਂ ਦੀ ਵੀ ਸ਼ਲਾਘਾ ਕੀਤੀ । ਉਨ੍ਹਾਂ ਕਿਹਾ ਕਿ ਆਧੁਨਿਕ ਮੈਡੀਕਲ ਵਿਗਿਆਨ ਅਤੇ ਟੈਕਨਾਲੋਜੀ ਦਾਅਸਲ ਲਾਭ ਤਾਂ ਹੀ ਹੈ, ਜਦੋਂ ਇਹ ਸਮਾਜ ਦੇ ਹਰ ਵਰਗ, ਖਾਸ ਕਰਕੇ ਲੋੜਵੰਦ ਲੋਕਾਂ ਤੱਕ ਪਹੁੰਚੇ । ਡਾ. ਅਰਵਿੰਦਰ ਸਿੰਘ ਸੂਦ, ਆਰਗਨਾਇਜ਼ਿੰਗ ਚੈਅਰਪਰਸਨ ਅਤੇ ਪ੍ਰੋ. ਤੇ ਮੁੱਖੀ ਈ.ਐਨ.ਟੀ. ਵਿਭਾਗ ਨੇ ਦੱਸਿਆ ਕਿ ਕਾਨਫਰੰਸ ਦੌਰਾਨ ਰੰਜਾਨਾਂ ਲਾਈਵ ਸਰਜੀਕਲ ਡੈਮੋਨਸਟ੍ਰੇਸ਼ਨ, ਇੰਟਰਐਕਟਿਵ ਪੈਨਲ ਚਰਚਾਵਾਂ, ਵੀਡੀਓ ਪ੍ਰਜ਼ੈਨਟੇਸ਼ਨ, ਸਰਜੀਕਲ ਵਰਕਸ਼ਾਪਾਂ ਅਤੇ ਟੈਂਪੋਰਲ ਬੋਨ ਡਾਈਸੈਕਸ਼ਨ ਸੈਸ਼ਨ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਅਮਰੀਕਾ, ਰੂਸ, ਬ੍ਰਾਜ਼ੀਲ, ਫਰਾਂਸ, ਇਟਲੀ ਅਤੇ ਯੂ.ਕੇ. ਸਮੇਤ 40 ਤੋਂ ਵੱਧ ਅੰਤਰਰਾਸ਼ਟਰੀ ਡੇਲੀਗੇਟਾਂ ਦੀ ਮੌਜੂਦਗੀ ਸੰਸਥਾ ਲਈ ਵੱਡੇ ਮਾਣ ਵਾਲੀ ਗੱਲ ਹੈ। ਇਸ ਤੋਂ ਇਲਾਵਾ ਨੌਜਵਾਨ ਆਟੋਲੋਜਿਸਟਾਂ ਅਤੇ ਖੋਜਕਰਤਾਵਾਂ ਨੂੰ ਉਤਸ਼ਾਹਿਤ ਕਰਨ ਲਈ ਅਵਾਰਡ ਪੇਪਰ ਸੈਸ਼ਨ, ਈ-ਪੋਸਟਰ ਪ੍ਰਜ਼ੈਂਟੇਸ਼ਨ ਅਤੇ ਆਈ.ਐਸ.ਓ.ਸੀ.ਓ.ਐਨ ਫੈਲੋਸ਼ਿਪ ਸਬੰਧੀ ਵਿਸ਼ੇਸ਼ ਸੈਸ਼ਨ ਆਯੋਜਿਤ ਕੀਤੇ ਗਏ ਹਨ। ਡਾ. ਜਸਕਰਨ ਸਿੰਘ ਨੇ ਕਿਹਾ ਕਿ ਇਸ ਦਾ ਮੁੱਖ ਉਦੇਸ਼ ਭਾਰਤ ਵਿੱਚ ਸੁਣਨ ਸ਼ਕਤੀ ਦੀ ਕਮੀ ਅਤੇ ਬਹਿਰੇਪਣ ਦੀ ਰੋਕਥਾਮ ਤੇ ਇਲਾਜ ਲਈ ਆਧੁਨਿਕ ਤਰੀਕਿਆਂ ਨੂੰ ਮਜ਼ਬੂਤ ਕਰਨਾ ਹੈ। ਡੀਨ ਡਾ. ਏ.ਪੀ. ਸਿੰਘ ਨੇ ਆਯੋਜਨ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਸਮਾਗਮਾਂ ਦੀ ਮੇਜ਼ਬਾਨੀ ਨਾਲ ਯੂਨੀਵਰਸਿਟੀ ਦੀ ਮੈਡੀਕਲ ਸਿੱਖਿਆ, ਖੋਜ, ਨਵੀਨਤਾ ਅਤੇ ਉੱਨਤ ਸਰਜੀਕਲ ਸਿਖਲਾਈ ਵਿੱਚ ਉੱਤਮਤਾ ਹਾਸਲ ਕਰਨ ਦੀ ਵਚਨਬੱਧਤਾ ਹੋਰ ਮਜ਼ਬੂਤ ਹੁੰਦੀ ਹੈ, ਜਿਸ ਨਾਲ ਭਵਿੱਖ ਵਿੱਚ ਵੀ ਵਿਸ਼ਵ ਪੱਧਰੀ ਮੈਡੀਕਲ ਸੰਸਥਾਵਾਂ ਨਾਲ ਸਹਿਯੋਗ ਵਧੇਗਾ। ਕਾਨਫਰੰਸ ਵਿੱਚ ਮੈਡੀਕਲ ਖੇਤਰ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ, ਜਿਨ੍ਹਾਂ ਵਿੱਚ ਡਾ. ਰਵੀ ਰਾਮਾਲਿੰਗਮ, ਡਾ. ਕੋਸ਼ਲ ਸੇਠ, ਡਾ.ਦਵਾਇਪਾਨ ਮੁਖਰਜੀ, ਡਾ. ਵਨੀਤਾ ਸਗੀਨ, ਡਾ. ਪੂਜਾ ਪਾਲ, ਡਾ. ਭਾਨੂੰ ਭਾਰਦਵਾਜ ਸਮੇਤ ਪ੍ਰੋਫੈਸਰ, ਸੀਨੀਅਰ ਰੈਜ਼ੀਡੈਂਟ,ਜੂਨੀਅਰ ਰੈਜ਼ੀਡੈਂਟ ਅਤੇ ਈ.ਐਨ.ਟੀ. ਵਿਭਾਗ ਦੇ ਵਿਦਿਆਰਥੀ ਨੇ ਵੀ ਸ਼ਮੂਲੀਅਤ ਕੀਤੀ। ਉਨ੍ਹਾਂ ਦੀ ਹਾਜ਼ਰੀ ਨੇ ਸਮਾਗਮ ਦੀਅਕਾਦਮਿਕ ਅਤੇ ਵਿਗਿਆਨਕ ਮਹੱਤਤਾ ਨੂੰ ਹੋਰ ਵਧਾਇਆ।

ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ 11 ਅਕਤੂਬਰ ਨੂੰ ਦੀਨਾਨਗਰ ਅਤੇ ਬਟਾਲਾ ਪਹੁੰਚਣਗੇ

ਗੁਰਦਾਸਪੁਰ, 9 ਅਕਤੂਬਰ (ਗੁਲਸ਼ਨ ਰਣੀਆਂ) ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ 11 ਅਕਤੂਬਰ ਨੂੰ ਜ਼ਿਲ੍ਹਾ ਗੁਰਦਾਸਪੁਰ ਪਹੁੰਚਣਗੇ ਅਤੇ ਦੀਨਾਨਗਰ ਅਤੇ ਬਟਾਲਾ ਵਿਖੇ ਵਿਖੇ ਖੁੱਲ੍ਹੀ ਸੁਣਵਾਈ ਕੈਂਪ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਸੁਣਨਗੇ।ਉਨ੍ਹਾਂ ਵਲੋਂ 11 ਅਕਤੂਬਰ ਨੂੰ ਪਹਿਲਾਂ ਐੱਸ.ਐੱਸ.ਐੱਮ ਕਾਲਜ ਦੀਨਾਨਗਰ ਵਿਖੇ ਸਵੇਰੇ 11 ਵਜੇ ਖੁੱਲ੍ਹੀ ਸੁਣਵਾਈ ਕੈਂਪ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ।ਇਸ ਉਪਰੰਤ ਉਨ੍ਹਾਂ ਵਲੋਂ ਦੁਪਹਿਰ 2.30 ਵਜੇ ਕਾਮਧੇਨੁ ਗਊਸ਼ਾਲਾ ਸਮਾਧ ਰੋਡ, ਬਟਾਲਾ ਵਿਖੇ ਖੁੱਲ੍ਹੀ ਸੁਣਵਾਈ ਕੈਂਪ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਆਪਣੀਆਂ ਮੁਸ਼ਕਿਲਾਂ ਦੱਸਣ ਲਈ ਦੀਨਾਨਗਰ ਅਤੇ ਬਟਾਲਾ ਵਿਖੇ ਲੱਗ ਰਹੇ ਵਿਸ਼ੇਸ਼ ਕੈਂਪ ਵਿੱਚ ਪਹੁੰਚਣ ਦੀ ਅਪੀਲ ਕੀਤੀ ਹੈ।

ਨੀਰਜ ਸਲਹੋਤਰਾ ਦੀ ਪ੍ਰਧਾਨਗੀ ਹੇਠ ਪਿੰਡ ਮਾਨ ਚੌਪੜਾ, ਭੁੰਬਲੀ, ਬੱਕਰੀ ਨੰਗਲ ਤੇ ਭੁੱਕਰਾ ਵਿਖੇ ਯੁੱਧ ਨਸ਼ਿਆਂ ਵਿਰੁੱਧ ਦੇ ਸਬੰਧ ਵਿੱਚ ਮੀਟਿੰਗ

ਗੁਰਦਾਸਪੁਰ, 9 ਅਕਤੂਬਰ (ਗੁਲਸ਼ਨ ਕੁਮਾਰ ਰਣੀਆਂ) ਨੀਰਜ ਸਲਹੋਤਰਾ, ਜ਼ਿਲ੍ਹਾ ਕੁਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ ਵਲੋਂ ਪਿੰਡ ਮਾਨ ਚੌਪੜਾ, ਭੁੰਬਲੀ, ਬੱਬਰੀ ਨੰਗਲ ਤੇ ਭੁੱਕਰਾ ਵਿਖੇ ਯੁੱਧ ਨਸ਼ਿਆਂ ਵਿਰੁੱਧ ਦੇ ਸਬੰਧ ਵਿੱਚ ਮੀਟਿੰਗ ਕੀਤੀ ਗਈ ਅਤੇ ਇਸ ਮੁਹਿੰਮ ਦੇ 551 ਦਿਨ ਮੁਕੰਮਲ ਹੋਣ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਇਸ ਮੌਕੇ ਪਵਨ ਕੁਮਾਰ ਹਲਕਾ ਕੁਆਰਡੀਨੇਟਰ, ਦਵਿੰਦਰ ਵਾਈਸ ਕੁਆਰਡੀਨੇਟਰ, ਗੁਰਜੀਵ ਟਿੰਕੂ ਵਾਈਸ ਹਲਕਾ ਕੁਆਰਡੀਨੇਟਰ, ਮੋਹਨ ਲਾਲ ਬਲਾਕ ਪ੍ਰਧਾਨ, ਰੋਬਨਦਪਿੰਦਰ ਸਿੰਘ, ਮਹਿੰਦਰ ਸਿੰਘ, ਮੁਨੀਸ਼ ਭੱਟੀਆਂ, ਰਜਨੀਸ਼ ਬੈਂਸ ਅਤੇ ਸੁਨੀਲ ਕੁਮਾਰ (ਸਾਰੇ ਬਲਾਕ ਕੁਆਰਡੀਨੇਟਰ), ਪੁਲਿਸ ਵਿਭਾਗ, ਬੀ.ਡੀ.ਪੀ.ਓ ਦਫਤਰ ਆਦਿ ਦੇ ਅਧਿਕਾਰੀ ਮੌਜੂਦ ਸਨ।ਪਿੰਡਾਂ ਵਿੱਚ ਕੀਤੀਆਂ ਮੀਟਿੰਗਾਂ ਦੌਰਾਨ ਨੀਰਜ ਸਲਹੋਤਰਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆ ਨੂੰ ਠੱਲ੍ਹ ਪਾਉਣ ਲਈ ਵਚਨਬੱਧ ਹੈ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਸਖ਼ਤ ਰੁਖ਼ ਅਪਣਾਇਆ ਗਿਆ ਹੈ।ਉਨ੍ਹਾਂ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 551 ਦਿਨਾਂ ਦੌਰਾਨ 76 ਹਜ਼ਾਰ ਤੋਂ ਵੱਧ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਦਾ ਆਪਣਾ ਦ੍ਰਿੜ ਸੰਕਲਪ ਦਿਖਾਇਆ ਹੈ।ਉਨ੍ਹਾਂ ਦੱਸਿਆ ਕਿ ਨਸ਼ਾ ਮੁਕਤੀ ਮੋਰਚੇ ਦੀਆਂ ਟੀਮਾਂ ਪਿੰਡ-ਪਿੰਡ ਅਤੇ ਵਾਰਡ-ਵਾਰਡ ਜਾ ਕੇ ਲੋਕਾਂ ਨੂੰ ਜਾਗਰੂਕ ਕਰ ਰਹੀਆਂ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਲੋਕਾਂ ਨਾਲ ਵਿਚਾਰ ਵਟਾਂਦਰਾ ਕਰਕੇ ਨਸ਼ਿਆਂ ਦੀ ਸਮੱਸਿਆ ਵਿਰੁੱਧ ਲੜਾਈ ਵਿੱਚ ਹੋਈ ਪ੍ਰਗਤੀ ਬਾਰੇ ਵੱਖ ਵੱਖ ਮੁੱਦਿਆਂ ਤੇ ਚਰਚਾ ਕੀਤੀ ਜਾ ਰਹੀ ਹੈ ਤਾਂ ਜੋ ਨਸ਼ਿਆਂ ਨੂੰ ਜੜੋਂ ਖਤਮ ਕੀਤਾ ਜਾ ਸਕੇ।ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਨਸ਼ਿਆਂ ਨੂੰ ਲੋਕਾਂ ਦੇ ਸਹਿਯੋਗ ਨਾਲ ਸੂਬੇ ਅੰਦਰੋਂ ਖਤਮ ਕਰਨ ਲਈ ਦ੍ਰਿੜ ਸੰਕਲਪ ਹੈ ਅਤੇ ਨਸ਼ਿਆਂ ਵਿਰੁੱਧ ਲੜਾਈ ਜਾਰੀ ਰਹੇਗੀ।

ਸ਼ਬਰੀ ਦੀ ਭਗਤੀ, ਸੇਵਾ ਅਤੇ ਮਰਿਆਦਾ ਦਾ ਸੰਦੇਸ਼ ਦੇ ਕੇ ਭਗਤਾਂ ਨੂੰ ਰਾਮ-ਭਗਤੀ ਦੇ ਰੰਗ ਵਿੱਚ ਰੰਗ ਗਏ ਮਹਾਤਮਾ ਅਯੋਧਿਆ ਦਾਸ ਜੀ

ਬਟਾਲਾ, 9 ਅਕਤੂਬਰ (ਸੰਜੀਵ ਨਈਅਰ) ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਗਊਸ਼ਾਲਾ ਰਜਿਸਟਰਡ ਬਟਾਲਾ ਵਿਖੇ ਰੋਜ਼ਾਨਾ ਪ੍ਰਾਰਥਨਾ ਸਭਾ ਰਜਿਸਟਰਡ ਬਟਾਲਾ ਵੱਲੋਂ ਕਰਵਾਈ ਜਾ ਰਹੀ ਸ਼੍ਰੀ ਰਾਮ ਕਥਾ ਅੰਮ੍ਰਿਤ ਦੇ ਚੌਥੇ ਦਿਨ ਪਰਮ ਪੂਜਨੀਕ ਮਹਾਤਮਾ ਸ਼੍ਰੀ ਅਯੋਧਿਆ ਦਾਸ ਜੀ ਮਹਾਰਾਜ, ਰਿਸ਼ੀਕੇਸ਼ ਵਾਲਿਆਂ ਨੇ ਸ਼ਬਰੀ ਦੇ ਨਿਸ਼ਕਾਮ ਪ੍ਰੇਮ, ਸੇਵਾ ਭਾਵਨਾ, ਮੋਹ-ਮਾਇਆ ਅਤੇ ਮਾਤਾ ਸੀਤਾ ਤੇ ਪ੍ਰਭੂ ਸ਼੍ਰੀ ਰਾਮ ਨਾਲ ਸਬੰਧਤ ਪ੍ਰਸੰਗਾਂ ਦੀ ਬਹੁਤ ਹੀ ਸਰਲ, ਸੁੰਦਰ ਅਤੇ ਭਾਵਪੂਰਨ ਢੰਗ ਨਾਲ ਵਿਆਖਿਆ ਕੀਤੀ। ਕਥਾ ਦੌਰਾਨ ਮੰਦਰ ਦਾ ਮਾਹੌਲ ਭਗਤੀਮਈ ਹੋ ਗਿਆ ਅਤੇ ਹਾਜ਼ਰ ਸੰਗਤ ਨੇ ਸ਼ਰਧਾ ਤੇ ਇਕਾਗਰਤਾ ਨਾਲ ਕਥਾ ਦਾ ਰਸ ਮਾਣਿਆ। ਮਹਾਤਮਾ ਜੀ ਨੇ ਸ਼ਬਰੀ ਦੇ ਪ੍ਰਸੰਗ ਰਾਹੀਂ ਸਮਝਾਇਆ ਕਿ ਪ੍ਰਭੂ ਦੀ ਭਗਤੀ ਵਿੱਚ ਸੱਚੀ ਸ਼ਰਧਾ, ਨਿਸ਼ਕਾਮ ਪ੍ਰੇਮ, ਸੇਵਾ ਅਤੇ ਸਮਰਪਣ ਦਾ ਵਿਸ਼ੇਸ਼ ਮਹੱਤਵ ਹੈ। ਪਰਮਾਤਮਾ ਬਾਹਰੀ ਦਿਖਾਵੇ ਦੀ ਬਜਾਏ ਮਨ ਦੀ ਪਵਿੱਤਰਤਾ ਅਤੇ ਸੱਚੀ ਭਾਵਨਾ ਨੂੰ ਮਹੱਤਵ ਦਿੰਦੇ ਹਨ। ਉਨ੍ਹਾਂ ਨੇ ਸੰਗਤ ਨੂੰ ਧਰਮ ਦੇ ਮਾਰਗ 'ਤੇ ਚੱਲਣ, ਚੰਗੇ ਸੰਸਕਾਰ ਅਪਣਾਉਣ ਅਤੇ ਜੀਵਨ ਵਿੱਚ ਸੇਵਾ ਤੇ ਨਿਮਰਤਾ ਨੂੰ ਅਹਿਮ ਸਥਾਨ ਦੇਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਰੋਜ਼ਾਨਾ ਪ੍ਰਾਰਥਨਾ ਸਭਾ ਬਟਾਲਾ ਦੇ ਡਾਇਰੈਕਟਰ ਅਤੇ ਗਊਸ਼ਾਲਾ ਟਰੱਸਟ ਦੇ ਪ੍ਰਧਾਨ ਸ਼੍ਰੀ ਅਸ਼ੋਕ ਅਗਰਵਾਲ ਨੇ ਸੰਗਤ ਨੂੰ ਆਪਣੇ ਧਰਮ ਅਤੇ ਸੱਭਿਆਚਾਰ ਨਾਲ ਜੁੜੇ ਰਹਿਣ ਅਤੇ ਆਪਣੀਆਂ ਧਾਰਮਿਕ ਕਦਰਾਂ-ਕੀਮਤਾਂ

ਲਗਾਤਾਰ 15ਵੀਂ ਵਾਰ ਸ਼ਮੀ ਕਪੂਰ ਬਣੇ ਵਿਸ਼ਵਾਸ ਫਾਊਂਡੇਸ਼ਨ ਦੇ ਪ੍ਰਧਾਨ, ਲੋਕਾਂ ਦੇ ਭਰੋਸੇ 'ਤੇ ਖਰਾ ਉਤਰਨ ਦਾ ਲਿਆ ਸੰਕਲਪ

ਬਟਾਲਾ (ਸੰਜੀਵ ਨਈਅਰ) ਵਿਸ਼ਵਾਸ ਫਾਊਂਡੇਸ਼ਨ ਵੱਲੋਂ ਸ਼ਮੀ ਕਪੂਰ 'ਤੇ ਲਗਾਤਾਰ 15ਵੀਂ ਵਾਰ ਭਰੋਸਾ ਜਤਾਉਂਦਿਆਂ ਉਨ੍ਹਾਂ ਨੂੰ ਫਾਊਂਡੇਸ਼ਨ ਦਾ ਪ੍ਰਧਾਨ ਬਣਾਇਆ ਗਿਆ ਹੈ। ਇਹ ਨਿਯੁਕਤੀ ਉਨ੍ਹਾਂ ਦੀ ਅਗਵਾਈ 'ਤੇ ਸਥੇਬੰਦੀ ਵੱਲੋਂ ਲਗਾਤਾਰ ਪ੍ਰਗਟਾਏ ਜਾ ਰਹੇ ਵਿਸ਼ਵਾਸ ਨੂੰ ਦਰਸਾਉਂਦੀ ਹੈ। ਲਗਾਤਾਰ 15ਵੀਂ ਵਾਰ ਇਸ ਅਹਿਮ ਜ਼ਿੰਮੇਵਾਰੀ ਲਈ ਚੁਣੇ ਜਾਣ ਨੂੰ ਉਨ੍ਹਾਂ ਦੀ ਕਾਰਜਸ਼ੈਲੀ ਅਤੇ ਸੰਸਥਾ ਨਾਲ ਜੁੜੇ ਰਹਿਣ ਦੇ ਸਫ਼ਰ ਵਿੱਚ ਇੱਕ ਮਹੱਤਵਪੂਰਨ ਪੜਾਅ ਮੰਨਿਆ ਜਾ ਰਿਹਾ ਹੈ। ਇਸ ਮੌਕੇ ਸ਼ਮੀ ਕਪੂਰ ਨੇ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਇਸ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਉਨ੍ਹਾਂ ਕਿਹਾ, ਮੇਰੇ 'ਤੇ ਵਾਰ-ਵਾਰ ਭਰੋਸਾ ਜਤਾਉਣਾ ਮੇਰੇ ਲਈ ਮਾਣ ਵਾਲੀ ਗੱਲ ਹੋਣ ਦੇ ਨਾਲ-ਨਾਲ ਇੱਕ ਵੱਡੀ ਜ਼ਿੰਮੇਵਾਰੀ ਵੀ ਹੈ। ਮੈਂ ਲੋਕਾਂ ਅਤੇ ਫਾਊਂਡੇਸ਼ਨ ਵੱਲੋਂ ਜਤਾਏ ਗਏ ਇਸ ਵਿਸ਼ਵਾਸ ਨੂੰ ਕਿਸੇ ਵੀ ਕੀਮਤ 'ਤੇ ਟੁੱਟਣ ਨਹੀਂ ਦੇਵਾਂਗਾ। ਮੇਰੀ ਕੋਸ਼ਿਸ਼ ਰਹੇਗੀ ਕਿ ਮੈਂ ਆਪਣੇ ਕੰਮ ਅਤੇ ਵਿਹਾਰ ਰਾਹੀਂ ਇਸ ਭਰੋਸੇ ਨੂੰ ਹੋਰ ਮਜ਼ਬੂਤ ਕਰਾਂ। ਉਨ੍ਹਾਂ ਅੱਗੇ ਕਿਹਾ ਕਿ ਕਿਸੇ ਵੀ ਸੰਸਥਾ ਦੀ ਅਸਲ ਤਾਕਤ ਉਸ ਨਾਲ ਜੁੜੇ ਲੋਕਾਂ ਦਾ ਵਿਸ਼ਵਾਸ, ਆਪਸੀ ਸਹਿਯੋਗ ਅਤੇ ਸਾਂਝੇ ਉਦੇਸ਼ਾਂ ਪ੍ਰਤੀ ਸਮਰਪਣ ਹੁੰਦਾ ਹੈ। ਜ਼ਿੰਮੇਵਾਰੀ ਮਿਲਣਾ ਆਪਣੇ ਆਪ ਵਿੱਚ ਮੰਜ਼ਿਲ ਨਹੀਂ, ਸਗੋਂ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਯਤਨ ਕਰਨ ਦੀ ਪ੍ਰੇਰਣਾ ਹੈ। ਸ਼ਮੀ ਕਪੂਰ ਨੇ ਕਿਹਾ ਕਿ ਉਹ ਫਾਊਂਡੇਸ਼ਨ ਦੀ ਬਿਹਤਰੀ ਅਤੇ ਇਸ ਦੇ ਉਦੇਸ਼ਾਂ ਨੂੰ ਅੱਗੇ ਵਧਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਨੇ ਇਸ ਭਰੋਸੇ ਲਈ ਫਾਊਂਡੇਸ਼ਨ ਨਾਲ ਜੁੜੇ ਸਾਰੇ ਮੈਂਬਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਿਸੇ ਵੀ ਸਾਂਝੇ ਉਪਰਾਲੇ ਦੀ ਸਫ਼ਲਤਾ ਲਈ ਹਰ ਵਿਅਕਤੀ ਦੀ ਭੂਮਿਕਾ ਅਹਿਮ ਹੁੰਦੀ ਹੈ। ਲਗਾਤਾਰ 15ਵੀਂ ਵਾਰ ਪ੍ਰਧਾਨ ਦੀ ਜ਼ਿੰਮੇਵਾਰੀ ਮਿਲਣ ਨਾਲ ਸ਼ਮੀ ਕਪੂਰ ਦੇ ਹੌਸਲੇ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਨਵੀਂ ਪ੍ਰੇਰਣਾ ਮਿਲੀ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਉਹ ਆਪਣੇ ਫਰਜ਼ਾਂ ਨੂੰ ਪਹਿਲ ਦਿੰਦਿਆਂ ਫਾਊਂਡੇਸ਼ਨ ਦੀ ਮਰਿਆਦਾ ਅਤੇ ਲੋਕਾਂ ਦੇ ਵਿਸ਼ਵਾਸ ਨੂੰ ਕਾਇਮ ਰੱਖਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।

ਸ੍ਰੀ ਹਜ਼ੂਰ ਸਾਹਿਬ ਵਿਖੇ 11 ਤੋਂ 20 ਅਕਤੂਬਰ ਤੱਕ ਜਾਹੋ ਜਲਾਲ ਨਾਲ ਮਨਾਇਆ ਜਾਵੇਗਾ ਦੁਸਹਿਰਾ ਪੁਰਬ: ਡਾ.ਵਿਜੇ ਸਤਬੀਰ ਸਿੰਘ

ਅੰਮ੍ਰਿਤਸਰ 9 ਅਕਤੂਬਰ (ਰਾਜੇਸ਼ ਡੈਨੀ) ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਡਾ.ਸ. ਵਿਜੇ ਸਤਬੀਰ ਸਿੰਘ ਨੇ ਦੱਸਿਆ ਕਿ ਇਸ ਇਤਿਹਾਸਕ ਦਿਹਾੜੇ ਨੂੰ ਪੁਰਾਤਨ ਸਮੇਂ ਤੋਂ ਚਲੀ ਆ ਰਹੀ ਮਰਿਯਾਦਾ ਅਨੁਸਾਰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਮਾਨਯੋਗ ਪੰਜ ਪਿਆਰੇ ਸਾਹਿਬਾਨ ਦੇ ਸਰਪ੍ਰਸਤੀ ਹੇਠ ਹਰ ਸਾਲ ਦੀ ਤਰਾਂ ਇਸ ਸਾਲ ਵੀ ਦੁਸਹਿਰਾ ਪੁਰਬ (ਮਹੱਲਾ) ਪੂਰੇ ਜਾਹੋ-ਜਲਾਲ, ਧਾਰਮਿਕ ਰਵਾਇਤਾ ਅਨੁਸਾਰ ਵੱਡੇ ਪੱਧਰ ਤੇ ਮਨਾਇਆ ਜਾਵੇਗਾ ਮਿਤੀ 11 ਅਕਤੂਬਰ 2026 ਤੋਂ ਰੋਜਾਨਾ ਰਾਤ 9 ਵਜੇ ਤੋਂ 12 ਵਜੇ ਤਕ ਸ੍ਰੀ ਦਸ਼ਮ ਗ੍ਰੰਥ ਸਾਹਿਬ ਵਿੱਚੋਂ ਜੁੱਧਮਈ (ਚੰਡੀ) 'ਬਾਣੀ' ਦੇ ਪਾਠ ਸਿੰਘ ਸਾਹਿਬ ਭਾਈ ਸਰਬਜੀਤ ਸਿੰਘ ਜੀ ਨਿਰਮਲੇ - ਹੈਡ ਗ੍ਰੰਥੀ ਕਰਣਗੇ। ਮਿਤੀ 20 ਅਕਤੂਬਰ 2026 ਨੂੰ ਸਵੇਰੇ 11 ਵਜੇ ਗੁਰੂ ਸਾਹਿਬ ਦੇ ਇਤਿਹਾਸਿਕ ਸ਼ਸਤ੍ਰ, ਸਿੰਘਾਸਨ ਅਸਥਾਨ ਦੇ ਮੁੱਖ ਦੁਆਰ ਦੇ ਸਨਮੁੱਖ ਦਰਸ਼ਨਾਂ ਲਈ ਸਜਾਏ ਜਾਣਗੇ, ਉਪਰੰਤ ਇਨਾਂ ਸ਼ਸਤ੍ਰਾਂ ਦੇ ਤਿਲਕ, ਪੂਜਨ ਆਦਿ ਦੀ ਰਸਮ ਅਦਾ ਕੀਤੀ ਜਾਵੇਗੀ। ਮਿਤੀ 20-10-26 ਸ਼ਾਮ ਠੀਕ 4 ਵੱਜੇ ਪਰੰਪਰਾਗਤ ਮਹੱਲੇ ਦੇ ਆਰੰਭਤਾ ਦੀ ਅਰਦਾਸ ਮੀਤ ਜੱਥੇਦਾਰ ਸਿੰਘ ਸਾਹਿਬ ਭਾਈ ਰਾਮ ਸਿੰਘ ਜੀ ਕਰਨਗੇ ਉਪਰੰਤ ਇਹ ਮਹੱਲਾ ਮਾਨਯੋਗ ਜੱਥੇਦਾਰ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਜੀ ਇਨਾਂ ਦੇ ਸਰਪ੍ਰਸਤੀ ਹੇਠ ਗੁਰੂ ਸਾਹਿਬ ਜੀ ਦੇ ਨਿਸ਼ਾਨ ਸਾਹਿਬ, ਘੋੜੇ, ਨਗਾਰੇ, ਕੀਰਤਨੀ ਜੱਥੇ, ਗੱਤਕਾ ਪਾਰਟੀਆਂ, ਦਲ- ਪੰਥ ਦੇ ਮੁੱਖੀ, ਸਾਧ-ਸੰਗਤ ਸ਼ਾਮਲ ਹੋਣਗੇ। ਇਹ ਮਹੱਲਾ ਪਰੰਪਰਾਗਤ ਮਾਰਗਾਂ ਤੋਂ ਹੁੰਦਾ ਹੋਇਆ ਹੱਲਾ ਬੋਲ ਚੌਕ (ਫਾਰੇਸਟ . ਆਫਿਸ) ਪਾਸ ਪੁੱਜ ਕੇ ਚਲੀ ਆ ਰਹੀ ਰਵਾਇਤ ਅਨੁਸਾਰ ਅਰਦਾਸ ਕਰਕੇ 'ਹੱਲਾ ਖੇਡੀਆ ਜਾਵੇਗਾ, ਉਪਰੰਤ ਗੁਰਦੁਆਰਾ ਬਾਉਲੀ ਸਾਹਿਬ ਪੁੱਜ ਕੇ ਭਜਨ, ਕੀਰਤਨ ਕਰ ਇਹ ਮਹੱਲਾ ਹਮੇਸ਼ਾ ਵਾਂਗ ਮਾਰਗਾਂ ਤੋਂ ਹੁੰਦੇ ਹੋਏ ਗੁਰਦੁਆਰਾ ਨਗੀਨਾ ਘਾਟ ਸਾਹਿਬ ਪੁੱਜ ਕੇ ਭਜਨ-ਪੂਜਨ ਅਰਦਾਸ ਕਰਕੇ ਦੇਰ ਰਾਤ ਤਖ਼ਤ ਸਾਹਿਬ ਵਿਖੇ ਪਹੁੰਚਕੇ ਮਹੱਲੇ ਦਾ ਸਮਾਪਨ ਹੋਵੇਗਾ। ਮਿਤੀ 17 ਅਕਤੂਬਰ 2026 ਤੋਂ ਰੋਜਾਨਾ ਸਵੇਰੇ ਅਤੇ ਰਾਤ ਸਿੱਖ ਪੰਥ ਦੇ ਮਹਾਨ ਇਤਿਹਾਸਕਾਰ, ਕਵੀਸ਼ਰ, ਢਾਡੀ ਜੱਥੇ ਸੰਗਤਾਂ ਨੂੰ ਗੁਰ ਇਤਿਹਾਸ ਸਰਵਣ ਕਰਾਉਣਗੇ ਦੁਸ਼ਹਿਰੇ ਮਹੱਲੇ ਲਈ ਪੁੱਜ ਰਹੀ ਸਮੂਹ ਸਾਧ-ਸੰਗਤ, ਦਲ-ਪੰਥ, ਸੰਤ-ਮਹਾਂਪੁਰਸ਼ ਇਨਾਂ ਦੀ ਸੇਵਾਵਾਂ ਲਈ ਗੁਰਦੁਆਰਾ ਬੋਰਡ ਦੇ ਮਾਨਯੋਗ ਪ੍ਰਸ਼ਾਸਕ-ਡਾ.ਸ. ਵਿਜੇ ਸਤਬੀਰ ਸਿੰਘ ਜੀ ਇਨਾਂ ਵੱਲੋਂ ਨਿਰਦੇਸ਼ ਜਾਰੀ ਕਰ ਗੁਰਦੁਆਰਾ ਬੋਰਡ ਦੇ ਸਮੂਹ ਅਧਿਕਾਰੀ, ਕਰਮਚਾਰੀਆਂ ਨੂੰ ਸੂਚੀਤ ਕੀਤਾ ਗਿਆ ਕੇ, ਸੰਗਤਾਂ ਦੀ ਸਹੂਲਤ ਲਈ ਹਰ ਸਾਲ ਦੀ ਤਰਹਾਂ ਇਸ ਸਾਲ ਵੀ ਪੂਰੇ ਯੋਗ ਪ੍ਰਬੰਧ ਕੀਤੇ ਜਾਣ ਤੇ 24 ਘੰਟੇ ਸੇਵਾਵਾਂ ਲਗਾਇਆਂ ਜਾਣ। ਸੰਗਤਾਂ ਨੂੰ ਬੇਨਤੀ ਹੈ ਕਿ, ਦੁਸਹਿਰੇ ਪੁਰਬ ਦੇ ਸਮੂਹ ਸਮਾਗਮਾਂ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੀ ਬਰਸੀ ਮਨਾਈ

ਅੰਮ੍ਰਿਤਸਰ, 9 ਅਕਤੂਬਰ: ਕੌਮੀ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਦੀ ਸਾਲਾਨਾ ਬਰਸੀ ਸ਼੍ਰੋਮਣੀ ਕਮੇਟੀ ਵੱਲੋਂ ਅੱਜ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਮਨਾਈ ਗਈ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਖਾਲਸਾ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ, ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਕਿਹਾ ਕਿ ਭਾਈ ਹਰਜਿੰਦਰ ਸਿੰਘ ਜਿੰਦਾ ਤੇ ਭਾਈ ਸੁਖਦੇਵ ਸਿੰਘ ਸੁੱਖਾ ਸਾਡੇ ਮਹਾਨ ਸ਼ਹੀਦ ਹਨ, ਜਿਨ੍ਹਾਂ ਨੇ ਕੌਮ ਖਾਤਰ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਿੰਘਾਂ ਵੱਲੋਂ ਕੌਮੀ ਜਜ਼ਬੇ ਖ਼ਾਤਰ ਦਿੱਤੀਆਂ ਸ਼ਹਾਦਤਾਂ ਨੂੰ ਕੌਮ ਹਮੇਸ਼ਾਂ ਸਜਦਾ ਕਰਦੀ ਹੈ ਅਤੇ ਕਰਦੀ ਰਹੇਗੀ। ਇਸ ਮੌਕੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਭਾਈ ਭੁਪਿੰਦਰ ਸਿੰਘ, ਬੀਬੀ ਕੁਲਵੰਤ ਕੌਰ ਸਮੇਤ ਹੋਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਮਨਜੀਤ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਹਾਲਵਾਂ, ਐਡੀਸ਼ਨਲ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਮੀਤ ਸਿੰਘ ਮੁਕਤਸਰੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ ਤੋਂ ਇਲਾਵਾ ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ. ਨਰਿੰਦਰ ਸਿੰਘ, ਸ. ਬੇਅੰਤ ਸਿੰਘ ਖਿਆਲਾ, ਸ. ਜਰਨੈਲ ਸਿੰਘ ਸਖੀਰਾ ਅਤੇ ਸ. ਪਰਮਜੀਤ ਸਿੰਘ ਮੰਡ ਆਦਿ ਮੌਜੂਦ ਸਨ।

ਬਟਾਲਾ ਵਿੱਚ ਐੱਚ.ਆਈ.ਵੀ./ਏਡਜ਼ ਸਬੰਧੀ ਜਾਗਰੂਕਤਾ ਰੈਲੀ ਕੱਢੀ



ਬਟਾਲਾ, 9 ਅਕਤੂਬਰ (ਸੰਜੀਵ ਨਈਅਰ) ਡੀ.ਏ.ਪੀ.ਸੀ.ਓ. ਅੰਮ੍ਰਿਤਸਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਐੱਸ.ਐੱਮ.ਓ. ਸਿਵਲ ਹਸਪਤਾਲ ਬਟਾਲਾ ਡਾ. ਮਨਿੰਦਰਜੀਤ ਸਿੰਘ ਦੀ ਅਗਵਾਈ ਹੇਠ ਐੱਚ.ਆਈ.ਵੀ./ਏਡਜ਼ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਜਾਗਰੂਕਤਾ ਰੈਲੀ ਕੱਢੀ ਗਈ। ਇਸ ਰੈਲੀ ਵਿੱਚ ਬਟਾਲਾ ਦੇ ਪੀ.ਐੱਸ.ਏ. ਸੀ.ਐੱਸ. ਨਾਲ ਸਬੰਧਤ ਵੱਖ-ਵੱਖ ਕੇਂਦਰਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਮੂਹਿਕ ਤੌਰ 'ਤੇ ਹਿੱਸਾ ਲਿਆ। ਰੈਲੀ ਨੂੰ ਡਾ. ਪੁਨੀਤ ਅਤੇ ਡਾ. ਸਿਮਰਨਜੀਤ ਸਿੰਘ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਵੀ.ਐੱਮ.ਐੱਸ. ਕਾਲਜ ਅਤੇ ਰਾਇਲ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਲੋਕਾਂ ਨੂੰ ਐੱਚ. ਆਈ.ਵੀ./ਏਡਜ਼ ਪ੍ਰਤੀ ਜਾਗਰੂਕ ਹੋਣ ਦਾ ਸੰਦੇਸ਼ ਦਿੱਤਾ। ਇਸ ਜਾਗਰੂਕਤਾ ਮੁਹਿਮ ਵਿੱਚ ਆਈ.ਸੀ.ਟੀ.ਸੀ. ਕੇਂਦਰ, ਐੱਸ. ਐੱਸ.ਕੇ., ਐੱਸ.ਟੀ.ਆਈ./ਓ.ਐੱਸ.ਟੀ. ਕੇਂਦਰ, ਆਰਟ ਕੇਂਦਰ, ਨਿਪੁੰਨ ਬਟਾਲਾ, ਜੇ.ਕੇ.ਐੱਸ.ਪੀ.ਵਾਈ.ਐੱਮ. ਬਟਾਲਾ ਅਤੇ ਡੀ-ਐਡੀਕਸ਼ਨ ਸੈਂਟਰ ਬਟਾਲਾ ਸਮੇਤ ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਆਪਣਾ ਯੋਗਦਾਨ ਪਾਇਆ। ਰੈਲੀ ਦੌਰਾਨ ਕਾਲਜ ਦੇ ਵਿਦਿਆਰਥੀਆਂ ਨੇ ਐੱਚ. ਆਈ.ਵੀ./ਏਡਜ਼ ਸਬੰਧੀ ਜਾਗਰੂਕਤਾ ਸੰਦੇਸ਼ਾਂ ਵਾਲੇ ਚਾਰਟ ਅਤੇ ਫਲੈਕਸ ਬੋਰਡ ਤਿਆਰ ਕਰਕੇ ਲੋਕਾਂ ਨੂੰ ਇਸ ਬਿਮਾਰੀ ਦੇ ਫੈਲਣ ਦੇ ਕਾਰਨਾਂ, ਬਚਾਅ ਦੇ ਤਰੀਕਿਆਂ ਅਤੇ ਸਮੇਂ ਸਿਰ ਜਾਂਚ ਕਰਵਾਉਣ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੁਹਿਮ ਦਾ ਮੁੱਖ ਉਦੇਸ਼ ਲੋਕਾਂ ਵਿੱਚ ਐੱਚ.ਆਈ.ਵੀ./ਏਡਜ਼ ਪ੍ਰਤੀ ਸਹੀ ਜਾਣਕਾਰੀ ਫੈਲਾਉਣਾ, ਬਿਮਾਰੀ ਨਾਲ ਜੁੜੀਆਂ ਗਲਤ ਧਾਰਨਾਵਾਂ ਨੂੰ ਦੂਰ ਕਰਨਾ ਅਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਅਤੇ ਸਿਹਤ ਵਿਭਾਗ ਦੇ ਨੁਮਾਇੰਦਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਐੱਚ. ਆਈ.ਵੀ./ਏਡਜ਼ ਸਬੰਧੀ ਸਹੀ ਜਾਣਕਾਰੀ ਹਾਸਲ ਕਰਨ ਅਤੇ ਜਾਗਰੂਕਤਾ ਦੇ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ।

ਖੇਤੀਬਾੜੀ ਵਿਭਾਗ ਨੇ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਜਾਣਕਾਰੀ ਦੇਣ ਲਈ ਲਾਇਆ ਜ਼ਿਲ੍ਹਾ ਪੱਧਰੀ ਕਿਸਾਨ ਸਿਖ਼ਲਾਈ ਕੈਂਪ, ਵਿਧਾਇਕ ਬਲਕਾਰ ਸਿੰਘ ਨੇ ਕੀਤੀ ਸ਼ਿਰਕਤ

ਕਰਤਾਰਪੁਰ, (ਜਲੰਧਰ), 9 ਅਕਤੂਬਰ (ਪਰਮਜੀਤ ਸਿੰਘ) ਕਿਸਾਨਾਂ ਨੂੰ ਹਾੜ੍ਹੀ 2026-27 ਦੀਆਂ ਫ਼ਸਲਾਂ ਅਤੇ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਤਮਾ ਸਕੀਮ ਅਧੀਨ ਜ਼ਿਲ੍ਹਾ ਪੱਧਰੀ ਕਿਸਾਨ ਸਿਖ਼ਲਾਈ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਹਲਕਾ ਵਿਧਾਇਕ ਬਲਕਾਰ ਸਿੰਘ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਇਸਦਾ ਸੁਚੱਜਾ ਪ੍ਰਬੰਧਨ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਜਿਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ ਉਥੇ ਜ਼ਮੀਨ ਦੀ ਉਪਜਾਊ ਸ਼ਕਤੀ ਦਾ ਵੀ ਨੁਕਸਾਨ ਹੁੰਦਾ ਹੈ। ਉਨ੍ਹਾਂ ਕਿਸਾਨਾਂ ਨੂੰ ਸਰਕਾਰ ਵੱਲੋਂ ਸਬਸਿਡੀ 'ਤੇ ਮੁਹੱਈਆ ਕਰਵਾਈ ਜਾਂਦੀ ਖੇਤੀ ਮਸ਼ੀਨਰੀ ਨਾਲ ਫ਼ਸਲੀ ਰਹਿੰਦ-ਖੂਹੰਦ ਦਾ ਯੋਗ ਪ੍ਰਬੰਧਨ ਕਰਕੇ ਵਾਤਾਵਰਣ ਦੀ ਸੰਭਾਲ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਖੇਤਰ ਦੇ ਵਿਕਾਸ ਅਤੇ ਕਿਸਾਨਾਂ ਦੀ ਭਲਾਈ ਦੀ ਵਚਨਬੱਧਤਾ ਵੀ ਦੁਹਰਾਈ। ਉਨ੍ਹਾਂ ਇਸ ਮੌਕੇ ਕਿਸਾਨਾਂ ਨੂੰ ਖੇਤੀ ਧੰਦੇ ਨੂੰ ਲਾਹੇਵੰਦ ਬਣਾਉਣ ਲਈ ਖੇਤੀਬਾੜੀ ਵਿਭਾਗ ਦੇ ਮਾਹਰਾਂ ਵੱਲੋਂ ਸਿਫਾਰਸ਼ ਕੀਤੇ ਬੀਜ, ਖਾਦ ਅਤੇ ਦਵਾਈਆਂ ਦੀ ਹੀ ਵਰਤੋਂ ਕਰਨ ਲਈ ਕਿਹਾ। ਅਸਟੇਟ ਅਫ਼ਸਰ, ਪੁੱਡਾ ਨਵਦੀਪ ਸਿੰਘ ਨੇ ਵੀ ਪਰਾਲੀ ਦੀ ਸੁਚੱਜੀ ਸੰਭਾਲ 'ਤੇ ਜੋਰ ਦਿੱਤਾ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਧਰਤੀ ਦੀ ਉੱਪਰਲੀ ਪਰਤ ਵਿੱਚ ਮੌਜੂਦ ਮਿੱਤਰ ਕੀੜੇ ਅਤੇ ਜ਼ਮੀਨ ਵਿੱਚ ਮੌਜੂਦ ਤੱਤ ਜਿਵੇਂ ਕਿ ਨਾਈਟ੍ਰੋਜਨ, ਫਾਸਫੋਰਸ, ਪੋਟਾਸ਼, ਸਲਫਰ ਅਤੇ ਜੈਵਿਕ ਮਾਦਾ ਅੱਗ ਨਾਲ ਨਸ਼ਟ ਹੋ ਜਾਂਦੇ ਹਨ, ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘੱਟਦੀ ਹੈ। ਸੰਯੁਕਤ ਡਾਇਰੈਕਟਰ ਖੇਤੀਬਾੜੀ ਇੰਜ. ਜਗਦੀਸ਼ ਸਿ

ਪੰਜਾਬ ਸੀ.ਐਮ.ਓ. ਨਾਲ ਜੁੜੇ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਨਵਾਂ ਮੋੜ

ਜਸਟਿਸ ਸ਼ੀਲ ਨਾਗੂ ਨੇ ਸੁਣਵਾਈ ਤੋਂ ਖੁਦ ਨੂੰ ਕੀਤਾ ਅਲੱਗ

ਚੰਡੀਗੜ੍ਹ, 9 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਦਫ਼ਤਰ ਨਾਲ ਜੁੜੇ ਕਥਿਤ ਭ੍ਰਿਸ਼ਟਾਚਾਰ ਦੇ ਮਾਮਲੇ ਦੀ ਸੀਬੀਆਈ ਜਾਂਚ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਹੋਈ। ਕਾਰਵਾਈ ਦੌਰਾਨ, ਜਸਟਿਸ ਸ਼ੀਲ ਨਾਗੂ ਨੇ ਇਸ ਮਾਮਲੇ ਦੀ ਸੁਣਵਾਈ ਤੋਂ ਖੁਦ ਨੂੰ ਵੱਖ ਕਰ ਲਿਆ। ਇਹ ਕੇਸ ਜਸਟਿਸ ਦੀਪਾਂਕਰ ਦੱਤਾ ਅਤੇ ਜਸਟਿਸ ਸ਼ੀਲ ਨਾਗੂ 'ਤੇ ਆਧਾਰਿਤ ਬੈਂਚ ਦੇ ਸਾਹਮਣੇ ਸੂਚੀਬੱਧ ਕੀਤਾ ਗਿਆ ਸੀ; ਹੁਣ ਇਸਨੂੰ ਕਿਸੇ ਹੋਰ ਬੈਂਚ ਦੇ ਸਾਹਮਣੇ ਪੇਸ਼ ਕੀਤਾ ਜਾਵੇਗਾ। ਸੁਣਵਾਈ ਦੌਰਾਨ, ਸੀਨੀਅਰ ਵਕੀਲ ਜੈਦੀਪ ਗੁਪਤਾ ਨੇ ਦੱਸਿਆ ਕਿ ਜਸਟਿਸ ਨਾਗੂ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਸੇਵਾ ਨਿਭਾਉਂਦੇ ਹੋਏ ਪਹਿਲਾਂ ਵੀ ਇਸ ਨਾਲ ਸਬੰਧਤ ਪਟੀਸ਼ਨਾਂ 'ਤੇ ਹੁਕਮ ਜਾਰੀ ਕੀਤੇ ਸਨ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਉਨ੍ਹਾਂ ਪੁਰਾਣੇ ਹੁਕਮਾਂ 'ਤੇ ਨਿਰਭਰ ਨਹੀਂ ਕਰ ਰਹੀ ਸੀ। ਇਸ ਤੋਂ ਬਾਅਦ, ਜਸਟਿਸ ਨਾਗੂ ਨੇ ਖੁਦ ਨੂੰ ਸੁਣਵਾਈ ਤੋਂ ਵੱਖ ਕਰਨ ਦਾ ਫੈਸਲਾ ਕੀਤਾ। ਜਸਟਿਸ ਦੱਤਾ ਨੇ ਟਿੱਪਣੀ ਕੀਤੀ ਕਿ ਇਹ ਮੁਸ਼ਕਲ ਸਮਾਂ ਹੈ ਅਤੇ ਕੋਈ ਨਹੀਂ ਜਾਣਦਾ ਕਿ ਹਮਲਾ ਕਿੱਥੋਂ ਹੋ ਸਕਦਾ ਹੈ; ਉਨ੍ਹਾਂ ਕਿਹਾ ਕਿ ਮਾਮਲਾ ਕਿਸੇ ਹੋਰ ਬੈਂਚ ਨੂੰ ਸੌਂਪਿਆ ਜਾ ਸਕਦਾ ਹੈ। ਪੰਜਾਬ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਸੀਨੀਅਰ ਵਕੀਲ ਵਿਕਾਸ ਸਿੰਘ ਨੇ ਕੇਸ ਨੂੰ ਸੋਮਵਾਰ ਲਈ ਸੂਚੀਬੱਧ ਕਰਨ ਦਾ ਸੁਝਾਅ ਦਿੱਤਾ। ਹੁਣ ਅਗਲੀ ਸੁਣਵਾਈ ਨਵੇਂ ਬੈਂਚ ਦੇ ਸਾਹਮਣੇ ਹੋਵੇਗੀ। ਵੀਰਵਾਰ ਨੂੰ ਵੀ ਸੁਣਵਾਈ ਮੁਲਤਵੀ ਕਰ ਦਿੱਤੀ ਗਈ ਸੀ ਕਿਉਂਕਿ ਜਸਟਿਸ ਨਾਗੂ ਨੂੰ ਕੇਸ ਦੀ ਫਾਈਲ ਸਮੇਂ ਸਿਰ ਨਹੀਂ ਮਿਲੀ ਸੀ। ਉਸ ਦਿਨ, ਸਰਕਾਰ ਨੇ ਸੀਬੀਆਈ ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੂੰ ਅਗਲੀ ਕਾਰਵਾਈ ਕਰਨ ਤੋਂ ਰੋਕਣ ਲਈ ਅੰਤਰਿਮ ਨਿਰਦੇਸ਼ਾਂ ਦੀ ਮੰਗ ਕੀਤੀ ਸੀ, ਪਰ ਬੈਂਚ ਦੋਵਾਂ ਜੱਜਾਂ ਨੂੰ ਪਟੀਸ਼ਨ ਦੀ ਜਾਂਚ ਕਰਨ ਦਾ ਮੌਕਾ ਮਿਲਣ ਤੋਂ ਬਿਨਾਂ ਅਜਿਹਾ ਹੁਕਮ ਜਾਰੀ ਕਰਨ ਲਈ ਤਿਆਰ ਨਹੀਂ ਸੀ। ਜ਼ਿਕਰਯੋਗ ਹੈ ਕਿ 5 ਅਕਤੂਬਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੀਬੀਆਈ ਨੂੰ ਮੁੱਖ ਮੰਤਰੀ ਦੇ ਓਐਸਡੀ ਰਾਜਬੀਰ ਸਿੰਘ ਘੁੰਮਣ ਨਾਲ ਜੁੜੇ ਦੋਸ਼ਾਂ ਬਾਰੇ ਐਫਆਈਆਰ ਦਰਜ ਕਰਨ ਅਤੇ ਦੋ ਮਹੀਨਿਆਂ ਦੇ ਅੰਦਰ ਜਾਂਚ ਰਿਪੋਰਟ ਸੌਂਪਣ ਦੇ ਨਿਰਦੇਸ਼ ਦਿੱਤੇ ਸਨ। ਪੰਜਾਬ ਸਰਕਾਰ ਨੇ ਸੁਪਰੀਮ ਕੋਰਟ ਵਿੱਚ ਇਸ ਹੁਕਮ ਨੂੰ ਚੁਣੌਤੀ ਦਿੱਤੀ ਹੈ।

ਪੀ ਐਸ ਪੀ ਸੀ ਐਲ ਮੁਲਾਜਮਾਂ ਵਲੋਂ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ

ਅੰਮ੍ਰਿਤਸਰ, 9 ਅਕਤੂਬਰ (ਰਾਜੇਸ਼ ਡੈਨੀ) : ਸਿਟੀ ਸਰਕਲ ਅੰਮ੍ਰਿਤਸਰ ਹਾਲ ਗੇਟ ਵਿਖੇ ਅੱਠ ਦਿਨ ਤੋਂ ਲਗਾਤਾਰ ਦੋ ਸੰਘਰਸ਼ ਚੱਲ ਰਿਹਾ ਹੈ ਉਸਦੇ ਤਹਿਤ ਅੱਜ ਵੱਡੀ ਗਿਣਤੀ ਵਿਚ ਰੋਸ ਧਰਨੇ ਤੇ ਬਾਅਦ ਹਾਲ ਗੇਟ ਚੌਕ ਤੱਕ ਰੋਸ ਮਾਰਚ ਕੀਤਾ ਅਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਪੰਜਾਬ ਸਰਕਾਰ ਉਨ੍ਹਾਂ ਨੂੰ ਹਲਕੇ ਵਿੱਚ ਲੈ ਰਹੀ ਹੈ ਪਰ ਉਨ੍ਹਾਂ ਦਾ ਸਬਰ ਦਾ ਬੰਨ੍ਹ ਟੁੱਟ ਰਿਹਾ ਹੈ ਉਨ੍ਹਾਂ ਕਿਹਾ ਕਿ ਜੇਕਰ ਜਲਦੀ ਇੰਜੀਨੀਅਰ ਮਨਦੀਪ ਸਿੰਘ ਬਮਰਾ ਅਤੇ ਐਡੀਸ਼ਨਲ ਐਸ ਡੀ ਓ ਤੇ ਕੀਤੇ ਪਰਚੇ ਰੱਦ ਨਹੀਂ ਹੋਏ ਤਾਂ ਫਿਰ ਚਾਹੇ ਸੜਕਾਂ ਤੇ ਉਤਰ ਕੇ ਸੰਘਰਸ਼ ਕਰਨਾ ਪਵੇ ਤਾਂ ਉਹ ਗੁਰੇਜ਼ ਨਹੀਂ ਕਰਨਗੇ ਉਨ੍ਹਾਂ ਪਾਵਰਕੌਮ ਦੀ ਮੈਨੇਜਮੈਂਟ ਨੂੰ ਵੀ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਉਨ੍ਹਾਂ ਵੱਲੋਂ ਸਾਡੇ ਨਜਾਇਜ਼ ਗਿਰਫ਼ਤਾਰ ਕੀਤੇ ਅਧਿਕਾਰੀਆਂ ਨੂੰ ਨਾ ਰਿਹਾ ਕਰਨ ਦਾ ਉਪਰਾਲਾ ਕੀਤਾ ਤਾਂ ਸਿਟੀ ਸਰਕਲ ਅੰਮ੍ਰਿਤਸਰ ਦਾ ਸਾਰਾ ਕੰਮ ਬੰਦ ਕੀਤਾ ਜਾਵੇਗਾ ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਦੀ ਹੋਵੇਗੀ ਇਸ ਮੌਕੇ ਸ੍ਰੀ ਮਦਨ ਲਾਲ ਸ਼ਰਮਾ, ਸਕੱਤਰ ਸਿੰਘ ਮਾਹਲ ,ਰਜਿੰਦਰ ਦੱਤਾ ,ਗੁਰਪ੍ਰੀਤ ਸਿੰਘ ਜੱਸਲ ,ਰਣਜੀਤ ਸਿੰਘ , ਜੇਈ ਹਰਦੀਪ ਸਿੰਘ, ਜੇਈ ਰਾਮ ਕੁਮਾਰ,ਜੇਈ ਗੋਪਾਲ ਮੋਹਨ, ਇੰਜੀਨੀਅਰ ਇਕਬਾਲ ਸਿੰਘ,ਇੰਜੀਨੀਅਰ ਹਰਦੀਪ ਸਿੰਘ ਸੋਖੇ, ਇੰਜੀਨੀਅਰ ਸਿਮਰਪਾਲ ਸਿੰਘ ਸੈਣੀ,ਇੰਜੀਨੀਅਰ ਮਨਿੰਦਰ ਸਿੰਘ ,ਜੇਈ ਪਰਵਿੰਦਰਜੀਤ ਸਿੰਘ, ਜੇਈ ਰਣਜੀਤ ਸਿੰਘ ਵਰਿਆਮ,ਇੰਜੀਨੀਅਰ ਅਮਿਤ ਦੀਪਕ, ਇੰਜੀਨੀਅਰ ਲਖਵਿੰਦਰ ਸਿੰਘ, ਹਰਿਦਰ ਪਾਲ ਸਿੰਘ, ਮਨੀਸ਼ ਕੁਮਾਰ, ਦਵਿੰਦਰ ਸਿੰਘ, ਰਜਿੰਦਰ ਸਿੰਘ ਜੱਸਲ, ਜੇਈ ਕੁਲਦੀਪ ਕੁਮਾਰ ਆਦਿ ਵੱਡੀ ਗਿਣਤੀ ਵਿਚ ਮੁਲਾਜ਼ਮ ਅਤੇ ਅਧਿਕਾਰੀ ਹਾਜ਼ਰ ਸਨ।

ਸ਼ਡਾ ਇੱਕ ਦੀਆਂ ਬਾਕੀ...

ਸੀਜੇਪੀ ਵਲੋਂ ਗਿਆਨੇਸ਼ ਕੁਮਾਰ.....

ਇਜਾਜ਼ਤ ਦੇਣ ਤੋਂ ਵੀ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਨੇ ਪੁੱਛਿਆ, 'ਕੀ ਦਿੱਲੀ ਨਰਿੰਦਰ ਮੋਦੀ ਜਾਂ ਅਮਿਤ ਸ਼ਾਹ ਦੀ ਜਾਇਦਾਦ ਹੈ ? ਕੀ ਇਹ ਉਨ੍ਹਾਂ ਦੀ ਜੱਦੀ ਜਾਇਦਾਦ ਹੈ ? ਇੱਕ ਪਾਸੇ ਤਾਂ ਤੁਸੀਂ ਦਾਅਵਾ ਕਰਦੇ ਹੋ ਕਿ ਪ੍ਰਦਰਸ਼ਨਾਂ ਕਾਰਨ ਲੋਕਾਂ ਨੂੰ ਪ੍ਰੇਸ਼ਾਨੀ ਹੁੰਦੀ ਹੈ, ਪਰ ਦੂਜੇ ਪਾਸੇ ਤੁਸੀਂ ਪੂਰੇ ਮੈਟਰੋ ਅਤੇ ਰੇਲਵੇ ਨੈੱਟਵਰਕ ਨੂੰ ਬੰਦ ਕਰ ਦਿੰਦੇ ਹੋ ਅਤੇ ਸਾਰੀਆਂ ਸੜਕਾਂ ਜਾਮ ਕਰ ਦਿੰਦੇ ਹੋ। ਤਾਂ ਫਿਰ, ਕੀ ਹੁਣ ਲੋਕਾਂ ਨੂੰ ਪ੍ਰੇਸ਼ਾਨੀ ਨਹੀਂ ਹੋਵੇਗੀ ?'

ਮੋਦੀ ਸਾਡੇ ਪਰਿਵਾਰ ਦਾ.....

ਪਰ ਵਿਰੋਧ ਪ੍ਰਦਰਸ਼ਨ ਦੇ ਮੌਜੂਦਾ ਤਰੀਕੇ ਅਣਉਚਿਤ ਹਨ। ਜਥੇਬੰਦੀ ਨੇ ਜ਼ੋਰ ਦਿੱਤਾ ਕਿ ਵਿਚਾਰ ਪ੍ਰਗਟਾਉਣ ਅਤੇ ਅਸਹਿਮਤੀ ਜ਼ਾਹਰ ਕਰਨ ਲਈ ਜਮਹੂਰੀ ਤਰੀਕਿਆਂ ਦੀ ਵਰਤੋਂ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਵਿਰੋਧ ਪ੍ਰਦਰਸ਼ਨ ਦੇ ਨਾਂ 'ਤੇ ਹਿੰਸਾ, ਅਪਮਾਨਜਨਕ ਭਾਸ਼ਾ ਦੀ ਵਰਤੋਂ ਜਾਂ ਪੁਲਿਸ ਮੁਲਾਜ਼ਮਾਂ 'ਤੇ ਸਰੀਰਕ ਹਮਲੇ ਵਰਗੀਆਂ ਕਾਰਵਾਈਆਂ ਨੂੰ ਕਿਸੇ ਵੀ ਹਾਲਤ ਵਿੱਚ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਹਿਟ ਜਨਤਾ ਪਾਰਟੀ ਦਾ ਇਹ ਪ੍ਰਦਰਸ਼ਨ ਅਜਿਹੇ ਸਮੇਂ ਹੋਇਆ ਜਦੋਂ ਸੀਜੇਪੀ ਨੇ ਸ਼ਨੀਵਾਰ ਨੂੰ ਜੰਤਰ-ਮੰਤਰ 'ਤੇ ਵੱਡੇ ਅੰਦੋਲਨ ਦਾ ਐਲਾਨ ਕੀਤਾ ਸੀ। ਇਹ ਪ੍ਰਦਰਸ਼ਨ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਨਿਸ਼ਾਨਾ ਬਣਾਉਂਦਾ ਹੈ; ਸੀਜੇਪੀ ਅਤੇ ਸਬੰਧਤ ਸਮੂਹਾਂ ਨੇ ਉਨ੍ਹਾਂ 'ਤੇ 'ਵਿਸ਼ੇਸ਼ ਸਘਨ ਸੋਧ' ਪ੍ਰਕਿਰਿਆ ਦੀ ਆੜ ਵਿੱਚ ਵੋਟਰ ਸੂਚੀਆਂ ਵਿੱਚ ਕਥਿਤ ਬੇਨਿਯਮੀਆਂ—ਖਾਸ ਕਰਕੇ ਲੱਖਾਂ ਨਾਵਾਂ ਨੂੰ ਹਟਾਉਣ—ਦੀ ਨਿਗਰਾਨੀ ਕਰਨ ਦਾ ਦੋਸ਼ ਲਗਾਇਆ ਹੈ। ਸੀਜੇਪੀ ਦਾ ਦੋਸ਼ ਹੈ ਕਿ ਗਿਆਨੇਸ਼ ਕੁਮਾਰ ਨੇ ਵਿਸ਼ੇਸ਼ ਸਘਨ ਸੋਧ ਮੁਹਿੰਮ ਦੌਰਾਨ ਚੋਣ ਸੂਚੀਆਂ ਵਿੱਚੋਂ ਵੱਡੇ ਪੱਧਰ 'ਤੇ ਨਾਮ ਹਟਾਉਣ ਦੀ ਪ੍ਰਕਿਰਿਆ ਦੀ ਅਗਵਾਈ ਕੀਤੀ। ਜਥੇਬੰਦੀ ਇਹ ਵੀ ਦੋਸ਼ ਲਗਾਉਂਦੀ ਹੈ ਕਿ ਮੁੱਖ ਚੋਣ ਕਮਿਸ਼ਨਰ ਹਾਲਾਂਕਿ, ਇਹ ਦੋਸ਼ ਪ੍ਰਦਰਸ਼ਨਕਾਰੀ ਸੰਸਥਾਵਾਂ ਵੱਲੋਂ ਲਗਾਏ ਗਏ ਹਨ। ਸੀ.ਜੇ.ਪੀ. ਦੇ ਪ੍ਰਸਤਾਵਿਤ ਅੰਦੋਲਨ ਤੋਂ ਪਹਿਲਾਂ, 'ਇੰਡੀਆ' ਗਠਜੋੜ ਦੇ ਆਗੂਆਂ ਨੇ ਵੀ ਦਿੱਲੀ ਵਿੱਚ ਮੁੱਖ ਚੋਣ ਕਮਿਸ਼ਨਰ ਵਿਰੁੱਧ ਲਗਾਤਾਰ ਤਿੰਨ ਦਿਨਾਂ ਤੱਕ ਪ੍ਰਦਰਸ਼ਨ ਕੀਤੇ ਸਨ। ਇਨ੍ਹਾਂ ਪ੍ਰਦਰਸ਼ਨਾਂ ਕਾਰਨ ਮੱਧ ਦਿੱਲੀ ਵਿੱਚ ਆਮ ਜਨਜੀਵਨ ਪ੍ਰਭਾਵਿਤ ਹੋਇਆ। ਕਈ ਇਲਾਕਿਆਂ ਵਿੱਚ ਭਾਰੀ ਪੁਲਿਸ ਤਾਇਨਾਤ ਕੀਤੀ ਗਈ, ਕੁਝ ਮੈਟਰੋ ਸਟੇਸ਼ਨਾਂ ਦੇ ਦਾਖਲਾ ਦੁਆਰ ਬੰਦ ਕਰ ਦਿੱਤੇ ਗਏ ਅਤੇ ਮੁੱਖ ਸੜਕਾਂ 'ਤੇ ਬੈਰੀਕੇਡ ਲਗਾਏ ਗਏ। ਸੁਰੱਖਿਆ ਪ੍ਰਬੰਧਾਂ ਕਾਰਨ ਰਾਜਧਾਨੀ ਦੇ ਕੇਂਦਰੀ ਜ਼ਿਲ੍ਹੇ ਵਿੱਚ ਆਵਾਜਾਈ ਵੀ ਪ੍ਰਭਾਵਿਤ ਹੋਈ। ਹਿਟ ਜਨਤਾ ਪਾਰਟੀ ਨੇ ਕਿਹਾ ਕਿ ਉਸਦੇ ਪ੍ਰਦਰਸ਼ਨ ਦਾ ਉਦੇਸ਼ ਸੰਵਿਧਾਨ, ਕਾਨੂੰਨ ਦੇ ਸ਼ਾਸਨ ਅਤੇ ਜਮਹੂਰੀ ਸੰਸਥਾਵਾਂ ਦੇ ਮਾਣ-ਸਨਮਾਨ ਨੂੰ ਬਰਕਰਾਰ ਰੱਖਣਾ ਸੀ। ਸੰਸਥਾ ਵੱਲੋਂ ਜਾਰੀ ਇੱਕ ਬਿਆਨ ਵਿੱਚ ਦੋਸ਼ ਲਾਇਆ ਗਿਆ ਕਿ ਸੀ.ਜੇ.ਪੀ. ਦਾ ਵਿਹਾਰ ਸੰਵਿਧਾਨਕ ਸੰਸਥਾਵਾਂ ਦੇ ਵੱਕਾਰ ਨੂੰ ਘਟਾਉਂਦਾ ਹੈ। ਬਿਆਨ ਵਿੱਚ ਨਿਆਂਪਾਲਿਕਾ ਅਤੇ ਕਾਰਜਪਾਲਿਕਾ ਵਰਗੀਆਂ ਸੰਸਥਾਵਾਂ ਦੀ ਮਰਿਆਦਾ ਬਣਾਈ ਰੱਖਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਗਿਆ। ਅਯਾਨ ਭਟਨਾਗਰ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਉਨ੍ਹਾਂ ਗਤੀਵਿਧੀਆਂ ਦਾ ਵਿਰੋਧ ਕਰਨਾ ਜਾਰੀ ਰੱਖੇਗੀ ਜਿਨ੍ਹਾਂ ਨੂੰ ਉਹ ਇਤਰਾਜ਼ਯੋਗ ਮੰਨਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਮਕਸਦ ਲਈ ਸਿਰਫ਼ ਜਮਹੂਰੀ ਅਤੇ ਕਾਨੂੰਨੀ ਰਸਤੇ ਹੀ ਅਪਣਾਏ ਜਾਣਗੇ। ਸੰਸਥਾ ਦਾ ਮੰਨਣਾ ਹੈ ਕਿ ਭਾਵੇਂ ਹਰ ਕਿਸੇ ਨੂੰ ਅਸਹਿਮਤੀ ਪ੍ਰਗਟਾਉਣ ਦਾ ਅਧਿਕਾਰ ਹੈ, ਪਰ ਪ੍ਰਦਰਸ਼ਨਾਂ ਦੌਰਾਨ ਕਾਨੂੰਨ ਦਾ ਸਤਿਕਾਰ ਕਰਨਾ ਅਤੇ ਜਨਤਕ ਵਿਵਸਥਾ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ। ਸੰਗਠਨ ਵੱਲੋਂ ਜਾਰੀ ਬਿਆਨ ਅਨੁਸਾਰ, ਪੁਲਿਸ ਨੇ ਵਿਰੋਧ ਪ੍ਰਦਰਸ਼ਨ ਦੌਰਾਨ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਅਤੇ ਉਨ੍ਹਾਂ ਨੂੰ ਪੁਲਿਸ ਬੱਸ ਵਿੱਚ ਬਿਠਾ ਦਿੱਤਾ। ਪ੍ਰੈਸ ਰਿਲੀਜ਼ ਦੇ ਸਮੇਂ ਤੱਕ ਉਹ ਪੁਲਿਸ ਹਿਰਾਸਤ ਵਿੱਚ ਸਨ। ਬਿਆਨ ਵਿੱਚ ਹਿਰਾਸਤ ਵਿੱਚ ਲਏ ਗਏ ਲੋਕਾਂ ਦੀ ਹੋਰ ਸਥਿਤੀ ਬਾਰੇ ਕੋਈ ਵਾਧੂ ਜਾਣਕਾਰੀ ਨਹੀਂ ਦਿੱਤੀ ਗਈ।

ਸੀਐਮ ਮਾਨ ਵੱਲੋਂ ਵੱਖ.....

ਉਦਘਾਟਨੀ ਸਮਾਰੋਹ 27 ਅਕਤੂਬਰ ਨੂੰ ਜਲੰਧਰ ਵਿਖੇ ਹੋਵੇਗਾ, ਜਦੋਂ ਕਿ ਮੈਚ 27 ਅਕਤੂਬਰ ਤੋਂ 5 ਨਵੰਬਰ ਤੱਕ ਖੇਡੇ ਜਾਣਗੇ। ਉਨ੍ਹਾਂ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਤਿਆਰੀਆਂ ਸਮੇਂ ਤੋਂ ਪਹਿਲਾਂ ਮੁਕੰਮਲ ਕਰਨ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਚੈਂਪੀਅਨਸ਼ਿਪ ਦਾ ਆਯੋਜਨ ਵੱਡੇ ਅੰਤਰਰਾਸ਼ਟਰੀ ਖੇਡ ਸਮਾਗਮ ਦੇ ਨਿਯਮਾਂ ਅਤੇ ਪੱਧਰ ਨਾਲ ਕੀਤਾ ਜਾਵੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਆਉਣ ਵਾਲੇ ਹਰੇਕ ਵਫ਼ਦ ਦਾ ਨਿੱਘਾ ਸਵਾਗਤ ਕੀਤਾ ਜਾਵੇ ਅਤੇ ਉਨ੍ਹਾਂ ਦੀ ਠਹਿਰ ਦੌਰਾਨ ਮਹਿਮਾਨਨਵਾਜ਼ੀ ਦੇ ਬਿਹਤਰ ਤਜਰਬਿਆਂ ਦਾ ਯਾਦਗਾਰੀ ਅਨੁਭਵ ਕਰਵਾਇਆ ਜਾਵੇ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਤਿਆਰੀਆਂ ਸਿਰਫ਼ ਸਟੇਡੀਅਮ ਤੱਕ ਹੀ ਸੀਮਤ ਨਹੀਂ ਹੋਣੀਆਂ ਚਾਹੀਦੀਆਂ, ਸਗੋਂ ਪੂਰੇ ਸ਼ਹਿਰ ਵਿੱਚ ਸਫ਼ਾਈ, ਸੁੰਦਰੀਕਰਨ ਅਤੇ ਜਨਤਕ ਸਹੂਲਤਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਨਗਰ ਨਿਗਮ, ਜਲੰਧਰ ਤੇ ਮੋਹਾਲੀ ਨੂੰ ਵਿਆਪਕ ਸਫ਼ਾਈ ਮੁਹਿੰਮਾਂ ਚਲਾਉਣ, ਸਾਫ਼-ਸਫ਼ਾਈ ਵਿੱਚ ਸੁਧਾਰ ਕਰਨ, ਜਨਤਕ ਥਾਵਾਂ ਦੀ ਸੁਚੱਜੀ ਸਾਂਭ-ਸੰਭਾਲ ਕਰਨ ਲਈ ਕਿਹਾ ਤਾਂ ਜੋ ਸ਼ਹਿਰ ਵਿਦੇਸ਼ੀ ਸੈਲਾਨੀਆਂ ਨੂੰ ਸਾਫ਼-ਸੁਥਰਾ ਅਤੇ ਆਕਰਸ਼ਕ ਲੱਗੇ। ਉਨ੍ਹਾਂ ਨੇ ਸ਼ਹਿਰ ਦੇ ਸੁੰਦਰੀਕਰਨ ਲਈ ਲੋੜੀਂਦੇ ਕਦਮ ਚੁੱਕਣ ਅਤੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਸਟੇਡੀਅਮ ਅਤੇ ਹੋਰ ਅਹਿਮ ਸਥਾਨਾਂ ਵੱਲ ਜਾਣ ਵਾਲੀਆਂ ਸੜਕਾਂ ਦੀ ਸੁਚੱਜੀ ਦੇਖਭਾਲ ਕੀਤੀ ਜਾਵੇ ਅਤੇ ਜਿੱਥੇ ਵੀ ਲੋੜ ਹੋਵੇ, ਸੜਕ ਦੀ ਮੁਰੰਮਤ ਕੀਤੀ ਜਾਵੇ। ਮਹਿਮਾਨਨਿਵਾਜ਼ੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਭਾਗ ਲੈਣ ਵਾਲੀਆਂ ਟੀਮਾਂ ਅਤੇ ਉਨ੍ਹਾਂ ਦੇ ਸਹਾਇਕ ਸਟਾਫ਼ ਲਈ ਆਰਾਮਦਾਇਕ ਅਤੇ ਮਿਆਰੀ ਰਿਹਾਇਸ਼ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਰਿਹਾਇਸ਼, ਆਵਾਜਾਈ, ਸੁਰੱਖਿਆ, ਭੋਜਨ ਅਤੇ ਹੋਰ ਜ਼ਰੂਰੀ ਸਹੂਲਤਾਂ ਲਈ ਬਿਹਤਰ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਖਿਡਾਰੀ ਆਪਣੇ ਪ੍ਰਦਰਸ਼ਨ 'ਤੇ ਧਿਆਨ ਕੇਂਦਰਿਤ ਕਰ ਸਕਣ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹੋਟਲਾਂ, ਮੈਚ ਵਾਲੇ ਸਥਾਨਾਂ ਅਤੇ ਹੋਰ ਨਿਰਧਾਰਤ ਸਥਾਨਾਂ ਵਿਚਕਾਰ ਸੁਚਾਰੂ ਆਵਾਜਾਈ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਅਸੁਵਿਧਾ ਜਾਂ ਬੇਲੋੜੀ ਦੇਰੀ ਤੋਂ ਬਚਿਆ ਜਾ ਸਕੇ। ਪ੍ਰਬੰਧਾਂ ਦੀ ਵਿਆਪਕ ਸਮੀਖਿਆ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਵਿਭਾਗਾਂ ਨੂੰ ਜ਼ਮੀਨੀ ਪੱਧਰ 'ਤੇ ਤਿਆਰੀਆਂ ਦਾ ਜਾਇਜ਼ਾ ਲੈਣ ਅਤੇ ਕਿਸੇ ਵੀ ਕਮੀ ਨੂੰ ਤੁਰੰਤ ਦੂਰ ਕਰਨ ਦੇ ਨਿਰਦੇਸ਼ ਦਿੱਤੇ। ਚੈਂਪੀਅਨਸ਼ਿਪ ਤੋਂ ਪਹਿਲਾਂ ਲੋਕਾਂ ਦਰਮਿਆਨ ਉਤਸ਼ਾਹ ਪੈਦਾ ਕਰਨ ਲਈ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਸੂਬਾ ਵਿਆਪੀ ਪ੍ਰਚਾਰ ਮੁਹਿੰਮ ਦੀ ਰੂਪ-ਰੇਖਾ ਉਲੀਕਣ ਦੇ ਨਿਰਦੇਸ਼ ਦਿੱਤੇ ਜਿਸ ਵਿੱਚ ਟੂਰਨਾਮੈਂਟ ਟਰਾਫੀ ਜਾਂ ਇਸ ਦੇ ਮਾਡਲ ਨੂੰ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਐਸਯੂਵੀ ਵਿੱਚ ਪ

ਮੋਰਿੰਡਾ ਹੈਂਡਬਾਲ ਕਲੱਬ ਦੇ ਖਿਡਾਰੀਆਂ ਨੇ ਜਿੱਤੇ 3 ਗੋਲਡ ਮੈਡਲ, 5 ਸਿਲਵਰ ਮੈਡਲ ਤੇ 3 ਕਾਂਸ਼ੀ ਦੇ ਤਗਮੇ

ਮੋਰਿੰਡਾ, 9 ਅਕਤੂਬਰ (ਬਲਵੀਰ ਸਿੰਘ ਚਲਾਕੀ): ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸ਼ੁਰੂ ਕੀਤੀਆਂ ਖੇਡਾਂ ਵਤਨ ਪੰਜਾਬ ਦੀਆਂ, ਸੀਜ਼ਨ 4 ਦੌਰਾਨ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਮੋਰਿੰਡਾ ਹੈਂਡਬਾਲ ਕਲੱਬ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 11 ਮੈਡਲ ਜਿੱਤ ਕੇ ਜਿਥੇ ਮੋਰਿੰਡਾ ਹੈਂਡਬਾਲ ਕਲੱਬ ਦਾ ਨਾਂਅ ਰੁਸ਼ਨਾਇਆ ਹੈ,ਉਥੇ ਹੀ ਮੋਰਿੰਡਾ ਇਲਾਕੇ ਦਾ ਨਾਂਅ ਵੀ ਰੌਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਸੁਰਿੰਦਰ ਸਿੰਘ ਸ਼ਿੰਦਰੀ ਅਤੇ ਕੋਚ ਚੌਧਰੀ ਰਾਜੇਸ਼ ਕੁਮਾਰ ਸ਼ੰਮਾਂ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ 4 ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਮੋਰਿੰਡਾ ਹੈਂਡਬਾਲ ਕਲੱਬ ਦੇ ਖਿਡਾਰੀਆਂ ਵੱਲੋਂ 3 ਗੋਲਡ ਮੈਡਲ, 5 ਸਿਲਵਰ ਮੈਡਲ ਅਤੇ 3 ਕਾਂਸ਼ੀ ਦੇ ਤਮਗੇ ਜਿੱਤ ਕੇ ਇਲਾਕੇ ਦੀ ਝੋਲੀ ਪਾਏ ਗਏ ਹਨ। ਕੋਚ ਚੌਧਰੀ ਰਾਜੇਸ਼ ਕੁਮਾਰ ਸ਼ੰਮਾਂ ਨੇ ਦੱਸਿਆ ਕਿ ਮੋਰਿੰਡਾ ਹੈਂਡਬਾਲ ਕਲੱਬ ਮੋਰਿੰਡਾ ਦੇ ਪ੍ਰਧਾਨ ਸੁਰਿੰਦਰ ਸਿੰਘ ਸ਼ਿੰਦਰੀ ਦੀ ਮਿਹਨਤ ਸਦਕਾ ਸਾਡੇ ਕਲੱਬ ਦੇ ਬੱਚਿਆਂ ਨੇ ਇਹ ਮੱਲਾਂ ਮਾਰੀਆਂ ਹਨ ਤੇ ਕਲੱਬ ਅਤੇ ਸ਼ਹਿਰ ਦਾ ਨਾਂਅ ਉੱਚਾ ਕੀਤਾ ਹੈ । ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਪਾਲ ਸਿੰਘ ਜੌਲੀ, ਮੀਤ ਪ੍ਰਧਾਨ ਹਰਜਿੰਦਰ ਸਿੰਘ ਛਿੱਬਰ, ਠੇਕੇਦਾਰ ਰਾਜਿੰਦਰ ਕੁਮਾਰ ਜੋਸ਼ੀ ਅਤੇ ਥਾਣਾ ਸਿਟੀ ਮੋਰਿੰਡਾ ਮੁਖੀ ਇੰਸਪੈਕਟਰ ਗਗਨਦੀਪ ਸਿੰਘ ਵੱਲੋਂ ਖਿਡਾਰੀਆਂ ਦੇ ਗਲਾਂ ਵਿੱਚ ਮੈਡਲ ਪਾ ਕੇ ਉਨ੍ਹਾਂ ਦੀ ਹੌਸਲਾ ਅਫ਼ਜਾਈ ਕੀਤੀ ਇਸ ਮੌਕੇ ਹਾਜ਼ਰ ਮੋਰਿੰਡਾ ਹੈਂਡਵਾਲ ਕਲੱਬ ਦੇ ਪ੍ਰਧਾਨ ਸੁਰਿੰਦਰ ਸਿੰਦਰੀ, ਕੋਚ ਰਾਜੇਸ਼ ਕੁਮਾਰ ਸ਼ੰਮਾ ਅਤੇ ਤਰਵਿੰਦਰ ਮੱਟੂ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਠੇਕੇਦਾਰ ਰਾਜਿੰਦਰ ਕੁਮਾਰ ਜੋਸ਼ੀ, ਕਰਨਵੀਰ ਜੋਸ਼ੀ, ਸੰਜੀਵ ਕੁਮਾਰ, ਠੇਕੇਦਾਰ ਅਨਿਲ ਜੋਸ਼ੀ, ਟੋਨੀ ਨਿਊਜ਼ੀਲੈਂਡ, ਧਰਮਿੰਦਰ ਮੱਟੂ, ਸਾਬਕਾ ਕੌਂਸਲਰ ਮੰਗਲ ਸੈਨ, ਅਵਤਾਰ ਸਿੰਘ ਧੀਮਾਨ, ਭਾਜਪਾ ਆਗੂ ਜਤਿੰਦਰ ਗੁੰਬਰ, ਮੈਡਮ ਮਨਿੰਦਰ ਕੌਰ, ਗੁਰਪ੍ਰੀਤ ਕੌਰ ਸਾਬਕਾ ਵਾਈਸ ਪ੍ਰਧਾਨ ਨਗਰ ਕੌਂਸਲ ਮੋਰਿੰਡਾ ਅਤੇ ਰਾਸ਼ਿਦ ਸ਼ੇਖ ਆਦਿ ਹਾਜ਼ਰ ਸਨ।

ਕਰਾਟੇ ਵਿੱਚ ਗੁਰਦਾਸਪੁਰ ਦੀ ਸ਼ਾਨਦਾਰ ਪ੍ਰਾਪਤੀ: 25 ਖਿਡਾਰੀ ਰਾਜ ਪੱਧਰੀ ਚੈਂਪੀਅਨਸ਼ਿਪ ਲਈ ਚੁਣੇ ਗਏ

ਗੁਰਦਾਸਪੁਰ, 9 ਅਕਤੂਬਰ (ਗੁਲਸ਼ਨ ਕੁਮਾਰ ਰਣੀਆਂ): ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਵੱਲੋਂ ਕਰਾਟੇ-ਡੂ ਐਸੋਸੀਏਸ਼ਨ ਦੇ ਸਹਿਯੋਗ ਨਾਲ ਬਾਲ ਭਵਨ ਵਿਖੇ ਕਰਵਾਏ ਵਿਸ਼ੇਸ਼ ਸਮਾਰੋਹ ਦੌਰਾਨ 'ਖੇਡਾਂ ਵਤਨ ਪੰਜਾਬ ਦੀਆਂ' ਦੀ ਰਾਜ ਪੱਧਰੀ ਕਰਾਟੇ ਚੈਂਪੀਅਨਸ਼ਿਪ ਲਈ ਚੁਣੇ ਗਏ 25 ਖਿਡਾਰੀਆਂ, ਜਿਨ੍ਹਾਂ ਵਿੱਚ 13 ਲੜਕੀਆਂ ਅਤੇ 12 ਲੜਕੇ ਸ਼ਾਮਲ ਹਨ, ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਇਹ ਚੈਂਪੀਅਨਸ਼ਿਪ 10 ਤੋਂ 15 ਅਕਤੂਬਰ 2026 ਤੱਕ ਖੇਡ ਭਵਨ, ਸੈਕਟਰ-78, ਐੱਸ.ਬੀ.ਐੱਸ. ਨਗਰ (ਮੋਹਾਲੀ) ਵਿਖੇ ਕਰਵਾਈ ਜਾਵੇਗੀ।ਖਿਡਾਰੀ ਜ਼ਿਲ੍ਹਾ ਕੋਚ ਸੌਂਸੀ ਗੁਰਵੰਤ ਸਿੰਘ ਅਤੇ ਸੌਂਸੀ ਯੋਗੇਸ਼ ਕੁਮਾਰ ਤੇ ਸੌਂਸੀ ਸੰਨੀ ਮਲਹੋਤਰਾ ਦੀ ਦੇਖ-ਰੇਖ ਹੇਠ ਸਿਖਲਾਈ ਪ੍ਰਾਪਤ ਕਰ ਰਹੇ ਹਨ।ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਅਸ਼ੋਕ ਕੁਮਾਰ ਐੱਸ ਡੀ ਐਮ ਗੁਰਦਾਸਪੁਰ ਦਾ ਨੈਸ਼ਨਲ ਐਵਾਰਡੀ ਰੋਸ਼ਮ ਮਹਾਜਨ ਨੇ ਨਿੱਘਾ ਸਵਾਗਤ ਕੀਤਾ। ਮੁੱਖ ਮਹਿਮਾਨ ਨੇ ਖਿਡਾਰੀਆਂ ਨੂੰ ਮੈਡਲਾਂ ਨਾਲ ਸਨਮਾਨਿਤ ਕਰਦਿਆਂ ਵਧਾਈ ਦਿੱਤੀ ਅਤੇ ਅਨੁਸ਼ਾਸਨ, ਖੇਡ ਭਾਵਨਾ ਤੇ ਮਿਹਨਤ ਨਾਲ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਐੱਸ ਡੀ ਐਮ ਅਸ਼ੋਕ ਕੁਮਾਰ ਨੇ ਬਾਲ ਭਵਨ ਵਿਖੇ ਕੌਂਸਲ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਬਾਲ ਭਲਾਈ ਅਤੇ ਹੁਨਰ ਵਿਕਾਸ ਪ੍ਰੋਗਰਾਮਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਰੋਸ਼ਮ ਮਹਾਜਨ ਅਤੇ ਸਮੁੱਚੇ ਸਟਾਫ਼ ਵੱਲੋਂ ਬੱਚਿਆਂ ਦੇ ਸਰਵਪੱਖੀ ਵਿਕਾਸ ਅਤੇ ਸਮਾਜ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਦੀ ਪ੍ਰਸ਼ੰਸਾ ਕੀਤੀ।

ਜ਼ਿਲ੍ਹਾ ਗੁਰਦਾਸਪੁਰ 'ਚ ਰਾਜ ਪੱਧਰੀ ਗੇਮ ਵੁਸ਼ੂ 10 ਤੋਂ 15 ਤੱਕ ਬਟਾਲਾ ਵਿਖੇ ਕਰਵਾਈਆਂ ਜਾ ਰਹੀਆਂ

ਗੁਰਦਾਸਪੁਰ, 9 ਅਕਤੂਬਰ (ਗੁਲਸ਼ਨ ਕੁਮਾਰ ਰਣੀਆ): ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ, ਖੇਡ ਵਿਭਾਗ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ-2026, ਪੰਜਾਬ ਦੇ ਵੱਧ ਤੋਂ ਵੱਧ ਵਸਨੀਕਾਂ/ਨੌਜਵਾਨਾ ਨੂੰ ਖੇਡਾਂ ਨਾਲ ਜੋੜਨ ਦੇ ਉੱਦੇਸ਼ ਨਾਲ ਕਰਵਾਈਆਂ ਜਾ ਰਹੀਆਂ ਹਨ ਉਨ੍ਹਾਂ ਦੱਸਿਆ ਕਿ ਸਰਕਾਰ ਦੇ ਇਸ ਉਪਰਾਲੇ ਦੇ ਨਾਲ ਖੇਡਾਂ ਦੇ ਪੱਧਰ ਨੂੰ ਉੱਚਾ ਚੁੱਕਣ, ਪ੍ਰਤਿਭਾ ਅਤੇ ਹੁਨਰ ਦੀ ਭਾਲ ਕਰਨਾ, ਭਾਈਚਾਰਾ ਤੇ ਸਦਭਾਵਨਾ ਪੈਦਾ ਕਰਨ ਵੱਧ ਤੋਂ ਵੱਧ ਬੱਚਿਆ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਕਰਨ ਲਈ ਭਰਪੂਰ ਯਤਨ ਕਰ ਰਹੀ ਹੈ ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ, ਖੇਡ ਵਿਭਾਗ ਪੰਜਾਬ ਵੱਲੋਂ ਰਾਜ ਪੱਧਰੀ ਖੇਡਾਂ 10 ਅਕਤੂਬਰ ਤੋਂ 23 ਨਵੰਬਰ ਤੱਕ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ ਵਿੱਚ ਕਰਵਾਈਆਂ ਜਾ ਰਹੀਆਂ ਹਨ, ਜਿਸ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿੱਚ ਰਾਜ ਪੱਧਰੀ ਗੇਮ 'ਵੁਸ਼ੂ ਮਿਤੀ 10 ਅਕਤੂਬਰ ਤੋਂ 15 ਅਕਤੂਬਰ ਤੱਕ ਆਰ.ਡੀ.ਖੋਸਲਾ ਮਾਡਲ ਸੀਨੀਅਰ ਸੈਕੰਡਰੀ ਸੈਕੰਡਰੀ ਸਕੂਲ, ਬਟਾਲਾ ਦੇ ਇੰਡੋਰ ਹਾਲ ਵਿਖੇ ਕਰਵਾਈ ਜਾ ਰਹੀ ਹੈ ਉਨ੍ਹਾਂ ਅੱਗੇ ਦੱਸਿਆ ਕਿ ਰਾਜ ਪੱਧਰੀ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਖਿਡਾਰੀ ਬਰਿੰਗਾ ਕਾਲਜ, ਬਟਾਲਾ, ਡਾ. ਬੀ.ਆਰ.ਬੀ. ਡੀ.ਏ.ਵੀ ਸੈਂਟਨੇਰੀ ਪਬਲਿਕ ਸਕੂਲ, ਨੇੜੇ ਐਸ. ਐਲ. ਬਾਵਾ ਕਾਲਜ, ਬਟਾਲਾ, ਲਕਸ਼ਮੀ ਦੇਵੀ ਸਾਹਨੀ ਸਕੂਲ, ਨੇੜੇ ਹਥਨੀ ਪੁੱਲ, ਬੈਂਕ ਕਲੋਨੀ, ਬਟਾਲਾ ਅਤੇ ਗੁਰਦੁਆਰਾ ਸ਼੍ਰੀ ਅੱਚਲ ਸਾਹਿਬ, ਬਟਾਲਾ ਵਿਖੇ ਠਹਿਰਨਗੇ।

ਡਾਕਟਰ ਜਾਕਿਰ ਹੁਸੈਨ ਸਟੇਡੀਅਮ ਵਿਖੇ 2 ਜਨਵਰੀ ਨੂੰ ਹੋਵੇਗਾ ਅੱਠਵਾਂ ਕਬੱਡੀ ਕੱਪ

ਮਾਲੇਰਕੋਟਲਾ, 8 ਅਕਤੂਬਰ (ਮੁਨਸ਼ੀ ਫ਼ਾਰੂਕ): ਹਾਅ ਦਾ ਨਾਅਰਾ ਨਵਾਬ ਸ਼ੇਰ ਖ਼ਾਂ ਸਪੋਰਟਸ ਐਂਡ ਵੈੱਲਫੇਅਰ ਸੁਸਾਇਟੀ (ਰਜਿ.) ਮਾਲੇਰਕੋਟਲਾ ਵੱਲੋਂ ਅੱਠਵਾਂ ਸ਼ਾਨਦਾਰ ਕਬੱਡੀ ਕੱਪ 2 ਜਨਵਰੀ 2027 ਨੂੰ ਡਾਕਟਰ ਜਾਕਿਰ ਹੁਸੈਨ ਸਟੇਡੀਅਮ ਮਾਲੇਰਕੋਟਲਾ ਵਿਖੇ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਇਸ ਸਬੰਧੀ ਸੁਸਾਇਟੀ ਦੀ ਇਕ ਅਹਿਮ ਮੀਟਿੰਗ ਇਮਤਿਆਜ਼ ਅਲੀ ਅਤੇ ਲਛਮਣ ਸਰੋਦ ਦੀ ਅਗਵਾਈ ਹੇਠ ਹੋਈ, ਜਿਸ ਵਿਚ ਕਬੱਡੀ ਕੱਪ ਦੇ ਪ੍ਰਬੰਧਾਂ, ਖੇਡ ਮੁਕਾਬਲਿਆਂ ਅਤੇ ਖਿਡਾਰੀਆਂ ਨੂੰ ਦਿੱਤੇ ਜਾਣ ਵਾਲੇ ਇਨਾਮਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਮਤਾ ਪਾਸ ਕਰਦਿਆਂ ਕਬੱਡੀ ਕੱਪ ਦੀ ਮਿਤੀ 2 ਜਨਵਰੀ 2027 ਨਿਰਧਾਰਤ ਕੀਤੀ ਗਈ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਖੇਡ ਮੇਲੇ ਦੌਰਾਨ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਸ਼ਾਨਦਾਰ ਇਨਾਮ ਰੱਖੇ ਗਏ ਹਨ। ਕਬੱਡੀ ਮੁਕਾਬਲੇ ਦੀ ਜੇਤੂ ਟੀਮ ਨੂੰ ਪਹਿਲਾ ਇਨਾਮ 1 ਲੱਖ 31 ਹਜ਼ਾਰ ਰੁਪਏ, ਜਦਕਿ ਉਪ-ਜੇਤੂ ਟੀਮ ਨੂੰ 1 ਲੱਖ 11 ਹਜ਼ਾਰ ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਵਧੀਆ ਪ੍ਰਦਰਸ਼ਨ ਕਰਨ ਵਾਲੇ ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ ਮੋਟਰਸਾਈਕਲਾਂ ਨਾਲ ਸਨਮਾਨਿਤ ਕੀਤਾ ਜਾਵੇਗਾ ਮੀਟਿੰਗ ਵਿਚ ਹਰਦੀਪ ਸਿੰਘ ਦੀਪਾ ਝੁੰਦਾ, ਗਿੱਲ ਉੱਪੋਕੀ, ਦੁਪਿੰਦਰ ਸਿੰਘ ਫਰੀਦਪੁਰ, ਕਰਮਾਂ ਬਿੰਜੋਕੀ, ਸਰਪੰਚ ਪਵਿੱਤਰ ਸਿੰਘ, ਗੋਗੀ ਇਮਾਮਗੜ੍ਹ ਅਤੇ ਸਤਨਾਮ ਵੜੈਚ ਸਮੇਤ ਸੁਸਾਇਟੀ ਦੇ ਹੋਰ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ। ਪ੍ਰਬੰਧਕਾਂ ਨੇ ਕਿਹਾ ਕਿ ਕਬੱਡੀ ਕੱਪ ਨੂੰ ਯਾਦਗਾਰੀ ਬਣਾਉਣ ਲਈ ਪੂਰੀ ਮਿਹਨਤ ਨਾਲ ਪ੍ਰਬੰਧ ਕੀਤੇ ਜਾਣਗੇ ਅਤੇ ਇਲਾਕੇ ਦੇ ਖੇਡ ਪ੍ਰੇਮੀਆਂ ਨੂੰ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਦਾ 'ਹਿੰਦੀ ਮਹੋਤਸਵ' 'ਚ ਸ਼ਾਨਦਾਰ ਪ੍ਰਦਰਸ਼ਨ

ਪਾਤੜਾਂ, 9 ਅਕਤੂਬਰ (ਗਗਨ ਗਰਗ): ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਦੇ ਵਿਦਿਆਰਥੀਆਂ ਨੇ 'ਪਟਿਆਲਾ ਸਹੋਦਿਆ ਸਕੂਲਜ਼ ਕੰਪਲੈਕਸ' ਦੀ ਅਗਵਾਈ ਹੇਠ ਬੁੱਢਾ ਦਲ ਪਬਲਿਕ ਸਕੂਲ, ਪਟਿਆਲਾ ਵਿੱਖੇ ਕਰਵਾਏ ਗਏ 'ਹਿੰਦੀ ਮਹੋਤਸਵ-2026' ਵਿੱਚ ਆਪਣੀ ਭਾਸ਼ਾ ਦੀ ਪ੍ਰਤਿਭਾ, ਰਚਨਾਤਮਕਤਾ ਅਤੇ ਸਮਾਜਿਕ ਜਾਗਰੂਕਤਾ ਦਾ ਪ੍ਰਦਰਸ਼ਨ ਕੀਤਾ। ਸਕੂਲ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਸਥਾਨ ਹਾਸਲ ਕੀਤੇ। ਦਸਵੀਂ ਜਮਾਤ ਦੇ ਸੋਹਿਤ ਸ਼ਰਮਾ ਅਤੇ ਏਕਮਨੂਰ ਕੌਰ ਨੇ ਆਪਣੇ ਨਵੀਨਤਾਕਾਰੀ ਮਾਡਲ 'ਭਾਸ਼ਾ ਅਤੇ ਵਿਆਕਰਣ ਮੇਲਾ' ਦੀ ਪੇਸ਼ਕਾਰੀ ਲਈ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਸਮਾਗਮ ਦੀ ਰੌਣਕ ਵਧਾਉਂਦੇ ਹੋਏ, ਛੇਵੀਂ ਜਮਾਤ ਦੀ ਲੀਲਮ ਕੁਮਾਰੀ ਨੇ ਹਿੰਦੀ ਵਰਣਮਾਲਾ (ਅੱਖਰਾਂ) ਦੀ ਵਰਤੋਂ ਕਰਦਿਆਂ ਮਾਪਿਆਂ ਵਿਚਲੀ ਨੋਕ-ਚੋਕ ਦਰਸਾਉਂਦੀ ਇੱਕ ਹਾਸ-ਰਸ ਹਿੰਦੀ ਕਵਿਤਾ ਪੇਸ਼ ਕੀਤੀ। ਉਸਦੀ ਮਨੋਰੰਜਕ ਪੇਸ਼ਕਾਰੀ ਲਈ ਉਸਨੂੰ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਵਿਦਿਆਰਥੀਆਂ ਦੀ ਸ਼ਲਾਘਾਯੋਗ ਕਾਰਗੁਜ਼ਾਰੀ ਦੀ ਤਾਰੀਫ਼ ਕੀਤੀ ਅਤੇ ਉਨ੍ਹਾਂ ਦੇ ਉਤਸ਼ਾਹ, ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਦੀ ਪ੍ਰਸ਼ੰਸਾ ਕੀਤੀ। ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਜੇਤੂਆਂ ਅਤੇ 'ਹਿੰਦੀ ਮਹੋਤਸਵ' ਵਿੱਚ ਸ਼ਾਨਦਾਰ ਢੰਗ ਨਾਲ ਸਕੂਲ ਦੀ ਨੁਮਾਇੰਦਗੀ ਕਰਨ ਲਈ ਵਧਾਈ ਦਿੱਤੀ।

ਬੀਬੀ ਲੁੰਬਾ ਵੱਲੋਂ ਪਿੰਡ ਕੱਲਰਭੈਣੀ ਵਿਖੇ ਕੀਤਾ ਖੇਡ ਮੈਦਾਨ ਦਾ ਉਦਘਾਟਨ

ਪਾਤੜਾਂ, 9 ਅਕਤੂਬਰ (ਗਗਨ ਗਰਗ): ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨੌਜਵਾਨਾਂ ਲਈ ਖੇਡ ਮੈਦਾਨ ਬਣਾਏ ਜਾ ਰਹੇ ਹਨ। ਇਸੇ ਤਹਿਤ ਅੱਜ ਹਲਕਾ ਸ਼ੁਤਰਾਣਾ ਤੋਂ ਸਾਬਕਾ ਵਿਧਾਇਕ ਬੀਬੀ ਵਨਿੰਦਰ ਕੌਰ ਲੁੰਬਾ ਅਤੇ ਦਲਬੀਰ ਸਿੰਘ ਯੂ ਕੇ ਵੱਲੋਂ ਅੱਜ ਪਿੰਡ ਕੱਲਰਭੈਣੀ ਵਿਖੇ ਖੇਡ ਮੈਦਾਨ ਦਾ ਉਦਘਾਟਨ ਕੀਤਾ ਗਿਆ। ਇਸ ਦੌਰਾਨ ਬੀਬੀ ਲੁੰਬਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲਕਦਮੀ ਪਿੰਡਾਂ ਦੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਖੇਡ ਸਹੂਲਤਾਂ ਪ੍ਰਦਾਨ ਕਰੇਗੀ ਅਤੇ 'ਨਸ਼ਿਆਂ ਤੋਂ ਦੂਰ ਰਹਿਣ ਤੇ ਖੇਡਾਂ ਨਾਲ ਜੁੜਨ' ਦੇ ਸੁਨੇਹੇ ਨੂੰ ਉਤਸ਼ਾਹਿਤ ਕਰਦਿਆਂ ਯੁੱਧ ਨਸ਼ਿਆਂ ਵਿਰੁੱਧ ਸਰਕਾਰ ਦੀ ਲੜਾਈ ਨੂੰ ਹੋਰ ਮਜ਼ਬੂਤ ਕਰੇਗੀ। ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਦਲਵੀਰ ਸਿੰਘ (ਯੂ ਕੇ), ਮਹਿੰਗਾ ਸਿੰਘ ਬਰਾੜ ਚੇਅਰਮੈਨ ਮਾਰਕੀਟ ਕਮੇਟੀ, ਵਰੁਣ ਕਾਂਸਲ ਸੀਨੀਅਰ ਆਪ ਆਗੂ, ਮਲਕੀਤ ਸਿੰਘ, ਸਰਪੰਚ ਗੁਰਪਾਲ ਸਿੰਘ, ਫਤਿਹ ਸਿੰਘ, ਕੁਲਦੀਪ ਸਿੰਘ, ਬਲਜੀਤ ਸਿੰਘ, ਕੁਲਦੀਪ ਸਿੰਘ ਥਿੰਦ ਕੌਂਸਲਰ, ਮਨਬੀਰ ਸਿੰਘ ਮੰਨਾ ਕੌਂਸਲਰ ਤੋਂ ਇਲਾਵਾ ਬਹੁਤ ਸਾਰੇ ਵਰਕਰ ਹਾਜ਼ਰ ਸਨ।

ਤਲਵੰਡੀ ਰਾਏ 'ਚ ਬਲਾਕ ਪੱਧਰੀ ਪ੍ਰਾਇਮਰੀ ਖੇਡਾਂ ਸ਼ਾਨੋ-ਸ਼ੌਕਤ ਨਾਲ ਸਮਾਪਤ

ਰਾਏਕੋਟ, 9 ਅਕਤੂਬਰ (ਮਹੰਤ ਰਾਜਪਾਲ ਦਾਸ): ਪਿੰਡ ਤਲਵੰਡੀ ਰਾਏ ਵਿਖੇ ਸੀਐੱਚਟੀ ਪ੍ਰਭਜੋਤ ਸਿੰਘ ਤਲਵੰਡੀ ਤੇ ਖੇਡ ਬਲਾਕ ਕੋਆਰਡੀਨੇਟਰ ਸੀਐੱਚਟੀ ਜੰਗਪਾਲ ਸਿੰਘ ਦੀ ਅਗਵਾਈ ਹੇਠ ਹੋਈਆਂ ਪ੍ਰਾਇਮਰੀ ਵਿੰਗ ਦੀਆਂ ਬਲਾਕ ਪੱਧਰੀ ਦੋ ਰੋਜ਼ਾ ਖੇਡਾਂ ਪਿੰਡ ਦੇ ਖੇਡ ਮੈਦਾਨ 'ਚ ਖੇਡ ਭਾਵਨਾ, ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਈਆਂ। ਇਨ੍ਹਾਂ ਖੇਡਾਂ ਦੌਰਾਨ ਬਲਾਕ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਦੌਰਾਨ ਐੱਸਡੀਐੱਮ ਖੁਸ਼ਪ੍ਰੀਤ ਸਿੰਘ, ਬੀਪੀਈਓ ਇਤਬਾਰ ਸਿੰਘ ਨੱਥੋਵਾਲ, ਥਾਣਾ ਸਦਰ ਦੇ ਇੰਚਾਰਜ ਹੀਰਾ ਸਿੰਘ ਸੰਧੂ, ਮੈਕ ਲਾਇਫ ਕੰਪਨੀ ਦੇ ਸੀਈਓ ਸੁਖਮੰਦਰ ਸਿੰਘ ਤੇ ਸਰਪੰਚ ਇੰਦਰਜੀਤ ਸਿੰਘ ਪਹੁੰਚੇ। ਖੇਡਾਂ ਦੇ ਸਮਾਪਤੀ ਸਮਾਰੋਹ ਦੌਰਾਨ ਜੇਤੂ ਖਿਡਾਰੀਆਂ ਅਤੇ ਟੀਮਾਂ ਨੂੰ ਐੱਸਡੀਐੱਮ ਖੁਸ਼ਪ੍ਰੀਤ ਸਿੰਘ, ਬੀਪੀਈਓ ਇਤਬਾਰ ਸਿੰਘ ਨੱਥੋਵਾਲ, ਥਾਣਾ ਮੁਖੀ ਹੀਰਾ ਸਿੰਘ ਸੰਧੂ, ਮੈਕ ਲਾਇਫ ਦੇ

ਸੁਪਰੀਮ ਕੋਰਟ ਵੱਲੋਂ ਧਰਮਕੋਟ ਤੇ ਬਾਘਾ ਪੁਰਾਣਾ ਦੇ 22 ਵਾਰਡਾਂ ਦੀਆਂ ਚੋਣਾਂ ਰੱਦ ਕਰਨਾ 'ਆਪ' ਸਰਕਾਰ ਨੂੰ ਕਰਾਰਾ ਝਟਕਾ: ਡਾ. ਹਰਜੋਤ ਕਮਲ

ਮੋਗਾ, 9 ਅਕਤੂਬਰ (ਜਗਰਾਜ ਸਿੰਘ ਸੰਘਾ) ਮਾਨਯੋਗ ਸੁਪਰੀਮ ਕੋਰਟ ਵੱਲੋਂ ਨਗਰ ਨਿਗਮ ਪਟਿਆਲਾ ਅਤੇ ਜ਼ਿਲ੍ਹਾ ਮੋਗਾ ਦੀ ਨਗਰ ਕੌਂਸਲ ਬਾਘਾ ਪੁਰਾਣਾ ਤੇ ਧਰਮਕੋਟ ਦੇ 50 ਵਾਰਡਾਂ ਦੀਆਂ ਚੋਣਾਂ ਨੂੰ ਰੱਦ ਕਰਕੇ ਨਿਆਂਇਕ ਨਿਗਰਾਨੀ ਹੇਠ 6 ਹਫ਼ਤਿਆਂ ਅੰਦਰ ਨਵੇਂ ਸਿਰਿਓਂ ਮੁੜ ਚੋਣਾਂ ਕਰਵਾਉਣ ਦੇ ਦਿੱਤੇ ਇਤਿਹਾਸਕ ਆਦੇਸ਼ਾਂ ਦਾ ਭਾਰਤੀ ਜਨਤਾ ਪਾਰਟੀ ਨੇ ਜ਼ੋਰਦਾਰ ਸਵਾਗਤ ਕੀਤਾ ਹੈ। ਭਾਜਪਾ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਅਤੇ ਸਾਬਕਾ ਵਿਧਾਇਕ ਡਾ. ਹਰਜੋਤ ਕਮਲ ਨੇ ਇਸ ਫ਼ੈਸਲੇ ਨੂੰ ਲੋਕਤੰਤਰ ਦੀ ਵੱਡੀ ਜਿੱਤ ਅਤੇ ਸੱਤਾ ਦੇ ਨਸ਼ੇ ਵਿੱਚ ਚੂਰ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੂੰਹ 'ਤੇ ਕਰਾਰਾ ਤਮਾਚਾ ਕਰਾਰ ਦਿੱਤਾ ਹੈ। ਪ੍ਰੈੱਸ ਬਿਆਨ ਜਾਰੀ ਕਰਦਿਆਂ ਡਾ. ਹਰਜੋਤ ਕਮਲ ਨੇ ਕਿਹਾ ਕਿ ਪਿਛਲੀਆਂ ਚੋਣਾਂ ਦੌਰਾਨ ਆਪ ਸਰਕਾਰ ਨੇ ਸਰਕਾਰੀ ਮਸ਼ੀਨਰੀ ਦੀ ਸ਼ਰੇਆਮ ਦੁਰਵਰਤੋਂ ਕਰਕੇ, ਧੱਕੇਸ਼ਾਹੀ, ਧਾਂਦਲੀਆਂ ਅਤੇ ਬੂਥ ਕੈਪਚਰਿੰਗ ਦੇ ਦਮ 'ਤੇ ਜਿੱਤ ਹਾਸਲ ਕੀਤੀ ਸੀ। ਪਰ ਸੱਚ ਨੂੰ ਕਦੇ ਦਬਾਇਆ ਨਹੀਂ ਜਾ ਸਕਦਾ। ਦੇਸ਼ ਦੀ ਸਰਵਉੱਚ ਅਦਾਲਤ ਨੇ ਸਾਰੀਆਂ ਬੇਨਿਯਮੀਆਂ ਦਾ ਗੰਭੀਰ ਨੋਟਿਸ ਲੈਂਦਿਆਂ ਨਗਰ ਨਿਗਮ ਪਟਿਆਲਾ ਦੇ 28 ਵਾਰਡਾਂ, ਨਗਰ ਕੌਂਸਲ ਧਰਮਕੋਟ ਦੇ 7 ਵਾਰਡਾਂ ਅਤੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਸਾਰੇ 15 ਵਾਰਡਾਂ ਦੀਆਂ ਚੋਣਾਂ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ। ਡਾ. ਹਰਜੋਤ ਕਮਲ ਨੇ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਨਿਆਂਇਕ ਨਿਗਰਾਨੀ ਹੇਠ 28 ਸਤੰਬਰ ਨੂੰ ਆਧਾਰ ਮੰਨ ਕੇ 6 ਹਫ਼ਤਿਆਂ ਅੰਦਰ ਨਿਰਪੱਖ ਚੋਣਾਂ ਕਰਵਾਉਣ ਦਾ ਹੁਕਮ ਦੇਣਾ ਸਾਬਤ ਕਰਦਾ ਹੈ ਕਿ ਭਗਵੰਤ ਮਾਨ ਸਰਕਾਰ ਦੇ ਰਾਜ ਵਿੱਚ ਸੰਵਿਧਾਨਕ ਅਤੇ ਲੋਕਤੰਤਰੀ ਸੰਸਥਾਵਾਂ ਦੀ ਨਿਰਪੱਖਤਾ ਖ਼ਤਰੇ ਵਿੱਚ ਪੈ ਚੁੱਕੀ ਸੀ। ਅਦਾਲਤ ਦੇ ਇਸ ਫ਼ੈਸਲੇ ਨੇ ਸੱਤਾਧਾਰੀ ਧਿਰ ਦੀ ਕਥਿਤ ਇਮਾਨਦਾਰੀ ਦਾ ਅਸਲ ਚਿਹਰਾ ਜਨਤਾ ਸਾਹਮਣੇ ਬੇਨਕਾਬ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹ ਮੁੜ ਚੋਣਾਂ ਆਪ ਸਰਕਾਰ ਲਈ ਅਗਨੀ ਪ੍ਰੀਖਿਆ ਸਾਬਤ ਹੋਣਗੀਆਂ। ਬਾਘਾ ਪੁਰਾਣਾ ਅਤੇ ਧਰਮਕੋਟ ਦੀ ਜਨਤਾ ਆਪ ਦੇ ਝੂਠ, ਭ੍ਰਿਸ਼ਟਾਚਾਰ ਅਤੇ ਧੱਕੇਸ਼ਾਹੀ ਤੋਂ ਪੂਰੀ ਤਰ੍ਹਾਂ ਅੱਕ ਚੁੱਕੀ ਹੈ ਅਤੇ ਹੁਣ ਵੋਟ ਦੀ ਤਾਕਤ ਨਾਲ ਇਸ ਦਾ ਮੂੰਹ-ਤੋੜ ਜਵਾਬ ਦੇਵੇਗੀ। ਡਾ. ਕਮਲ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਭਾਰਤੀ ਜਨਤਾ ਪਾਰਟੀ ਇਹਨਾਂ ਚੋਣਾਂ ਵਿੱਚ ਪੂਰੇ ਦਮ-ਖ਼ਮ ਨਾਲ ਉਤਰਨ ਲਈ ਤਿਆਰ ਹੈ। ਪਾਰਟੀ ਦੀ ਰਣਨੀਤੀ ਉਲੀਕਣ ਲਈ ਜ਼ਿਲ੍ਹੇ ਦੇ ਸੀਨੀਅਰ ਆਗੂਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਭਾਜਪਾ ਦੇ ਸੀਨੀਅਰ ਸੂਬਾਈ ਆਗੂ ਸ. ਚਰਨਜੀਤ ਸਿੰਘ ਬਰਾੜ ਅਤੇ ਸ਼੍ਰੀ ਅਨਿਲ ਸਰੀਨ ਮੋਗਾ ਪਹੁੰਚ ਕੇ ਵਰਕਰਾਂ ਤੇ ਆਗੂਆਂ ਨਾਲ ਵਿਸ਼ੇਸ਼ ਚੋਣ ਮੀਟਿੰਗ ਕਰਨਗੇ। ਭਾਜਪਾ ਬਾਘਾ ਪੁਰਾਣਾ ਦੇ ਸਾਰੇ 15 ਵਾਰਡਾਂ ਅਤੇ ਧਰਮਕੋਟ ਦੇ 7 ਵਾਰਡਾਂ ਵਿੱਚ ਮਜ਼ਬੂਤ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰ ਕੇ ਸ਼ਾਨਦਾਰ ਜਿੱਤ ਦਰਜ ਕਰੇਗੀ।

ਗਰਭਵਤੀ ਔਰਤ ਦੀ ਸਿਹਤ ਸੁਰੱਖਿਆ ਲਈ ਸਮੇਂ ਸਿਰ ਐਂਟੀਨੇਟਲ ਜਾਂਚ, ਟੀਕਾਕਰਨ ਅਤੇ ਪੌਸ਼ਟਿਕ ਖੁਰਾਕ ਜ਼ਰੂਰੀ : ਡਾ. ਸ਼ੈਲੀ ਅਰੋੜਾ

ਬਠਿੰਡਾ/ਚਾਉਕੇ, 9 ਅਕਤੂਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸ਼ੈਲੀ ਅਰੋੜਾ ਦੀ ਅਗਵਾਈ ਹੇਠ ਗਰਭਵਤੀ ਔਰਤਾਂ ਦੀ ਸਿਹਤ ਸੁਰੱਖਿਆ ਅਤੇ ਜੱਚਾ-ਬੱਚਾ ਮੌਤ ਦਰ ਨੂੰ ਘਟਾਉਣ ਦੇ ਉਦੇਸ਼ ਨਾਲ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਜਾਗਰੂਕਤਾ ਅਤੇ ਜਾਂਚ ਕੈਂਪ ਲਗਾਏ ਗਏ। ਇਸ ਅਭਿਆਨ ਤਹਿਤ ਹਰ ਮਹੀਨੇ ਦੀ 9 ਅਤੇ 23 ਤਾਰੀਖ ਨੂੰ ਗਰਭਵਤੀ ਔਰਤਾਂ ਦੀ ਸਿਹਤ ਜਾਂਚ ਕਰਕੇ ਉਨ੍ਹਾਂ ਨੂੰ ਗਰਭ ਅਵਸਥਾ ਦੌਰਾਨ ਲੋੜੀਂਦੀਆਂ ਸਿਹਤ ਸਹੂਲਤਾਂ ਅਤੇ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਮੌਕੇ ਡਾ. ਸ਼ੈਲੀ ਅਰੋੜਾ ਨੇ ਕਿਹਾ ਕਿ ਗਰਭਵਤੀ ਔਰਤਾਂ ਦੀ ਸਿਹਤ ਦੀ ਸੁਰੱਖਿਆ ਲਈ ਸਮੇਂ ਸਿਰ ਐਂਟੀਨੇਟਲ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਨਿਯਮਿਤ ਜਾਂਚ ਨਾਲ ਗਰਭ ਅਵਸਥਾ ਦੌਰਾਨ ਹੋਣ ਵਾਲੀਆਂ ਸੰਭਾਵੀ ਪੇਚੀਦਗੀਆਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਦਾ ਇਲਾਜ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਗਰਭਵਤੀ ਔਰਤਾਂ ਨੂੰ ਡਾਕਟਰ ਦੀ ਸਲਾਹ ਅਨੁਸਾਰ ਲੋੜੀਂਦੇ ਟੀਕੇ ਲਗਵਾਉਣੇ ਚਾਹੀਦੇ ਹਨ ਅਤੇ ਆਇਰਨ, ਫੋਲਿਕ ਐਸਿਡ ਸਮੇਤ ਜ਼ਰੂਰੀ ਦਵਾਈਆਂ ਦੀ ਵਰਤੋਂ ਸਿਹਤ ਕਰਮਚਾਰੀਆਂ ਦੀ ਸਲਾਹ ਅਨੁਸਾਰ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਗਰਭਵਤੀ ਔਰਤਾਂ ਲਈ ਸੰਤੁਲਿਤ ਅਤੇ ਪੌਸ਼ਟਿਕ ਖੁਰਾਕ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਨੂੰ ਆਪਣੀ ਖੁਰਾਕ ਵਿੱਚ ਹਰੀਆਂ ਪੱਤੇਦਾਰ ਸਬਜ਼ੀਆਂ, ਮੌਸਮੀ ਫਲ, ਦਾਲਾਂ, ਦੁੱਧ ਅਤੇ ਹੋਰ ਪੌਸ਼ਟਿਕ ਭੋਜਨ ਸ਼ਾਮਲ ਕਰਨੇ ਚਾਹੀਦੇ ਹਨ। ਇਸ ਦੇ ਨਾਲ ਹੀ ਸਾਫ਼-ਸਫ਼ਾਈ ਦਾ ਧਿਆਨ ਰੱਖਣਾ, ਪੂਰਾ ਆਰਾਮ ਕਰਨਾ ਅਤੇ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਹੋਣ 'ਤੇ ਤੁਰੰਤ ਸਿਹਤ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ। ਡਾ. ਅਰੋੜਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ ਨੂੰ ਮਿਆਰੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਅਤੇ ਸੁਰੱਖਿਅਤ ਜਣੇਪੇ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਨੇ ਗਰਭਵਤੀ ਔਰਤਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਗਰਭ ਅਵਸਥਾ ਦੌਰਾਨ ਨਿਯਮਿਤ ਜਾਂਚ ਕਰਵਾਉਣ ਅਤੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ, ਤਾਂ ਜੋ ਮਾਂ ਅਤੇ ਬੱਚੇ ਦੋਵਾਂ ਦੀ ਸਿਹਤ ਨੂੰ ਸੁਰੱਖਿਅਤ ਰੱਖਿਆ ਜਾ ਸਕੇ। ਇਸ ਮੌਕੇ ਬਲਾਕ ਐਜੂਕੇਟਰ ਜਗਤਾਰ ਸਿੰਘ, ਮਨਜੀਤ ਸਿੰਘ, ਅਮਨਪ੍ਰੀਤ ਕੌਰ ਏ.ਐਨ.ਐਮ., ਆਸ਼ਾ ਵਰਕਰ ਅਤੇ ਪਿੰਡ ਵਾਸੀ ਆਦਿ ਹਾਜ਼ਰ ਸਨ।

ਅਰਨੀ ਯੂਨੀਵਰਸਿਟੀ ਵਿਖੇ ਗਾਂਧੀਵਾਦੀ ਦਰਸ਼ਨ 'ਤੇ ਭਾਸ਼ਣ ਅਤੇ ਕਵਿਤਾ ਮੁਕਾਬਲੇ

ਕਾਂਗੜਾ/ਇੰਦੌਰਾ, 8 ਅਕਤੂਬਰ (ਤਰੁਣ ਸਣਹੋਤਰਾ) ਅਰਨੀ ਯੂਨੀਵਰਸਿਟੀ ਦੇ ਸਾਹਿਤ ਕਲੱਬ ਅਤੇ ਸਕੂਲ ਆਫ਼ ਆਰਟਸ ਐਂਡ ਹਿਊਮੈਨਿਟੀਜ਼ ਵੱਲੋਂ ਗਾਂਧੀਵਾਦੀ ਦਰਸ਼ਨ 'ਤੇ ਆਧਾਰਿਤ ਭਾਸ਼ਣ ਅਤੇ ਕਵਿਤਾ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਮਹਾਤਮਾ ਗਾਂਧੀ ਦੇ ਵਿਚਾਰਾਂ, ਅਹਿੰਸਾ, ਨੈਤਿਕ ਕਦਰਾਂ-ਕੀਮਤਾਂ, ਸਮਾਜਿਕ ਜ਼ਿੰਮੇਵਾਰੀ ਅਤੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ ਪ੍ਰਤੀ ਜਾਗਰੂਕ ਕਰਨਾ ਸੀ। ਵਿਦਿਆਰਥੀਆਂ ਨੇ ਗਾਂਧੀ ਤੋਂ ਅੱਗੇ: ਨੈਤਿਕਤਾ, ਜ਼ਿੰਮੇਵਾਰੀ ਅਤੇ ਰਾਸ਼ਟਰ ਨਿਰਮਾਣ ਸਮੇਤ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤੇ। ਮੁਕਾਬਲੇ ਵਿੱਚ ਬੀਸੀਏ ਦੀ ਵਿਦਿਆਰਥਣ ਰਜਨੀਸ਼ ਨੇ ਪਹਿਲਾ, ਮਨੋਵਿਗਿਆਨ ਵਿਭਾਗ ਦੀ ਰਕਸ਼ਾ ਨੇ ਦੂਜਾ ਅਤੇ ਐਮਬੀਏ ਦੀ ਵਿਦਿਆਰਥਣ ਵਨੀਤਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਡਾ. ਵਿਵੇਕ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਾਤਮਾ ਗਾਂਧੀ ਦੇ ਵਿਚਾਰ ਅੱਜ ਵੀ ਸੱਚਾਈ, ਅਹਿੰਸਾ, ਨੈਤਿਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਗਾਂਧੀਵਾਦੀ ਕਦਰਾਂ-ਕੀਮਤਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾ ਕੇ ਇੱਕ ਸੰਵੇਦਨਸ਼ੀਲ, ਜ਼ਿੰਮੇਵਾਰ ਅਤੇ ਮਜ਼ਬੂਤ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਆਯੋਜਨ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਤਰਕਸ਼ੀਲ ਸੋਚ ਅਤੇ ਵਿਚਾਰ ਪ੍ਰਗਟਾਉਣ ਦੇ ਹੁਨਰ ਨੂੰ ਪ੍ਰਦਰਸ਼ਿਤ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ।

ਅੰਡਰਪਾਸ ਵਿੱਚ ਟਰੱਕ ਦੇ ਬ੍ਰੇਕ ਫੇਲ ਹੋਣ ਕਾਰਨ ਪਿੰਡ ਬਦੋਵਾਲ ਦੇ ਲੋਕ ਹੋਏ ਨਜ਼ਰਬੰਦ

ਲੁਧਿਆਣਾ, 9 ਅਕਤੂਬਰ (ਸੂਰਜ) ਵਿਧਾਨ ਸਭਾ ਹਲਕਾ ਦਾਖਾ ਦੇ ਵੱਡੇ ਪਿੰਡ ਬਦੋਵਾਲ ਵਿਖੇ ਰੇਲ ਵਿਭਾਗ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਬੰਦ ਕੀਤੇ ਗਏ ਮੁੱਖ ਰਸਤੇ ਦੇ ਫਾਟਕ ਇਲਾਕਾ ਨਿਵਾਸੀਆਂ ਲਈ ਨਿਤ ਨਵੀਆਂ ਪਰੇਸ਼ਾਨੀਆਂ ਪੈਦਾ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਬੱਦੋਵਾਲ ਦੇ ਸੀਨੀਅਰ ਕਾਂਗਰਸੀ ਆਗੂ ਬਲਰਾਜ ਬੱਦੋਵਾਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਰੇਲਵੇ ਫਾਟਕ ਬੰਦ ਕਰਕੇ ਇੱਕ ਅੰਡਰਪਾਸ ਬਣਾ ਦਿੱਤਾ ਗਿਆ ਹੈ। ਜਿਸ ਦੀ ਚੌੜਾਈ ਇੰਨੀ ਘੱਟ ਰੱਖੀ ਗਈ ਹੈ ਕਿ ਦੋ ਵੱਡੀਆਂ ਗੱਡੀਆਂ ਇੱਕ ਦੂਜੇ ਨੂੰ ਕਰੋਸ ਨਹੀਂ ਕਰ ਸਕਦੀਆਂ। ਕਾਂਗਰਸ ਦੇ ਰਾਜ ਸਮੇਂ ਬਣੇ ਸਰਪੰਚ ਅਤੇ ਹੁਣ ਆਮ ਆਦਮੀ ਪਾਰਟੀ ਦੇ ਰਾਜ ਸਮੇਂ ਬਣੇ ਸਰਪੰਚ ਨੇ ਪਿੰਡ ਵਾਸੀਆਂ ਨਾਲ ਫਾਟਕ ਖੁਲਵਾਉਣ ਦੇ ਵਾਅਦੇ ਤਾ ਕੀਤੇ, ਪਰ ਕੀਤੇ ਹੋਏ ਵਾਅਦੇ ਵਫਾ ਨਹੀਂ ਹੋਏ। ਸ. ਬਲਰਾਜ ਬੱਦੋਵਾਲ ਨੇ ਅੱਜ ਦੀ ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਵੇਰੇ ਲਗਭਗ 7 ਵਜੇ ਅੰਡਰਪਾਸ ਵਿਖੇ ਇੱਕ ਟਰੱਕ ਦੇ ਬਰੇਕ ਫੇਲ ਹੋ ਗਏ ਜਿਸ ਕਾਰਨ ਉਸ ਨੂੰ ਉਸੇ ਹੀ ਰੁਕਣਾ ਪਿਆ ਅਤੇ ਆਪਣੇ ਰੋਜ ਮਰਾ ਦੇ ਕੰਮਾਂ ਤੇ ਜਾਣ ਵਾਲੇ ਲੋਕ ਅਤੇ ਸਕੂਲ ਨੂੰ ਜਾਣ ਵਾਲੇ ਵਿਦਿਆਰਥੀ ਫਸ ਕੇ ਰਹਿ ਗਏ ਕਿਉਂਕਿ ਫਾਟਕ ਬੰਦ ਹੋਏ ਪਏ ਹਨ ਅਤੇ ਅੰਡਰਪਾਰ ਦਾ ਰਸਤਾ ਵੀ ਬੰਦ ਹੋ ਗਿਆ ਸੀ। ਪਿੰਡ ਬੱਦੋਵਾਲ ਅਤੇ ਆਸ ਪਾਸ ਦੇ ਪਿੰਡਾਂ ਦੇ ਲੋਕ ਇੱਥੇ ਲਗਭਗ ਦੋ ਘੰਟੇ ਲਈ ਨਜ਼ਰਬੰਦ ਹੋ ਕੇ ਰਹਿ ਗਏ ਅਤੇ ਜਾਮ ਵਿੱਚ ਫਸੇ ਰਹੇ ਫਿਰ ਪਿੰਡ ਵਾਸੀਆਂ ਵੱਲੋਂ ਇੱਕ ਕਰੇਨ ਦਾ ਪ੍ਰਬੰਧ ਕੀਤਾ ਗਿਆ ਜਿਸ ਨਾਲ ਟਰੱਕ ਨੂੰ ਅੰਡਰਪਾਤ ਤੋਂ ਬਾਹਰ ਕੱਢ ਕੇ ਇੱਕ ਸਾਈਡ ਤੇ ਲਗਾਇਆ ਗਿਆ ਤਾਂ ਜਾ ਕੇ ਇਹ ਰਸਤਾ ਖੁੱਲਿਆ। ਉਹਨਾਂ ਦੱਸਿਆ ਕਿ ਮੌਜੂਦਾ ਸਰਪੰਚ ਦੀ ਅਗਵਾਈ ਹੇਠ ਧਰਨਾ ਵੀ ਲਾਇਆ ਗਿਆ ਪ੍ਰੰਤੂ ਅਫਸਰ ਸ਼ਾਹੀ ਨੇ ਉਨਾਂ ਨੂੰ ਬੁਲਾ ਕੇ ਜੁਬਾਨੀ ਕਲਾਮੀ ਚਾਰ ਮਹੀਨੇ ਦਾ ਸਮਾਂ ਦੇ ਦਿੱਤਾ, ਜਿਸ ਸਬੰਧੀ ਸਰਪੰਚ ਸਾਹਿਬ ਨੇ ਪਿੰਡ ਵਾਸੀਆਂ ਨੂੰ ਆ ਕੇ ਦੱਸਿਆ ਕਿ ਆਪਾਂ ਨੂੰ ਚਾਰ ਮਹੀਨੇ ਦਾ ਸਮਾਂ ਮਿਲ ਗਿਆ ਹੈ ਇਸ ਲਈ ਧਰਨਾ ਚੱਕ ਦਿਓ ਹੁਣ ਦੇਖਣਾ ਇਹ ਹੋਵੇਗਾ ਕਿ ਲਗਭਗ ਦੋ ਮਹੀਨੇ ਲੰਘ ਚੁੱਕੇ ਹਨ ਕਿ ਅਗਲੇ ਦੋ ਮਹੀਨੇ ਤੱਕ ਫਾਟਕ ਖੁੱਲਦੇ ਹਨ ਕਿ ਨਹੀਂ। ਸ. ਬਲਰਾਜ ਬੱਦੋਵਾਲ ਨੇ ਕੇਂਦਰ ਸਰਕਾਰ ਦੇ ਰੇਲਵੇ ਮੰਤਰੀ ਤੋਂ ਪੁਰਜੋਰ ਸ਼ਬਦਾਂ ਵਿੱਚ ਮੰਗ ਕੀਤੀ ਕਿ ਇਹ ਫਾਟਕ ਜੋ ਕਿ ਪਿੰਡ ਦੀ ਮੁੱਖ ਸੜਕ ਤੇ ਬਣਿਆ ਹੋਇਆ ਹੈ ਅਤੇ ਇਸ ਰਾਹੀਂ ਕਈ ਪਿੰਡਾਂ ਦੇ ਲੋਕ ਲੰਘਦੇ ਸਨ ਨੂੰ ਜਲਦ ਤੋਂ ਜਲਦ ਖੋਲਿਆ ਜਾਵੇ ਤਾਂ ਜੋ ਇਲਾਕਾ ਨਿਵਾਸੀ ਸੁਖ ਦਾ ਸਾਹ ਲੈ ਸਕਣ।

ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਮਾਨ ਸਰਕਾਰ ਵਚਨਬੱਧ

ਰਾਮਪੁਰਾ ਫੂਲ, 9 ਅਕਤੂਬਰ (ਕੁਲਜੀਤ ਸਿੰਘ ਢੀਂਗਰਾ): ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦੀ ਨਿਰਵਿਘਨ ਖਰੀਦ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੱਜ ਰਾਮਪੁਰਾ ਫੂਲ ਦੀ ਅਨਾਜ ਮੰਡੀ ਵਿੱਚ ਝੋਨੇ ਦੀ ਖਰੀਦ ਸ਼ੁਰੂ ਕੀਤੀ ਗਈ। ਇਸ ਮੌਕੇ ਮੰਡੀ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਅਤੇ ਕਿਸਾਨਾਂ ਦੀ ਫ਼ਸਲ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਕਿਸਾਨਾਂ ਦੀ ਸਹੂਲਤ, ਖਰੀਦ ਪ੍ਰਕਿਰਿਆ ਵਿੱਚ ਪਾਰਦਰਸ਼ਤਾ, ਫ਼ਸਲ ਦੀ ਸਮੇਂ ਸਿਰ ਖਰੀਦ ਅਤੇ ਖਰੀਦੇ ਗਏ ਝੋਨੇ ਦੀ ਲਿਫਟਿੰਗ ਨੂੰ ਸੁਚਾਰੂ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਸ ਮੌਕੇ ਭਗਤਾ ਭਾਈ ਮਾਰਕੀਟ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਬੂਟਾ ਸਿੰਘ ਜਲਾਲ, ਚੇਅਰਮੈਨ ਦਰਸ਼ਨ ਸੋਹੀ, ਧੀਰਾ ਬਰਾੜ ਅਤੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਲੇਖ ਰਾਜ ਸਮੇਤ ਹੋਰ ਪਤਵੰਤੇ ਅਤੇ ਸਬੰਧਤ ਅਧਿਕਾਰੀ ਮੌਜੂਦ ਸਨ। ਇਸ ਮੌਕੇ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਝੋਨੇ ਦੀ ਖਰੀਦ ਦਾ ਸੀਜ਼ਨ ਕਿਸਾਨਾਂ ਲਈ ਬੇਹੱਦ ਅਹਿਮ ਹੁੰਦਾ ਹੈ, ਕਿਉਂਕਿ ਸਾਲ ਭਰ ਦੀ ਮਿਹਨਤ ਅਤੇ ਖੇਤੀਬਾੜੀ 'ਤੇ ਕੀਤੇ ਖ਼ਰਚਿਆਂ ਦਾ

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਦਰਸ਼ਨਾਂ ਸਦਕਾ ਸਕਾਲਰਸ਼ਿਪ ਮੋਰਚਾ ਜਿੱਤਿਆ :- ਧਰਮੂ ਵਾਲਾ, ਸਟਾਲਿਨ

ਫਾਜ਼ਿਲਕਾ 9 ਅਕਤੂਬਰ (ਮਨੋਜ ਕੁਮਾਰ) ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਦਰਸ਼ਨ ਸਦਕਾ ਹੁਣ ਰੀ- ਪੀਅਰ ਵਾਲੇ ਵਿਦਿਆਰਥੀ ਵੀ ਭਰ ਸਕਣਗੇ ਵਜੀਫਾ ਫਾਰਮ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ, ਜ਼ਿਲਾ ਫਾਜ਼ਿਲਕਾ ਸਕੱਤਰ ਸਟਾਲਿਨ ਲਮੋਚੜ ਨੇ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਡਾ. ਭੀਮ ਰਾਓ ਅੰਬੇਡਕਰ ਸਕਾਲਰਸ਼ਿਪ ਪੋਰਟਲ ਦਾ ਨਾਂ ਬਦਲ ਕੇ ਐਨ.ਐਸ.ਪੀ ਕਰ ਦਿੱਤਾ ਗਿਆ ਹੈ। ਜਿਸ ਵਿੱਚ ਕਮੀ ਪਾਈ ਗਈ ਸੀ ਜਿਹੜੇ ਰੀ-ਪੀਅਰ ਵਾਲੇ ਵਿਦਿਆਰਥੀ ਉਹ ਅਗਲੇ ਸਮੈਸਟਰ ਵਿੱਚ ਵਜ਼ੀਫਾ ਨਹੀਂ ਭਰ ਸਕਦੇ ਭਾਵ ਟੋਟਲ ਨੰਬਰ ਪੇਪਰਾਂ ਦੇ ਹੋਣਗੇ ਤਾਂ ਹੀ ਵਜ਼ੀਫਾ ਭਰਿਆ ਜਾਵੇਗਾ। ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਦੀ ਇਸ ਮਸਲੇ ਨੂੰ ਲੈ ਕੇ ਤੁਰੰਤ ਇੱਕ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ। ਕਿ ਪੂਰੇ ਪੰਜਾਬ ਦੇ ਵਿਦਿਅਕ ਅਦਾਰਿਆਂ ਵਿੱਚ ਇਸ ਦਾ ਡਟਵਾਂ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ। ਪੰਜਾਬ ਦੇ ਕਈ ਵਿਦਿਅਕ ਅਦਾਰਿਆਂ ਵਿੱਚ ਇਸ ਦਾ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਜਿਸ ਦੀ ਬਦੌਲਤ ਸਰਕਾਰ ਨੂੰ ਵਿਦਿਆਰਥੀਆਂ ਦੇ ਅੰਦੋਲਨ ਅੱਗੇ ਝੁਕਣਾ ਪਿਆ। ਕਾਲਜਾਂ ਦੇ ਇੰਚਾਰਜਾਂ ਨੂੰ ਇਹ ਕਹਿ ਦਿੱਤਾ ਗਿਆ ਹੈ। ਕਿ ਤੁਸੀਂ ਹੁਣ ਰੀ- ਪੀਅਰ ਵਾਲੇ ਵਿਦਿਆਰਥੀਆਂ ਦੇ ਵੀ ਫਾਰਮ ਭਰ ਸਕਦੇ ਹੋ। ਇਸ ਜਿੱਤ ਦੀਆਂ ਪੂਰੇ ਪੰਜਾਬ ਦੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਰਮਨ ਧਰਮੂ ਵਾਲਾ, ਸਟਾਲਿਨ ਲਮੋਚੜ ਨੇ ਅੱਗੇ ਗੱਲਬਾਤ ਕਰਦਿਆਂ ਕਿਹਾ ਕਿ ਸਾਡੀ ਲੜਾਈ ਹਜੇ ਖਤਮ ਨਹੀਂ ਹੋਈ। ਡਾ. ਭੀਮ ਰਾਓ ਅੰਬੇਡਕਰ ਸਕਾਲਰਸ਼ਿਪ ਪੋਰਟਲ ਦਾ ਨਾਮ ਤੋਂ ਹੀ ਦੁਬਾਰਾ ਸ਼ੁਰੂ ਕੀਤੀ ਜਾਵੇ ਸਕਾਲਰਸ਼ਿਪ ਜਿਸ ਦਾ ਨਾਮ ਹੁਣ ਐਨ.ਐਸ.ਪੀ ਕਰ ਦਿੱਤਾ ਗਿਆ ਹੈ। ਇਹ ਸਾਡੇ ਸੰਵਿਧਾਨ ਤੇ ਸਿੱਧੇ ਤੌਰ ਤੇ ਹਮਲਾ ਹੈ। ਅਸੀਂ ਆਉਣ ਵਾਲੇ ਸਮੇਂ ਵਿੱਚ ਇਸ ਤੇ ਵੱਡਾ ਅੰਦੋਲਨ ਖੜਾ ਕਰਾਂਗੇ। ਜਲਾਲਾਬਾਦ ਲੜਕੀਆਂ ਦੇ ਕਾਲਜ ਏ.ਆਈ.ਐਸ.ਐਫ ਦੇ ਆਗੂ ਮਹਿਕ, ਜਸਪ੍ਰੀਤ, ਸਿਮਰਨ ਨੇ ਕਿਹਾ ਕਿ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੀ ਅਗਵਾਈ ਵਿੱਚ ਪਹਿਲਾਂ ਵੀ ਕਾਲਜ ਵਿੱਚ ਕਈ ਲੜਾਈਆਂ ਲੜੀਆਂ ਗਈਆਂ ਹਨ ਕਾਲਜ ਨੂੰ ਚਲਾਨ ਤੱਕ ਏ.ਆਈ.ਐਸ.ਐਫ ਦੇ ਅੰਦੋਲਨ ਦੀ ਦੇਣ ਹੈ। ਇਹ ਇੱਕੋ ਇੱਕ

ਵਿਦਿਆਰਥੀ ਜਥੇਬੰਦੀ ਜਿਹੜੀ ਵਿਦਿਆਰਥੀਆਂ ਲਈ ਲੜਦੀ ਹੋਈ ਅਨੇਕਾਂ ਜਿੱਤਾਂ ਪ੍ਰਾਪਤ ਕਰਕੇ ਦਿੱਤੀਆਂ ਹਨ। ਸਕੂਲਾਂ, ਕਾਲਜਾਂ ਵਿੱਚ ਪੜਦੇ ਵਿਦਿਆਰਥੀਆਂ ਨੂੰ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਮੈਂਬਰ ਆਗੂ ਬੰਨਾ ਚਾਹੀਦਾ ਹੈ। ਤਾਂ ਜੋ ਸਾਡੀ ਸਿੱਖਿਆ ਨੂੰ ਖੋਣ ਦਾ ਕੰਮ ਕੀਤਾ ਜਾ ਰਿਹਾ ਹੈ। ਉਸ ਨੂੰ ਰੋਕਿਆ ਜਾ ਸਕੇ। ਰੁਪਾਲਾ

ਅੰਜੂ ਆਦੀ ਵਿਦਿਆਰਥੀ ਸ਼ਾਮਲ ਸਨ।

ਭਾਜਪਾ ਸਰਕਾਰ ਆਉਣ ਤੇ ਘਨੌਰ ਮੰਡੀ ਦਾ ਸੈਡ ਅਪਗ੍ਰੇਡ ਕਰਾਂਗੇ : ਹਰਪਾਲਪੁਰ

ਪਟਿਆਲਾ 9 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਪੰਜਾਬ ਖਾਦੀ ਅਤੇ ਗ੍ਰਾਮ ਉਦਯੋਗ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਤੇ ਹਲਕਾ ਘਨੌਰ ਤੋਂ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਨੇ ਅੱਜ ਘਨੌਰ ਅਨਾਜ ਮੰਡੀ ਵਿਖੇ ਝੋਨਾ ਲੈ ਕੇ ਆਏ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਝੋਨੇ ਦੀਆਂ ਢੇਰੀਆਂ ਦਾ ਨਿਰੀਖਣ ਕਰਨ ਮਗਰੋਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਆਉਣ ਵਾਲੀਆਂ ਚੋਣਾਂ ਦੌਰਾਨ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ ਮਗਰੋਂ ਹਲਕਾ ਘਨੌਰ ਦੀ ਮੁੱਖ ਅਨਾਜ ਮੰਡੀ ਦੇ ਸੈਡ ਨੂੰ ਅਪਗ੍ਰੇਡ ਕੀਤਾ ਜਾਵੇਗਾ ਤਾਂ ਜੋ ਕਿਸਾਨਾਂ ਨੂੰ ਸੀਜ਼ਨ ਦੌਰਾਨ ਮੌਸਮ ਖਰਾਬ ਹੋਣ ਤੇ ਕਿਸੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਹਰਪਾਲਪੁਰ ਨੇ ਕਿਹਾ ਕਿ ਘਨੌਰ ਮੰਡੀ ਦਾ ਸੈਡ ਬਹੁਤ ਛੋਟਾ ਹੈ ਤੇ ਕਿਸਾਨਾਂ ਦੀ ਫ਼ਸਲ ਬਹੁਤ ਜ਼ਿਆਦਾ ਆਉਂਦੀ ਹੈ ਤੇ ਇਕੱਠੀ ਹੀ ਆ ਜਾਂਦੀ ਹੈ ਅਜਕਲ ਕਿਸਾਨ ਕੋਲ ਹੱਥੀਂ ਵਾਢੀ ਕਰਨ ਦਾ ਸਮਾ ਨਹੀਂ ਹੈ ਹਰ ਫ਼ਸਲ ਕੰਬਾਈਨ ਨਾਲ ਹੀ ਕੱਟੀ ਜਾਂਦੀ ਹੈ ਤੇ ਕੰਬਾਈਨ ਨਾਲ ਫ਼ਸਲ ਕੱਟਣ ਕਰਕੇ ਸਾਰੇ ਇਲਾਕੇ ਦੀ ਫ਼ਸਲ ਤਕਰੀਬਨ ਇਕੱਠੀ ਹੀ ਆ ਜਾਂਦੀ ਹੈ ਅਤੇ ਆਮ ਕਰਕੇ ਸੀਜ਼ਨ ਵਿੱਚ ਜਦੋਂ ਫ਼ਸਲ ਮੰਡੀ ਵਿੱਚ ਆਉਂਦੀ ਹੈ ਤਾਂ ਕੁਦਰਤੀ ਤੌਰ ਤੇ ਮੌਸਮ ਦੀ ਖਰਾਬੀ ਵੀ ਆਮ ਕਰਕੇ ਹੋ ਜਾਂਦੀ ਹੈ ਮੰਡੀ ਵਿੱਚ ਫਸਲ ਨੂੰ ਮੀਂਹ ਵਾਰਸ ਤੋਂ ਬਚਾਉਣ ਲਈ ਆੜ੍ਹਤੀਆਂ ਕੋਲ ਤਰਪਾਲਾ ਵਗੈਰਾ ਦੇ ਪ੍ਰਬੰਧ ਪੁਖਤਾ ਨਹੀਂ ਹੁੰਦੇ ਜਿਸ ਕਰਕੇ ਕਿਸਾਨਾਂ ਤੇ ਆੜ੍ਹਤੀਆਂ ਦੋਹਾਂ ਨੂੰ ਨੁਕਸਾਨ ਵੀ ਹੁੰਦਾ ਹੈ ਤੇ ਪਰੇਸ਼ਾਨੀ ਵੀ ਝੱਲਣੀ ਪੈਂਦੀ ਹੈ। ਹਰਪਾਲਪੁਰ ਨੇ ਕਿਹਾ ਕਿ ਕਿਸਾਨਾਂ ਤੇ ਆੜ੍ਹਤੀਆਂ ਨੂੰ ਸਹੂਲਤ ਦੇਣ ਲਈ ਘਨੌਰ ਮੰਡੀ ਦੇ ਸੈਡ ਨੂੰ ਵੱਡਾ ਕਰਨਾ ਜ਼ਰੂਰੀ ਹੈ ਜੋ ਕਿ ਭਾਜਪਾ ਸਰਕਾਰ ਦੇ ਵਿੱਚ ਹੀ ਸੰਭਵ ਹੋ ਸਕੇਗਾ ਅੱਜ ਤੱਕ ਦੀਆਂ ਬਣੀਆਂ ਸਰਕਾਰਾਂ ਨੇ ਇਸ ਪਾਸੇ ਧਿਆਨ ਹੀ ਨਹੀਂ ਦਿੱਤਾ ਭਾਜਪਾ ਸਰਕਾਰ ਬਣਨ ਉਪਰੰਤ ਘਨੌਰ ਦੀ ਅਨਾਜ ਮੰਡੀ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਇਸ ਮੌਕੇ ਦਰਸ਼ਨ ਸਿੰਘ ਪੱਬਰੀ,ਸੁਲੱਖਣ ਸਿੰਘ ਭੰਗੂ,ਬਿਕਰਮ ਸਿੰਘ ਭੁੱਦਕ ,ਮੱਖਣ ਸਿੰਘ,ਪ੍ਰਗਟ ਸਿੰਘ ਅਤੇ ਭਗਤ ਸਿੰਘ ਸਮੇਤ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡੀ.ਏ.ਵੀ. ਕਾਲਜ ਅਬੋਹਰ ਵਿਖੇ ਕਰਵਾਇਆ ਗਿਆ ਆਲੌਕਿਕ ਡਰੋਨ ਸ਼ੋਅ

ਫਾਜ਼ਿਲਕਾ 9 ਅਕਤੂਬਰ (ਮਨੋਜ ਕੁਮਾਰ) ਸ੍ਰੀ ਗੁਰੂ ਰਵਿਦਾਸ ਜੀ ਦੇ ਪਾਵਨ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਥਾਨਕ ਡੀ.ਏ.ਵੀ. ਕਾਲਜ, ਅਬੋਹਰ ਵਿਖੇ ਇੱਕ ਸ਼ਾਨਦਾਰ ਅਤੇ ਆਲੌਕਿਕ ਡਰੋਨ ਸ਼ੋਅ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਲਗਭਗ 500 ਡਰੋਨਾਂ ਰਾਹੀਂ ਆਕਾਸ਼ ਵਿੱਚ ਮਨਮੋਹਕ ਦ੍ਰਿਸ਼ ਪੇਸ਼ ਕੀਤੇ ਗਏ, ਜਿਨ੍ਹਾਂ ਨੇ ਉੱਥੇ ਮੌਜੂਦ ਸਮੂਹ ਸੰਗਤਾਂ ਅਤੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਹਲਕਾ ਇੰਚਾਰਜ ਡਾ. ਸੁਹਾਨੀ ਡੋਡਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਇਸ ਮੌਕੇ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਡਾ. ਸੁਹਾਨੀ ਡੋਡਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਜੀਵਨ ਅਤੇ ਉਨ੍ਹਾਂ ਦੀ ਪਵਿੱਤਰ ਬਾਣੀ ਸਮੁੱਚੀ ਮਨੁੱਖਤਾ ਨੂੰ ਸਮਾਜ ਵਿੱਚ ਬਰਾਬਰੀ, ਸਾਂਝੀਵਾਲਤਾ ਅਤੇ ਸਨਮਾਨ ਭਰਿਆ ਜੀਵਨ ਬਤੀਤ ਕਰਨ ਦੀ ਸੱਚੀ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਧੁਨਿਕ ਤਕਨੀਕ ਅਰਥਾਤ ਡਰੋਨਾਂ ਰਾਹੀਂ ਕੀਤੀ ਗਈ ਇਹ ਅਸਰਦਾਰ ਪੇਸ਼ਕਾਰੀ ਗੁਰੂ ਸਾਹਿਬ ਪ੍ਰਤੀ ਇੱਕ ਢੁਕਵੀਂ ਸ਼ਰਧਾਂਜਲੀ ਹੈ। ਉਨ੍ਹਾਂ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਇਸ ਅਨੋਖੇ ਸ਼ੋਅ ਦਾ ਮੁੱਖ ਉਦੇਸ਼ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦੇ ਸਦੀਵੀ ਸੰਦੇਸ਼ ਨੂੰ ਆਧੁਨਿਕ ਤਕਨੀਕ ਰਾਹੀਂ ਅਜੋਕੀ ਨਵੀਂ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ। ਇਸੇ ਪ੍ਰਕਾਰ ਹੀ ਕੱਲ੍ਹ ਮਿਤੀ 9 ਅਕਤੂਬਰ 2026 ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਿਸਪੈਂਸਰੀ ਗਰਾਊਂਡ ਬੱਲੂਆਣਾ ਵਿਖੇ ਵੀ ਡਰੋਨ ਸ਼ੋਅ ਕਰਵਾਇਆ ਜਾਵੇਗਾ! ਇਸ ਮੌਕੇ ਜ਼ਿਲ੍ਹਾ ਪ੍ਰਧਾਨ -ਕਮ ਚੇਅਰਮੈਨ ਜਿਲਾ ਯੋਜਨਾ ਬੋਰਡ ਸ. ਉਪਕਾਰ ਸਿੰਘ ਜਾਖੜ, ਸੰਗਠਨ ਇੰਚਾਰਜ ਸੁਨੀਲ ਸਚਦੇਵਾ, ਲੀਗਲ ਸੈਲ ਤੋਂ ਜੁਆਇੰਟ ਸੈਕਟਰੀ ਹਰਪ੍ਰੀਤ ਸਿੰਘ, ਮਾਰਕੀਟ ਕਮੇਟੀ ਚੇਅਰਮੈਨ ਰਾਜਿੰਦਰ ਕੁਮਾਰ, ਸ੍ਰੀ ਲਾਲ ਚੰਦ ਠੁਕਰਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਫੂਡ ਸੇਫਟੀ ਵਿਭਾਗ ਵੱਲੋਂ ਸਵੇਰੇ ਤੜਕਸਾਰ ਦੁੱਧ ਵਾਲੇ ਵਾਹਨਾਂ ਦੀ ਚੈਕਿੰਗ, ਮਿਲਾਵਟ ਦੀ ਜਾਂਚ ਲਈ ਦੁੱਧ ਦੇ ਸੈਂਪਲ ਲਏ

ਫਾਜ਼ਿਲਕਾ 9 ਅਕਤੂਬਰ (ਮਨੋਜ ਕੁਮਾਰ) ਸਿਹਤ ਵਿਭਾਗ ਅਤੇ ਸਿਵਲ ਸਰਜਨ ਫਾਜ਼ਿਲਕਾ ਡਾ. ਕਵਿਤਾ ਸਿੰਘ ਦੇ ਨਿਰਦੇਸ਼ਾਂ ਅਤੇ ਲੋਕਾਂ ਨੂੰ ਸਾਫ਼-ਸੁਥਰਾ ਅਤੇ ਮਿਲਾਵਟ ਰਹਿਤ ਦੁੱਧ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਫੂਡ ਸੇਫਟੀ ਵਿਭਾਗ ਵੱਲੋਂ ਸਵੇਰੇ ਤੜਕਸਾਰ ਅਬੋਹਰ-ਗੰਗਾਨਗਰ ਹਾਈਵੇਅ 'ਤੇ ਦੁੱਧ ਦੀ ਸਪਲਾਈ ਕਰਨ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਹ ਕਾਰਵਾਈ ਫੂਡ ਸੇਫਟੀ ਅਫ਼ਸਰ ਹਰਵਿੰਦਰ ਸਿੰਘ ਵੱਲੋਂ ਕੀਤੀ ਗਈ।ਚੈਕਿੰਗ ਦੌਰਾਨ ਉਹਨਾਂ ਵੱਲੋਂ ਦੁੱਧ ਲੈ ਕੇ ਜਾਣ ਵਾਲੇ ਵੱਖ-ਵੱਖ ਵਾਹਨਾਂ ਦੀ ਜਾਂਚ ਕੀਤੀ ਗਈ ਅਤੇ ਦੁੱਧ ਵਿੱਚ ਮਿਲਾਵਟ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਜਾਂਚ ਲਈ ਦੁੱਧ ਦੇ ਤਿੰਨ ਸੈਂਪਲ ਲਏ ਗਏ। ਉਹਨਾਂ ਕਿਹਾ ਕਿ ਇਨ੍ਹਾਂ ਸੈਂਪਲਾਂ ਨੂੰ ਲੈਬਾਰਟਰੀ ਵਿੱਚ ਜਾਂਚ ਲਈ ਭੇਜਿਆ ਜਾਵੇਗਾ, ਤਾਂ ਜੋ ਦੁੱਧ ਦੀ ਗੁਣਵੱਤਾ ਅਤੇ ਸ਼ੁੱਧਤਾ ਦੀ ਪੁਸ਼ਟੀ ਕੀਤੀ ਜਾ ਸਕੇ। ਫੂਡ ਸੇਫਟੀ ਵਿਭਾਗ ਵੱਲੋਂ ਦੁੱਧ ਦੇ ਕਾਰੋਬਾਰ ਨਾਲ ਜੁੜੇ ਵਿਅਕਤੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਦੁੱਧ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣ ਅਤੇ ਕਿਸੇ ਵੀ ਤਰ੍ਹਾਂ ਦੀ ਮਿਲਾਵਟ ਤੋਂ ਗੁਰੇਜ਼ ਕਰਨ। ਵਿਭਾਗ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਖਾਣ-ਪੀਣ ਵਾਲੀਆਂ ਵਸਤਾਂ ਵਿੱਚ ਮਿਲਾਵਟ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਤਿਉਹਾਰਾਂ ਦੇ ਸਮੇਂ ਦੂਜੇ ਰਾਜਾਂ ਤੋਂ ਆਉਣ ਵਾਲੇ ਕਿਸੇ ਵੀ ਤਰ੍ਹਾਂ ਦੀ ਮਿਲਾਵਟੀ ਖੋਆ, ਮਿਠਾਈਆਂ, ਪਨੀਰ ਆਦਿ ਖਾਦ ਪਦਾਰਥਾਂ ਤੇ ਵਿਭਾਗ ਵਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਚੰਗਾ ਤੇ ਮਿਲਾਵਟ ਤੋਂ ਬਿਨਾਂ ਚੀਜ਼ ਮਿਲ ਸਕੇ। ਫੂਡ ਸੇਫਟੀ ਵਿਭਾਗ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਦੁੱਧ ਅਤੇ ਹੋਰ ਖਾਣ-ਪੀਣ ਵਾਲੀਆਂ ਵਸਤਾਂ ਦੀ ਖਰੀਦ ਸਮੇਂ ਗੁਣਵੱਤਾ ਦਾ ਧਿਆਨ ਰੱਖਣ ਅਤੇ ਮਿਲਾਵਟਖੋਰੀ ਵਿਰੁੱਧ ਵਿਭਾਗ ਦਾ ਸਾਥ ਦੇਣ।

ਹੇਮਕੁੰਟ ਸਕੂਲ ਦੀਆਂ ਐਨ.ਸੀ.ਸੀ. ਕੈਡਿਟਾਂ ਨੇ ਟੀ.ਬੀ. ਮੁਕਤ ਭਾਰਤ ਅਭਿਆਨ ਸਬੰਧੀ ਸੈਮੀਨਾਰ ਵਿੱਚ ਲਿਆ ਭਾਗ

ਕੋਟ ਈਸੇ ਖਾਂ, 9 ਅਕਤੂਬਰ (ਸੰਜੀਵ ਸੂਦ) ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ, ਕੋਟ ਈਸੇ ਖਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਜਾਗਰੂਕਤਾ ਅਤੇ ਲੋਕ ਸੇਵਾ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਹਮੇਸ਼ਾ ਪ੍ਰੇਰਿਤ ਕਰਦਾ ਰਹਿੰਦਾ ਹੈ। ਇਸੇ ਉਦੇਸ਼ ਤਹਿਤ ਸਕੂਲ ਦੀਆਂ ਐਨ.ਸੀ.ਸੀ. ਕੈਡਿਟਾਂ ਨੇ ਟੀ.ਬੀ. ਮੁਕਤ ਭਾਰਤ ਅਭਿਆਨ ਸਬੰਧੀ ਕਰਵਾਏ ਗਏ ਸੈਮੀਨਾਰ ਵਿੱਚ ਹਿੱਸਾ ਲਿਆ 05 ਪੰਜਾਬ ਬਟਾਲੀਅਨ ਗਰਲਜ਼, ਮੋਗਾ ਦੇ ਕਮਾਂਡਿੰਗ ਅਫ਼ਸਰ ਕਰਨਲ ਸੁਨੀਲ ਕੁਮਾਰ ਦੇ ਯੋਗ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਵਲ ਹਸਪਤਾਲ, ਮੋਗਾ ਅਤੇ ਕੋਟ ਈਸੇ ਖਾਂ ਵਿਖੇ ਟੀ.ਬੀ. ਮੁਕਤ ਭਾਰਤ ਅਭਿਆਨ ਸਬੰਧੀ ਸੈਮੀਨਾਰ ਕਰਵਾਏ ਗਏ। ਇਨ੍ਹਾਂ ਸੈਮੀਨਾਰਾਂ ਦੌਰਾਨ ਡਾ. ਬਲਵੀਰ ਸਿੰਘ ਅਤੇ ਡਾ. ਪ੍ਰਕਾਸ਼ ਸਿੰਘ ਵੱਲੋਂ ਐਨ.ਸੀ.ਸੀ. ਕੈਡਿਟਾਂ ਨੂੰ ਟੀ.ਬੀ. ਦੀ ਬਿਮਾਰੀ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਸਮੇਂ ਸਿਰ ਜਾਂਚ ਕਰਵਾਉਣ ਅਤੇ ਡਾਕਟਰ ਦੀ ਸਲਾਹ ਅਨੁਸਾਰ ਇਲਾਜ ਕਰਵਾਉਣ ਦੀ ਮਹੱਤਤਾ ਬਾਰੇ ਵੀ ਦੱਸਿਆ।ਸੈਮੀਨਾਰ ਤੋਂ ਬਾਅਦ ਐਨ.ਸੀ.ਸੀ. ਕੈਡਿਟਾਂ ਨੇ ਏ.ਐਨ.ਓ. ਸਿਮਰਨਜੀਤ ਕੌਰ ਦੀ ਅਗਵਾਈ ਹੇਠ ਟੀ.ਬੀ. ਮੁਕਤ ਭਾਰਤ ਅਭਿਆਨ ਦਾ ਸੰਦੇਸ਼ ਆਮ ਲੋਕਾਂ ਤੱਕ ਪਹੁੰਚਾਇਆ ਅਤੇ ਉਨ੍ਹਾਂ ਨੂੰ ਇਸ ਬਿਮਾਰੀ ਪ੍ਰਤੀ ਜਾਗਰੂਕ ਕੀਤਾ। ਇਸ ਉਪਰਾਲੇ ਰਾਹੀਂ ਕੈਡਿਟਾਂ ਨੇ ਸਮਾਜ ਵਿੱਚ ਸਿਹਤ ਸਬੰਧੀ ਜਾਗਰੂਕਤਾ ਫੈਲਾਉਣ ਅਤੇ ਟੀ.ਬੀ. ਮੁਕਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਆਪਣਾ ਯੋਗਦਾਨ ਪਾਇਆ।ਸਕੂਲ ਦੇ ਚੇਅਰਮੈਨ ਸਰਦਾਰ ਕੁਲਵੰਤ ਸਿੰਘ ਸੰਧੂ ਜੀ, ਐਮ.ਡੀ. ਮੈਡਮ ਸ੍ਰੀਮਤੀ ਰਣਜੀਤ ਕੌਰ ਸੰਧੂ ਜੀ ਅਤੇ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਜੀ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸੈਮੀਨਾਰ ਵਿਦਿਆਰਥੀਆਂ ਨੂੰ ਸਿਹਤ ਸਬੰਧੀ ਮਹੱਤਵਪੂਰਨ ਜਾਣਕਾਰੀ ਦੇਣ ਦੇ ਨਾਲ-ਨਾਲ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਵੀ ਪ੍ਰੇਰਿਤ ਕਰਦੇ ਹਨ। ਉਨ੍ਹਾਂ ਨੇ ਐਨ.ਸੀ.ਸੀ. ਕੈਡਿਟਾਂ ਦੇ ਇਸ ਯਤਨ ਦੀ ਸਰਾਹਨਾ ਕੀਤੀ ਅਤੇ ਭਵਿੱਖ ਵਿੱਚ

ਆਪਣੀ ਆਮਦਨ ਵਧਾਉਣ ਲਈ ਕਿਸਾਨ ਖੇਤੀ ਮਾਹਿਰਾਂ ਦੀ ਰਾਏ ਅਨੁਸਾਰ ਫਸਲੀ ਵਿਭਿੰਨਤਾ ਤੇ ਸਹਾਇਕ ਧੰਦੇ ਅਪਣਾਉਣ- ਚੇਤਨ ਸਿੰਘ ਜੌੜਾਮਾਜਰਾ

ਡਕਾਲਾ/ਸਨੌਰ , ਭੁਨਰਹੇੜੀ, ਪਟਿਆਲਾ, 9 ਅਕਤੂਬਰ: (ਰਾਜਿੰਦਰ ਸਿੰਘ ਥਿੰਦ) ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਟਿਆਲਾ ਨੇ ਕੇ.ਐਸ. ਫਾਰਮ ਹਾਊਸ, ਡਕਾਲਾ ਵਿਖੇ ਹਾੜੀ ਦੀਆਂ ਫਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ। ਇਸ ਦੌਰਾਨ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 30 ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕੈਂਪ ਦਾ ਉਦਘਾਟਨ ਕਰਦੇ ਹੋਏ ਕਿਸਾਨਾਂ ਨੂੰ ਆਪਣੀ ਖੇਤੀ ਆਮਦਨ ਵਧਾਉਣ ਲਈ ਸਲਾਹ ਦਿੱਤੀ ਕਿ ਉਹ ਖੇਤੀਬਾੜੀ ਮਾਹਿਰਾਂ ਦੀ ਰਾਏ ਅਨੁਸਾਰ ਫ਼ਸਲਾਂ ਦੀ ਦੇਖ-ਰੇਖ ਕਰਨ, ਸਹਾਇਕ ਧੰਦੇ ਅਪਣਾਉਣ ਅਤੇ ਫਸਲੀ ਵਿਭਿੰਨਤਾ ਹੇਠ ਰਕਬਾ ਵਧਾਉਣ। ਵਿਧਾਇਕ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਵੀ ਪ੍ਰੇਰਿਤ ਕੀਤਾ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਡਾ. ਗੁਰਜੀਤ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਪਟਿਆਲਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਦੀ ਅਗਵਾਈ ਹੇਠ ਲੱਗੇ ਇਸ ਕਿਸਾਨ ਮੇਲੇ ਵਿੱਚ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਕੈਂਪ ਦੇ ਤਕਨੀਕੀ ਸੈਸ਼ਨ ਦੀ ਅਗਵਾਈ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਮਨਜੀਤ ਸਿੰਘ ਮਾਨ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਆਉਣ ਵਾਲੇ ਸਾਲਾਂ ਵਿਚ ਵੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਲਈ ਅਪੀਲ ਕੀਤੀ। ਏਡੀਸੀ ਮਾਨ ਨੇ ਦੱਸਿਆ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਜ਼ਿਲ੍ਹੇ ਵਿਚ ਅੱਗ ਲੱਗਣ ਦੀਆਂ ਘਟਨਾਵਾਂ ਲਗਾਤਾਰ ਘਟ ਰਹੀਆਂ ਹਨ ਅਤੇ ਆਉਣ ਵਾਲੇ ਸਾਲਾਂ ਵਿਚ ਵੱਧ ਤੋਂ ਵੱਧ ਪਰਾਲੀ ਪ੍ਰਬੰਧਨ ਸਬੰਧੀ ਖੇਤੀ ਮਸ਼ੀਨਰੀ ਕੋਆਪ੍ਰੇਟਿਵ ਸੋਸਾਇਟੀਆਂ, ਗਰੁੱਪਾਂ, ਐਫ.ਪੀ.ਓ. ਅਤੇ ਵਿਅਕਤੀਗਤ ਕਿਸਾਨਾਂ ਰਾਹੀਂ ਉਪਲੱਭਧ ਕਰਵਾਉਣ ਲਈ ਹੋਰ ਵਧੀਆ ਉਪਰਾਲੇ ਖੇਤੀਬਾੜੀ ਵਿਭਾਗ ਵੱਲੋਂ ਕੀਤੇ ਜਾਣਗੇ। ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਨੇ ਸਮੂਹ ਕਿਸਾਨਾਂ ਨੂੰ ਫਾਰਮਰ ਆਈ.ਡੀ. ਬਣਾਉਣ, ਖੇਤੀਬਾੜੀ ਇਨਪੁਟਸ ਦੇ ਡੀਲਰਾਂ ਤੋਂ ਬਿੱਲ ਲੈਣ ਅਤੇ ਪਾਣੀ ਦੀ ਬੱਚਤ ਸਬੰਧੀ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ। ਇਸ ਕੈਂਪ ਦੇ ਵਿਸ਼ੇਸ਼ ਮਹਿਮਾਨ ਸੰਯੁਕਤ ਡਾਇਰੈਕਟਰ ਖੇਤੀਬਾੜੀ (ਘਣੀ ਖੇਤੀ) ਡਾ. ਜੈਗੀਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਿਭਾਗ ਵੱਲੋਂ ਪਿੰਡ ਪੱਧਰੀ, ਬਲਾਕ ਪੱਧਰੀ ਅਤੇ ਜ਼ਿਲ੍ਹਾ ਪੱਧਰੀ ਕੈਂਪਾਂ ਵਿਚ ਭਾਗ ਲੈ ਕੇ ਨਵੀਨਤਮ ਖੇਤੀ ਸਬੰਧੀ ਜਾਣਕਾਰੀ ਪ੍ਰਾਪਤ ਕਰਨ ਅਤੇ ਉਹਨਾਂ ਨੇ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਹਾਜਰ ਕਿਸਾਨਾਂ ਨਾਲ ਸਾਂਝੀ ਕੀਤੀ। ਇਸ ਕੈਂਪ ਵਿੱਚ ਖੇਤੀਬਾੜੀ, ਪਸ਼ੂ ਪਾਲਣ, ਡੇਅਰੀ, ਮੱਛੀ ਪਾਲਣ, ਬਾਗਬਾਨੀ ਅਤੇ ਭੂਮੀ ਅਤੇ ਜਲ ਸੰਭਾਲ ਵਿਭਾਗ ਸਮੇਤ ਪ੍ਰਾਈਵੇਟ ਕੰਪਨੀਆਂ ਅਤੇ ਅਗਾਂਹਵਧੂ ਕਿਸਾਨਾਂ ਨੇ ਆਪਣੇ ਕੰਮ ਨਾਲ ਸਬੰਧਿਤ ਪ੍ਰਦਰਸ਼ਨੀ ਲਗਾਈ ਜਿਸ ਦਾ ਹਾਜਰ ਕਿਸਾਨਾਂ ਨੇ ਲਾਹਾ ਲਿਆ। ਕੈਂਪ ਦੌਰਾਨ ਕਿਸਾਨਾਂ ਨੂੰ ਹਾੜੀ ਦੀਆਂ ਫਸਲਾਂ, ਫਸਲੀ ਵਿਭਿੰਨਤਾ, ਫ਼ਸਲਾਂ ਦੀ ਰਹਿੰਦ ਖੂੰਹਦ ਦੀ ਸੁੱਚਜੀ ਵਰਤੋਂ ਕਰਨ ਸਬੰਧੀ ਕੇਵੀਕੇ ਰੌਣੀ ਅਤੇ ਫਾਰਮਰ ਸਲਾਹਕਾਰ ਕੇਂਦਰ ਦੇ ਸਾਇੰਸਦਾਨ ਡਿਪਟੀ ਡਾਇਰੈਕਟਰ ਡਾ. ਹਰਦੀਪ ਸਿੰਘ ਸਭੀਖੀ, ਡਾ. ਰਜਨੀ ਗੋਇਲ, ਡਾ. ਗੁਰਪ੍ਰੀਤ ਸਿੰਘ ਅਤੇ ਡਾ. ਗੁਰਪ੍ਰੀਤ ਕੌਰ ਨੇ ਤਕਨੀਕੀ ਜਾਣਕਾਰੀ ਦਿੱਤੀ। ਇਸ ਕੈਂਪ ਵਿਚ ਲਗਭਗ 1000 ਕਿਸਾਨਾਂ ਵੱਲੋਂ ਭਾਗ ਲਿਆ ਤੇ ਬਲਾਕ ਖੇਤੀਬਾੜੀ ਅਫ਼ਸਰ ਭੁਨਰਹੇੜੀ ਡਾ. ਮਨਦੀਪ ਸਿੰਘ ਅਤੇ ਸਮੂਹ ਸਟਾਫ ਨੇ ਹਾਜਰ ਕਿਸਾਨਾਂ, ਖੇਤੀਬਾੜੀ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ-ਕਰਮਚਾਰੀਆਂ ਦਾ ਧੰਨਵਾਦ ਕੀਤਾ

ਸਿਹਤ ਮੰਤਰੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤ੍ਰਿਪੜੀ ਵਿਖੇ ਮਾਪੇ-ਅਧਿਆਪਕ ਮਿਲਣੀ ਵਿੱਚ ਕੀਤੀ ਸ਼ਿਰਕਤ

ਪਟਿਆਲਾ, 9 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤ੍ਰਿਪੜੀ ਵਿਖੇ

• ਪੋਲੀਥੀਨ ਦੀ ਵਰਤੋਂ ਘਟਾ ਕੇ ਜੂਟ ਦੇ ਬੈਗ ਅਪਣਾਉਣ ਦਾ ਦਿੱਤਾ ਸਦਾ

ਕਰਵਾਈ ਗਈ ਵਿਸ਼ਾਲ ਮਾਪੇ-ਅਧਿਆਪਕ ਮਿਲਣੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕਰਦਿਆਂ ਵਾਤਾਵਰਣ ਦੀ ਸੰਭਾਲ ਅਤੇ ਸਿਹਤ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਦਿੱਤਾ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵਿਦਿਆਰਥੀ ਅਤੇ ਮਾਪਿਆਂ ਨੂੰ ਪੋਲੀਥੀਨ ਦੀ ਵਰਤੋਂ ਘਟਾਉਣ ਅਤੇ ਇਸ ਦੀ ਥਾਂ ਵਾਤਾਵਰਣ ਪੱਖੀ ਜੂਟ ਦੇ ਬੈਗ ਵਰਤਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਲਈ ਹਰ ਵਿਅਕਤੀ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ ਅਤੇ ਅਜਿਹੀਆਂ ਚੰਗੀਆਂ ਆਦਤਾਂ ਬੱਚਿਆਂ ਵਿੱਚ ਵੀ ਵਿਕਸਿਤ ਕਰਨੀਆਂ ਚਾਹੀਦੀਆਂ ਹਨ।ਇਸ ਮੌਕੇ ਸਿਹਤ ਵਿਭਾਗ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਲਈ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਉਨ੍ਹਾਂ ਨੂੰ ਸਿਹਤ ਸਬੰਧੀ ਜਾਂਚ ਅਤੇ ਲੋੜੀਂਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ। ਇਸ ਉਪਰਾਲੇ ਦਾ ਮਕਸਦ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਸਮੇਂ ਸਿਰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸੀ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜੋ ਪੰਜਾਬ ਦੇ ਸੁਨਹਿਰੇ ਭਵਿੱਖ ਦੀ ਨੀਂਹ ਨੂੰ ਮਜ਼ਬੂਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬੱਚੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਕੇ ਸੂਬੇ ਦਾ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਨੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਮਾਪਿਆਂ ਅਤੇ ਅਧਿਆਪਕਾਂ ਦੇ ਸਾਂਝੇ ਯਤਨਾਂ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਇਸ ਮੌਕੇ ਸਿਵਲ ਸਰਜਨ ਡਾ. ਸ਼ੈਲੀ ਜੋਟਲੀ, ਐਸ.ਐਮ.ਓ. ਡਾ. ਪਰਨੀਤ ਕੌਰ, ਸੰਦੀਪ ਜੈਨ, ਦਮਨਪ੍ਰੀਤ ਕੌਰ, ਭੁਪਿੰਦਰ ਸਿੰਘ, ਸੁਖਜੀਤ ਕੌਰ, ਅਮਰਜੀਤ ਸਿੰਘ ਵਾਲੀਆ, ਜਰਨੈਲ ਸਿੰਘ, ਗੁਰਮਿੰਦਰ ਕੌਰ, ਸਤਵਿੰਦਰ ਕੌਰ, ਮਨਦੀਪ ਕੌਰ, ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਅਤੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

ਐਲ ਐਲ ਆਰ ਅਤੇ ਦੇਸ ਭਗਤ ਕਾਲਜ ਵਿੱਚ ਹੋਇਆ ਸ਼੍ਰੋਮਣੀ ਅਕਾਲੀ ਦਲ ਐਸ ਓ ਆਈ ਦਾ ਗਠਨ

• ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਨੇ ਨਿਯੁਕਤੀਆਂ ਲੈਣ ਵਾਲੇ ਕੀਤੇ ਸਨਮਾਨਤ

ਮੋਗਾ 9 ਅਕਤੂਬਰ (ਜਗਰਾਜ ਸਿੰਘ ਸੰਘਾ) ਆ ਰਹੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨ ਲਈ ਹਲਕਾ ਮੋਗਾ ਵਿੱਚ ਸ਼੍ਰੋਮਣੀ ਅਕਾਲੀ ਦਲ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਜਿਸਦੇ ਚਲਦਿਆਂ ਯੂਥ ਅਕਾਲੀ ਦਲ ਹਲਕਾ ਮੋਗਾ ਦੇ ਪ੍ਰਧਾਨ ਸੁਖਬੀਰ ਸਿੰਘ ਗਿੱਲ ਅਤੇ ਐਸ ਓ ਆਈ ਦੇ ਪ੍ਰਧਾਨ ਜੁਆਏਦੀਪ ਸ਼ਰਮਾ ਦੀ ਅਗਵਾਈ ਵਿੱਚ ਐਲ ਐਲ ਆਰ ਅਤੇ ਦੇਸ ਭਗਤ ਕਾਲਜ ਵਿੱਚ ਐਸ ਓ ਆਈ ਦਾ ਗਠਨ ਕੀਤਾ ਗਿਆ। ਜਿਸ ਦੌਰਾਨ ਐਲ ਐਲ ਆਰ ਕਾਲਜ ਵਿੱਚ ਮੋਹ ਬਰਾੜ, ਬੱਬਲ ਖੋਸਾ, ਲੱਕੀ ਰੋਡੇ, ਅਰਜਨ ਸਿੰਘ, ਦਕਸ਼ ਸ਼ਰਮਾ ਤੇ ਅਕਾਸ ਕੁਮਵਾਰ

ਚੁਣੇ ਗਏ ਅਤੇ ਦੇਸ ਭਗਤ ਕਾਲਜ ਵਿੱਚ ਅਮ੍ਰਿਤ ਭਾਊ, ਹਰਮਨ ਡਰੋਲੀ, ਪਰਮ ਡਰੋਲੀ ਅਤੇ ਸੁੱਖਾ ਦੁੱਨੇਕੇ ਚੁਣੇ ਗਏ। ਇਨ੍ਹਾਂ ਨਵ ਨਿਯੁਕਤ ਐਸ ਓ ਆਈ ਦੇ ਆਗੂਆਂ ਨੂੰ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਸੰਜੀਤ ਸਿੰਘ ਸੰਨੀ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈਕੇ ਹਲਕਾ ਮੋਗਾ ਤੋਂ ਸ਼੍ਰੋਮਣੀ ਅਕਾਲੀ ਦਲ ਨੂੰ ਪੂਰੀ ਤਰ੍ਹਾਂ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਐਸ ਓ ਆਈ ਦਾ ਗਠਨ ਵੀ ਉਸਦੀ ਹੀ ਇੱਕ ਕੜੀ ਹੈ ਅਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਐਸ ਓ ਆਈ ਆਪਣੀ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤਹਿ ਹੈ ਕਿਉਂਕਿ ਸੂਬੇ ਦੇ ਲੋਕ ਹੁਣ ਆਪਣੀ ਖੇਤਰੀ ਪਾਰਟੀ ਨਾਲ ਜੁੜਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਪੱਬਾਂ ਭਾਰ ਹਨ। ਇਸ ਮੌਕੇ ਤੇ ਐਸ ਓ ਆਈ ਦੇ ਨਵ ਨਿਯੁਕਤ ਆਗੂਆਂ ਨੇ ਕਿਹਾ ਕਿ ਜੋ ਉਨ੍ਹਾਂ ਨੂੰ ਜ਼ੁੰਮੇਵਾਰੀ ਮਿਲੀ ਹੈ ਉਸਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਤੇ ਇੰਦਾ ਖੋਸਾ, ਸਿਮਰ ਸਿੱਧੂ, ਨਵਜੋਤ ਸਿੰਘ ਸਿੱਧੂ, ਜਗਰਾਜ ਸਿੰਘ, ਹਰਮਨ ਸੰਧੂ, ਇੰਦਰ ਬਾਠ ਅਤੇ ਹੋਰ ਨੌਜਵਾਨ ਹਾਜ਼ਰ ਸਨ।

ਸੰਗਰੂਰ ਕੈਮਿਸਟ ਐਸੋਸੀਏਸ਼ਨ ਦਾ ਸੈਮੀਨਾਰ:

ਨਕਲੀ ਦਵਾਈਆਂ ਦੀ ਵਿਕਰੀ 'ਤੇ ਲੱਗੇਗੀ ਲਗਾਮ, ਨਾਰਕੋਟਿਕ ਦਵਾਈਆਂ ਦਾ ਰੱਖਣਾ ਹੋਵੇਗਾ ਪੂਰਾ ਰਿਕਾਰਡ

ਸੁਨਾਮ ਊਧਮ ਸਿੰਘ ਵਾਲਾ (ਰਾਜਿੰਦਰ ਕੁਮਾਰ ਸ਼ਾਹ): ਜ਼ਿਲ੍ਹਾ ਸੰਗਰੂਰ ਕੈਮਿਸਟ ਐਸੋਸੀਏਸ਼ਨ ਵੱਲੋਂ @ਡਰੱਗ ਅਵੇਅਰਨੈੱਸ@, @ਯੁੱਧ ਨਸ਼ੇ ਵਿਰੁੱਧ@ ਅਤੇ ਜੀ.ਐੱਸ.ਟੀ. ਵਿਸ਼ੇ @ਤੇ ਇੱਕ ਵਿਸ਼ੇਸ਼ ਸੈਮੀਨਾਰ-ਕਮ-ਮੀਟਿੰਗ ਦਾ ਆਯੋਜਨ ਕੀਤਾ ਗਿਆ। ਐਸੋਸੀਏਸ਼ਨ ਦੇ ਪ੍ਰਧਾਨ ਨਰੇਸ਼ ਜਿੰਦਲ, ਜਨਰਲ ਸਕੱਤਰ ਰਾਜੀਵ ਜੈਨ, ਚੇਅਰਮੈਨ ਸੰਜੇ ਪੂਰੀ ਅਤੇ ਖਜ਼ਾਨਚੀ ਸਤੀਸ਼ ਸਿੰਗਲਾ ਦੀ ਅਗਵਾਈ ਹੇਠ ਆਯੋਜਿਤ ਇਸ ਮੀਟਿੰਗ ਵਿੱਚ ਜ਼ੋਨਲ ਲਾਇਸੈਂਸਿੰਗ ਅਥਾਰਟੀ ਅਮਨ ਵਰਮਾ, ਡਰੱਗ ਕੰਟਰੋਲ ਅਫ਼ਸਰ ਰੋਹਿਤ ਕਾਲੜਾ ਅਤੇ ਡਰੱਗ ਕੰਟਰੋਲ ਅਫ਼ਸਰ ਡਾ. ਸੰਤੋਸ਼ ਜਿੰਦਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੀਟਿੰਗ ਵਿੱਚ ਜ਼ਿਲ੍ਹੇ ਭਰ ਤੋਂ ਆਏ ਕੈਮਿਸਟਾਂ ਨੇ ਭਾਗ ਲਿਆ। ਅਧਿਕਾਰਤ ਡੀਲਰਾਂ ਤੋਂ ਹੀ ਖਰੀਦੇ ਦਵਾਈਆਂ, ਡਾਕਟਰ ਦੀ ਪਰਚੀ ਲਾਜ਼ਮੀ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਡੁਪਲੀਕੇਟ ਅਤੇ ਨਕਲੀ ਦਵਾਈਆਂ ਦੀ ਵਿਕਰੀ ਰੋਕਣ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ। ਅਧਿਕਾਰੀਆਂ ਨੇ ਕਿਹਾ ਕਿ ਸਾਰੇ ਕੈਮਿਸਟ ਕੇਵਲ ਅਧਿਕਾਰਤ (Authorised) ਡੀਲਰਾਂ ਤੋਂ ਹੀ ਦਵਾਈਆਂ ਦੀ ਖਰੀਦ ਕਰਨ। ਇਸ ਦੇ ਨਾਲ ਹੀ ਨਾਰਕੋਟਿਕ (ਪਾਬੰਦੀਸ਼ੁਦਾ) ਦਵਾਈਆਂ ਦੀ ਵਿਕਰੀ ਕੇਵਲ ਡਾਕਟਰ ਦੀ ਪਰਚੀ @ਤੇ ਕਰਨ ਅਤੇ ਉਨ੍ਹਾਂ ਦਾ ਪੂਰਾ ਵਿਕਰੀ ਰਿਕਾਰਡ ਮੇਨਟੇਨ ਰੱਖਣ ਦੇ ਸਖ਼ਤ ਨਿਰਦੇਸ਼ ਦਿੱਤੇ ਗਏ। ਲਾਇਸੈਂਸ ਨਵੀਨੀਕਰਨ ਲਈ ਸਾਫ਼ਟਵੇਅਰ ਰਜਿਸਟ੍ਰੇਸ਼ਨ ਜ਼ਰੂਰੀ ਡਰੱਗ ਵਿਭਾਗ ਦੇ ਅਧਿਕਾਰੀਆਂ ਨੇ ਲਾਇਸੈਂਸ ਨਵੀਨੀਕਰਨ (Renewal) ਦੀ ਪ੍ਰਕਿਰਿਆ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਨ੍ਹਾਂ ਕੈਮਿਸਟਾਂ ਦਾ ਨਵੀਨੀਕਰਨ 31 ਦਸੰਬਰ 2026 ਤੱਕ ਬਕਾਇਆ ਹੈ, ਉਹ ਪੁਰਾਣੇ ਸਾਫ਼ਟਵੇਅਰ (XLN) ਰਾਹੀਂ ਅਰਜ਼ੀ ਦੇਣ, ਖਾਸ ਕਰਕੇ ਗੋਦਾਮ ਲਾਇਸੈਂਸ ਧਾਰਕ। ਉੱਥੇ ਹੀ, ਹੋਰ ਸਾਰੇ ਲਾਇਸੈਂਸ ਧਾਰਕ 31 ਮਾਰਚ 2027 ਤੱਕ ਦੇ ਨਵੀਨੀਕਰਨ ਵਿੱਚ ਦੇਰੀ ਤੋਂ ਬਚਣ ਲਈ ਨਵੇਂ ਸਾਫ਼ਟਵੇਅਰ (ONDLS) @ਤੇ ਤੁਰੰਤ ਆਪਣੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ। ਵਿਚੋਲਿਆਂ ਤੋਂ ਰਹਿਣ ਸਾਵਧਾਨ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਕੈਮਿਸਟਾਂ ਨੂੰ ਅਪੀਲ ਕੀਤੀ ਕਿ ਦਵਾਈ ਕਾਰੋਬਾਰ ਨਾਲ ਜੁੜੀ ਕਿਸੇ ਵੀ ਸਮੱਸਿਆ ਦੇ ਹੱਲ ਲਈ ਸਿੱਧਾ ਐਸੋਸੀਏਸ਼ਨ ਜਾਂ ਡਰੱਗ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਨ ਅਤੇ ਵਿਚੋਲਿਆਂ ਦੇ ਬਹਿਕਾਵੇ ਵਿੱਚ ਨਾ ਆਉਣ। ਇਸ ਮੌਕੇ ਫਕੀਰ ਚੰਦ, ਪ੍ਰੇਮ ਕੁਮਾਰ, ਰੋਮੀ ਡਾਂਗ, ਰਾਕੇਸ਼ ਪੂਰੀ, ਵਿਨੋਦ ਹੈਪੀ, ਦਵਿੰਦਰ ਵਸ਼ਿਸ਼ਟ, ਯੋਗੇਸ਼ ਚੋਪੜਾ, ਅਜੈਬ ਸੈਣੀ, ਪੁਸ਼ਪਿੰਦਰ ਸਿੰਘ, ਸਤਿੰਦਰ ਕੁਮਾਰ ਸੈਣੀ, ਬਾਰੂ ਰਾਮ, ਗੁਰਿੰਦਰ ਗੋਇਲ, ਗੁਰਚਰਨ ਢੀਂਡਸਾ, ਅਸ਼ੋਕ ਕੁਮਾਰ, ਸ਼ਸ਼ੀ ਭੂਸ਼ਣ, ਗੋਗੀ ਚੀਮਾ, ਗੁਰਸੇਵਕ ਸਿੰਘ, ਜਸਪਾਲ ਸਿੰਘ ਧਾਮੀ, ਖੁਸ਼ਵਿੰਦਰ ਸ਼ਰਮਾ, ਬਲਵਿੰਦਰ ਬੱਬਲਾ, ਵਿਨੀਤ ਜਿੰਦਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕੈਮਿਸਟ ਮੌਜੂਦ ਸਨ।

ਜਲਾਲਾਬਾਦ ਦੇ ਟਿਵਾਣਾ ਰੋਡ 'ਤੇ ਸ਼ੱਕੀ ਹਾਲਾਤਾਂ ਵਿੱਚ ਮਿਲੀ ਨੌਜਵਾਨ ਦੀ ਲਾਸ਼

**• ਲਾਸ਼ ਕੋਲੋਂ ਨੁਕਸਾਨੀ ਮੋਟਰਸਾਈਕਲ ਬਰਾਮਦ, ਪੁਲਿਸ ਜਾ

ਦੇਸ਼ ਭਗਤ ਯੂਨੀਵਰਸਿਟੀ ਦੇ ਐੱਨ.ਸੀ.ਸੀ. ਕੈਡਿਟ ਅਰਜਨ ਬਹਾਦਰ ਨੇ ਕੌਮੀ ਪੱਧਰ 'ਤੇ ਖੱਟਿਆ ਨਾਮਣਾ

ਫ਼ਤਹਿਗੜ੍ਹ ਸਾਹਿਬ, 9 ਅਕਤੂਬਰ (ਅਭਿਸ਼ੇਕ ਮਲਹੋਤਰਾ): ਦੇਸ਼ ਭਗਤ ਯੂਨੀਵਰਸਿਟੀ ਲਈ ਇਹ ਬੇਹੱਦ ਮਾਣ ਵਾਲਾ ਪਲ ਹੈ ਕਿ ਯੂਨੀਵਰਸਿਟੀ ਦੀ ਕੌਮੀ ਕੈਡਿਟ ਕੋਰ (ਐੱਨ.ਸੀ.ਸੀ.) ਦੀ ਆਰਮੀ ਵਿੰਗ ਦੇ ਹੋਣਹਾਰ ਕੈਡਿਟ ਅੰਡਰ ਅਫ਼ਸਰ ਅਰਜਨ ਬਹਾਦਰ ਨੂੰ ਥਲ ਸੈਨਿਕ ਕੈਂਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਵੱਕਾਰੀ ਕੰਬੈਟ ਡਰੈੱਸ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਪ੍ਰਾਪਤੀ ਐੱਨ.ਸੀ.ਸੀ. ਕੈਡਿਟ ਲਈ ਬੇਹੱਦ ਮਾਣ ਅਤੇ ਵਿਸ਼ੇਸ਼ ਸਨਮਾਨ ਵਾਲੀ ਮੰਨੀ ਜਾਂਦੀ ਹੈ।ਇਸ ਸ਼ਾਨਦਾਰ ਪ੍ਰਾਪਤੀ ਦੀ ਖ਼ੁਸ਼ੀ ਵਿੱਚ 14 ਪੰਜਾਬ ਐੱਨ.ਸੀ.ਸੀ. ਬਟਾਲੀਅਨ, ਨਾਭਾ ਵਿਖੇ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਕਰਨਲ ਗੌਰਵ ਥਾਪਾ ਅਤੇ ਸੂਬੇਦਾਰ ਮੇਜਰ ਮਨੋਜ ਕੁਮਾਰ ਨੇ ਅੰਡਰ ਅਫ਼ਸਰ ਅਰਜਨ ਬਹਾਦਰ ਨੂੰ ਸਨਮਾਨਿਤ ਕੀਤਾ। ਅਰਜਨ ਨੇ ਇਸ ਸਾਲ ਵੱਖ-ਵੱਖ ਲਗਭਗ ਨੌਂ ਐੱਨ.ਸੀ.ਸੀ. ਕੈਂਪਾਂ ਵਿੱਚ ਭਾਗ ਲੈ ਕੇ ਆਪਣੀ ਪ੍ਰਤਿਭਾ, ਮਿਹਨਤ ਅਤੇ ਸਮਰਪਣ ਦਾ ਸਬੂਤ ਦਿੱਤਾ ਹੈ, ਜਿਨ੍ਹਾਂ ਵਿੱਚ ਵੱਕਾਰੀ ਥਲ ਸੈਨਿਕ ਕੈਂਪ ਵੀ ਸ਼ਾਮਲ ਹੈ।ਯੂਨੀਵਰਸਿਟੀ ਪ੍ਰਬੰਧਕਾਂ ਨੇ ਇਸ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦਿਆਂ ਅਰਜਨ ਬਹਾਦਰ ਨੂੰ ਵਧਾਈ ਦਿੱਤੀ ਅਤੇ ਉਸ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ, ਅਰਜਨ ਬਹਾਦਰ ਨੇ ਆਪਣੀ ਸਖ਼ਤ ਮਿਹਨਤ ਅਤੇ ਅਨੁਸ਼ਾਸਨ ਸਦਕਾ ਪੂਰੀ ਯੂਨੀਵਰਸਿਟੀ ਦਾ ਮਾਣ ਵਧਾਇਆ ਹੈ। ਉਸ ਦੀ ਇਹ ਪ੍ਰਾਪਤੀ ਸਾਡੀ ਐੱਨ.ਸੀ.ਸੀ. ਇਕਾਈ ਦੇ ਉੱਚੇ ਮਿਆਰਾਂ ਅਤੇ ਗੁਣਵੱਤਾ ਨੂੰ ਦਰਸਾਉਂਦੀ ਹੈ।' ਇਸੇ ਤਰ੍ਹਾਂ ਪ੍ਰੋ-ਚਾਂਸਲਰ ਪ੍ਰੋ. (ਡਾ.) ਤਜਿੰਦਰ ਕੌਰ ਨੇ ਕਿਹਾ, ਅਰਜਨ ਦੀ ਇਹ ਪ੍ਰਾਪਤੀ ਹੋਰਨਾਂ ਐੱਨ.ਸੀ.ਸੀ. ਕੈਡਿਟਾਂ ਲਈ ਪ੍ਰੇਰਨਾ ਦਾ ਸਰੋਤ ਬਣੇਗੀ। ਮੈਨੂੰ ਉਮੀਦ ਹੈ ਕਿ ਨੌਜਵਾਨ ਲੜਕੇ ਅਤੇ ਲੜਕੀਆਂ ਅਰਜਨ ਤੋਂ ਪ੍ਰੇਰਨਾ ਲੈ ਕੇ ਦੇਸ਼ ਦੀ ਨਿਸ਼ਕਾਮ ਸੇਵਾ ਦੇ ਮਾਰਗ 'ਤੇ ਅੱਗੇ ਵਧਣਗੇ।' ਇਸ ਸ਼ਾਨਦਾਰ ਪ੍ਰਾਪਤੀ @ਤੇ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਕਿਹਾ, ਸਾਨੂੰ ਆਪਣੇ ਕੈਡਿਟ ਦੀ ਇਸ ਪ੍ਰਾਪਤੀ 'ਤੇ ਮਾਣ ਹੈ। ਯੂਨੀਵਰਸਿਟੀ ਅਰਜਨ ਵਰਗੇ ਹੋਣਹਾਰ ਵਿਦਿਆਰਥੀਆਂ ਨੂੰ ਹਰ ਸੰਭਵ ਸਹਿਯੋਗ ਦਿੰਦੀ ਰਹੇਗੀ। ਇਸ ਸਮੇਂ ਸਾਡੀ ਯੂਨੀਵਰਸਿਟੀ ਵਿੱਚ ਐੱਨ.ਸੀ.ਸੀ. ਦੀਆਂ ਆਰਮੀ ਅਤੇ ਨੇਵੀ ਵਿੰਗਾਂ ਅਧੀਨ 128 ਕੈਡਿਟ ਸਿਖਲਾਈ ਪ੍ਰਾਪਤ ਕਰ ਰਹੇ ਹਨ। ਹਾਲ ਹੀ ਵਿੱਚ ਅੰਡਰ ਅਫ਼ਸਰ ਪੂਜਾ ਨੇ ਵੀ 26 ਜਨਵਰੀ ਨੂੰ ਗਣਤੰਤਰ ਦਿਵਸ ਕੈਂਪ (ਆਰ.ਡੀ.ਸੀ.) ਵਿੱਚ ਭਾਗ ਲਿਆ ਸੀ। ਸਾਡੇ ਕੈਡਿਟ ਸਮੇਂ-ਸਮੇਂ 'ਤੇ ਲੱਗਣ ਵਾਲੇ ਵੱਖ-ਵੱਖ ਐੱਨ.ਸੀ.ਸੀ. ਕੈਂਪਾਂ ਵਿੱਚ ਨਿਯਮਿਤ ਤੌਰ 'ਤੇ ਹਿੱਸਾ ਲੈਂਦੇ ਹਨ, ਜਿਸ ਨਾਲ ਉਨ੍ਹਾਂ ਨੂੰ ਕੀਮਤੀ ਤਜਰਬਾ ਹਾਸਲ ਕਰਨ ਅਤੇ ਆਪਣੀ ਪ੍ਰਤਿਭਾ ਨਿਖਾਰਨ ਦੇ ਮੌਕੇ ਮਿਲਦੇ ਹਨ।' ਦੇਸ਼ ਭਗਤ ਯੂਨੀਵਰਸਿਟੀ ਦੀ ਐੱਨ.ਸੀ.ਸੀ. ਇਕਾਈ ਦੇ ਮੁਖੀ ਅਤੇ ਆਰਮੀ ਵਿੰਗ ਦੇ ਦੇਖ-ਰੇਖ ਅਧਿਕਾਰੀ (ਸੀ.ਟੀ.ਓ.) ਪ੍ਰੋ. (ਡਾ.) ਅਜੈਪਾਲ ਸਿੰਘ ਸ਼ੇਖਾਵਤ ਨੇ ਅਰਜਨ ਨੂੰ ਵਧਾਈ ਦਿੰਦਿਆਂ ਕਿਹਾ, ਅੰਡਰ ਅਫ਼ਸਰ ਅਰਜਨ ਬਹਾਦਰ ਦੀ ਸਫ਼ਲਤਾ ਉਸ ਦੀ ਲਗਾਤਾਰ ਮਿਹਨਤ, ਸਮਰਪਣ ਅਤੇ ਅਨੁਸ਼ਾਸਨ ਦਾ ਨਤੀਜਾ ਹੈ। ਮੈਨੂੰ ਪੂਰਾ ਵਿਸ਼ਵਾਸ ਹੈ ਕਿ ਉਸ ਦੀ ਇਹ ਪ੍ਰਾਪਤੀ ਹੋਰਨਾਂ ਐੱਨ.ਸੀ.ਸੀ. ਕੈਡਿਟਾਂ ਨੂੰ ਵੀ ਉੱਤਮ ਪ੍ਰਦਰਸ਼ਨ ਕਰਨ ਅਤੇ ਕੌਮੀ ਪੱਧਰ 'ਤੇ ਆਪਣੀ ਕਾਬਲੀਅਤ ਸਾਬਤ ਕਰਨ ਲਈ ਪ੍ਰੇਰਿਤ ਕਰੇਗੀ।' ਦੇਸ਼ ਭਗਤ ਯੂਨੀਵਰਸਿਟੀ ਦੇ ਸਮੂਹ ਪਰਿਵਾਰ ਨੇ ਅੰਡਰ ਅਫ਼ਸਰ ਅਰਜਨ ਬਹਾਦਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਦੇਸ਼ ਦੀ ਸੇਵਾ ਕਰਦਿਆਂ ਭਵਿੱਖ ਵਿੱਚ ਹੋਰ ਵੱਡੀਆਂ ਮੱਲਾਂ ਮਾਰਨ ਲਈ ਉਸ ਦੇ ਉੱਜਵਲ ਅਤੇ ਸਫ਼ਲ ਭਵਿੱਖ ਦੀ ਕਾਮਨਾ ਕੀਤੀ।

ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਤਕਨੀਕਾਂ ਨਾਲ ਕਰੋ ਸੁਚੱਜਾ ਪ੍ਰਬੰਧਨ: ਖੇਤੀਬਾੜੀ ਵਿਭਾਗ

ਪਿੰਡ ਲੋਹਾਰੀ ਕਲਾਂ ਵਿੱਚ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ; ਕਿਸਾਨਾਂ ਨੂੰ ਖੇਤੀ ਮਸ਼ੀਨਰੀ 'ਤੇ ਸਬਸਿਡੀ, ਫਾਰਮਰ ਰਜਿਸਟਰੀ ਅਤੇ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਦਿੱਤੀ ਜਾਣਕਾਰੀ

ਫ਼ਤਹਿਗੜ੍ਹ ਸਾਹਿਬ, 9 ਅਕਤੂਬਰ (ਅਭਿਸ਼ੇਕ ਮਲਹੋਤਰਾ): ਤਹਿਸੀਲ ਬੱਸੀ ਪਠਾਣਾਂ ਦੀ ਐੱਸ.ਡੀ.ਐੱਮ. ਮੈਡਮ ਦੀਪਜੋਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾ. ਜਗਦੇਵ ਸਿੰਘ, ਮੁੱਖ ਖੇਤੀਬਾੜੀ ਅਫ਼ਸਰ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਰਹਿਨੁਮਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਆਈ.ਈ.ਸੀ. ਕੰਪੋਨੈਂਟ ਤਹਿਤ ਸੀ.ਆਰ.ਐੱਮ. ਸਕੀਮ ਅਧੀਨ ਬਲਾਕ ਬੱਸੀ ਪਠਾਣਾਂ ਦੇ ਪਿੰਡ ਲੋਹਾਰੀ ਕਲਾਂ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਅਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਰੋਕਣ, ਇਸ ਦੇ ਸੁਚੱਜੇ ਪ੍ਰਬੰਧਨ ਅਤੇ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ। ਕੈਂਪ ਦੌਰਾਨ ਬਲਾਕ ਖੇਤੀਬਾੜੀ ਅਫ਼ਸਰ ਡਾ. ਬੂਟਾ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਹਵਾ ਪ੍ਰਦੂਸ਼ਣ ਵਧਦਾ ਹੈ ਅਤੇ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਮਾੜਾ ਅਸਰ ਪੈਂਦਾ ਹੈ। ਇਸ ਨਾਲ ਮਿੱਟੀ ਵਿੱਚ ਮੌਜੂਦ ਲਾਭਦਾਇਕ ਸੂਖਮ ਜੀਵ ਅਤੇ ਪੌਸ਼ਟਿਕ ਤੱਤ ਵੀ ਨਸ਼ਟ ਹੁੰਦੇ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਖੇਤੀ ਮਸ਼ੀਨਰੀ ਅਤੇ ਵਿਗਿਆਨਕ ਤਰੀਕਿਆਂ ਰਾਹੀਂ ਇਸ ਦਾ ਸੁਚੱਜਾ ਪ੍ਰਬੰਧਨ ਕਰਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਖੇਤੀ ਮਸ਼ੀਨਰੀ 'ਤੇ ਸਬਸਿਡੀ ਦਿੱਤੀ ਜਾ ਰਹੀ ਹੈ। ਕਿਸਾਨ ਇਸ ਸਹੂਲਤ ਦਾ ਲਾਭ ਉਠਾ ਕੇ ਪਰਾਲੀ ਦੀ ਸੰਭਾਲ ਕਰ ਸਕਦੇ ਹਨ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਨ।ਖੇਤੀਬਾੜੀ ਵਿਕਾਸ ਅਫ਼ਸਰ ਪੂਜਾ ਧੀਮਾਨ ਨੇ ਕਿਸਾਨਾਂ ਨੂੰ ਫਾਰਮਰ ਰਜਿਸਟਰੀ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਸਾਨਾਂ ਨੂੰ ਲੈਂਡੀਂਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਪੂਰੀ ਕਰਨ ਲਈ ਪ੍ਰੇਰਿਤ ਕੀਤਾ। ਇਸੇ ਤਰ੍ਹਾਂ ਜਤਿੰਦਰ ਸਿੰਘ, ਡੀ.ਪੀ.ਡੀ. ਨੇ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਸਾਨਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।ਕੈਂਪ ਵਿੱਚ ਹੋਰ ਵਿਭਾਗਾਂ ਦੇ ਮਾਹਿਰਾਂ ਨੇ ਵੀ ਸ਼ਮੂਲੀਅਤ ਕਰਦਿਆਂ ਕਿਸਾਨਾਂ ਨੂੰ ਖੇਤੀਬਾੜੀ ਨਾਲ ਸਬੰਧਤ ਅਹਿਮ ਜਾਣਕਾਰੀਆਂ ਦਿੱਤੀਆਂ। ਪਸ਼ੂ ਪਾਲਣ ਵਿਭਾਗ ਤੋਂ ਡਾ. ਕਮਲਜੀਤ ਕੌਰ ਅਤੇ ਹੀਨਾ ਸ਼ਰਮਾ ਨੇ ਪਸ਼ੂਆਂ ਦੀ ਸੰਤੁਲਿਤ ਖੁਰਾਕ, ਉਨ੍ਹਾਂ ਦੀ ਸਿਹਤ ਅਤੇ ਦੁੱਧ ਉਤਪਾਦਨ ਵਿੱਚ ਪੌਸ਼ਟਿਕ ਖੁਰਾਕ ਦੀ ਮਹੱਤਤਾ ਬਾਰੇ ਦੱਸਿਆ। ਬਾਗਬਾਨੀ ਵਿਭਾਗ ਤੋਂ ਡਾ. ਅਮਰਜੀਤ ਸਿੰਘ ਨੇ ਫ਼ਲਾਂ ਅਤੇ ਬਾਗਬਾਨੀ ਨਾਲ ਸਬੰਧਤ ਬਿਜਾਈ ਦੇ ਢੰਗਾਂ ਅਤੇ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਭੂਮੀ ਰੱਖਿਆ ਵਿਭਾਗ ਤੋਂ ਡਾ. ਸ਼ਲੀਮ ਨੇ ਸਿੰਚਾਈ ਦੇ ਵੱਖ-ਵੱਖ ਸਾਧਨਾਂ ਅਤੇ ਉਨ੍ਹਾਂ 'ਤੇ ਮਿਲਣ ਵਾਲੀ ਸਬਸਿਡੀ ਬਾਰੇ ਕਿਸਾਨਾਂ ਨੂੰ ਜਾਣੂ ਕਰਵਾਇਆ। ਕੈਂਪ ਦੌਰਾਨ ਵਿਭਾਗ ਦੇ ਕਰਮਚਾਰੀ ਮਨਬੀਰ ਸਿੰਘ, ਜਸ਼ਨਪ੍ਰੀਤ ਸਿੰਘ ਅਤੇ ਜਸਪ੍ਰੀਤ ਸਿੰਘ ਵੀ ਹਾਜ਼ਰ ਸਨ। ਕੈਂਪ ਰਾਹੀਂ ਕਿਸਾਨਾਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਪਰਾਲੀ ਦਾ ਸੁਚੱਜਾ ਪ੍ਰਬੰਧਨ, ਪਾਣੀ ਦੀ ਬੱਚਤ ਅਤੇ ਖੇਤੀ ਸਰੋਤਾਂ ਦੀ ਸਹੀ ਵਰਤੋਂ ਅਪਣਾ ਕੇ ਖੇਤੀਬਾੜੀ ਨੂੰ ਵਧੇਰੇ ਟਿਕਾਊ ਬਣਾਇਆ ਜਾ ਸਕਦਾ ਹੈ।

ਐਸਐਸਪੀ ਡਾ. ਅੰਕੁਰ ਗੁਪਤਾ ਨੇ ਸਰਪੰਚ, ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨਾਲ ਕੀਤੀ ਮੁਲਾਕਾਤ

ਨਸ਼ਿਆਂ ਦੇ ਖਾਤਮੇ ਲਈ ਪੁਲਿਸ ਅਤੇ ਲੋਕਾਂ ਦੇ ਸਾਂਝੇ ਸਹਿਯੋਗ 'ਤੇ ਦਿੱਤਾ ਜ਼ੋਰ

ਜਗਰਾਉਂ, 9 ਅਕਤੂਬਰ (ਜਗਦੀਪ ਸਿੰਘ): ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੁਲਿਸ ਪ੍ਰਸ਼ਾਸਨ ਵੱਲੋਂ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਤ ਕਰਕੇ ਨਸ਼ਿਆਂ ਦੀ ਸਮੱਸਿਆ ਸਬੰਧੀ ਜਾਗਰੂਕਤਾ ਪੈਦਾ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਇਸੇ ਮੁਹਿੰਮ ਤਹਿਤ ਐਸਐਸਪੀ ਡਾ. ਅੰਕੁਰ ਗੁਪਤਾ, ਡੀਐਸਪੀ ਜਸਵਿੰਦਰ ਸਿੰਘ ਢੀਂਡਸਾ ਅਤੇ ਥਾਣਾ ਸਿਟੀ ਦੇ ਮੁੱਖ ਅਫਸਰ ਇੰਸਪੈਕਟਰ ਪਰਮਿੰਦਰ ਸਿੰਘ ਵੱਲੋਂ ਕੋਠੇ ਖੰਜੂਰਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਪੁਲਿਸ ਅਧਿਕਾਰੀਆਂ ਨੇ ਪਿੰਡ ਦੇ ਸਰਪੰਚ, ਪੰਚਾਇਤ ਮੈਂਬਰਾਂ ਅਤੇ ਨਿਵਾਸੀਆਂ ਨਾਲ ਮੁਲਾਕਾਤ ਕਰਕੇ ਨਸ਼ਿਆਂ ਦੀ ਸਮੱਸਿਆ ਅਤੇ ਇਸ ਦੇ ਖਾਤਮੇ ਲਈ ਕੀਤੇ ਜਾਣ ਵਾਲੇ ਯਤਨਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫਲ ਬਣਾਉਣ ਲਈ ਪੁਲਿਸ ਅਤੇ ਆਮ ਲੋਕਾਂ ਵਿਚਕਾਰ ਆਪਸੀ ਤਾਲਮੇਲ ਤੇ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਨਸ਼ਾ ਛੁਡਾਊ ਕੇਂਦਰਾਂ ਦਾ ਵੀ ਜ਼ਿਕਰ ਕੀਤਾ ਗਿਆ। ਨਸ਼ੇ ਦੀ ਲਤ ਨਾਲ ਜੂਝ ਰਹੇ ਵਿਅਕਤੀਆਂ ਨੂੰ ਇਲਾਜ ਅਤੇ ਸਹੀ ਮਾਰਗਦਰਸ਼ਨ ਰਾਹੀਂ ਨਸ਼ੇ ਤੋਂ ਦੂਰ ਕਰਨ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਲਿਆਉਣ ਦੀ ਮਹੱਤਤਾ ਬਾਰੇ ਚਰਚਾ ਕੀਤੀ ਗਈ। ਪੁਲਿਸ ਪ੍ਰਸ਼ਾਸਨ ਵੱਲੋਂ ਪਿੰਡ ਪੱਧਰ 'ਤੇ ਲੋਕਾਂ ਨਾਲ ਸੰਪਰਕ ਕਰਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਵਧਾਉਣ ਦੇ ਅਜਿਹੇ ਯਤਨਾਂ ਨੂੰ ਸਮਾਜ ਲਈ ਅਹਿਮ ਮੰਨਿਆ ਜਾ ਰਿਹਾ ਹੈ। ਨਸ਼ਿਆਂ ਦੇ ਖਾਤਮੇ ਲਈ ਪੁਲਿਸ ਦੇ ਨਾਲ-ਨਾਲ ਪਿੰਡਾਂ ਦੀਆਂ ਪੰਚਾਇਤਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਦਾ ਸਹਿਯੋਗ ਵੀ ਮਹੱਤਵਪੂਰਨ ਹੈ।

ਮੋਗਾ ਪੁਲਿਸ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਕਾਸੋ ਆਪ੍ਰੇਸ਼ਨ

ਮੋਗਾ, 9 ਅਕਤੂਬਰ (ਜਗਰਾਜ ਸਿੰਘ ਸੰਘਾ) ਮੋਗਾ ਪੁਲਿਸ ਵੱਲੋਂ ਨਸ਼ਿਆਂ ਦੀ ਰੋਕਥਾਮ ਅਤੇ ਮਾੜੇ ਅਨਸਰਾਂ ਵਿਰੁੱਧ ਕਾਰਵਾਈ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਕਾਸੋ **(Cordon and Search Operation)** ਚਲਾਇਆ ਗਿਆ। ਇਸ ਆਪ੍ਰੇਸ਼ਨ ਦੌਰਾਨ ਐਸ ਐਸ ਪੀ ਮੋਗਾ ਸਰਤਾਜ ਸਿੰਘ ਚਾਹਲ ਦੀ ਅਗਵਾਈ ਹੇਠ ਐਸ ਪੀ (ਡੀ) ਮੋਗਾ ਅਤੇ ਡੀ ਐਸ ਪੀ ਸਿਟੀ ਵੱਲੋਂ ਮੌਕੇ 'ਤੇ ਪਹੁੰਚ ਕੇ ਚੈਕਿੰਗ ਦਾ ਜਾਇਜ਼ਾ ਲਿਆ ਗਿਆ। ਆਪ੍ਰੇਸ਼ਨ ਦੌਰਾਨ ਵੱਖ-ਵੱਖ ਥਾਵਾਂ 'ਤੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਤੋਂ ਇਲਾਵਾ ਮੈਡੀਕਲ ਸਟੋਰਾਂ ਦੀ ਵੀ ਜਾਂਚ ਕੀਤੀ ਗਈ, ਤਾਂ ਜੋ ਨਸ਼ਿਆਂ ਦੀ ਗੈਰ-ਕਾਨੂੰਨੀ ਵਿਕਰੀ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ 'ਤੇ ਰੋਕ ਲਗਾਈ ਜਾ ਸਕੇ। ਮੋਗਾ ਪੁਲਿਸ ਵੱਲੋਂ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਅਤੇ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਅਜਿਹੀਆਂ ਚੈਕਿੰਗ ਮੁਹਿੰਮਾਂ ਜਾਰੀ ਰੱਖੀਆਂ ਜਾਣਗੀਆਂ।

ਫ਼ਰੀਦਕੋਟ 'ਚ ਆਪ ਆਗੂ ਨਵੀਨ ਅਰੋੜਾ ਨੂੰ ਚੇਅਰਮੈਨੀ ਦੇਣ ਦੀ ਮੰਗ; ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਨੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਅੱਗੇ ਰੱਖੀ ਮੰਗ

ਫ਼ਰੀਦਕੋਟ/ਸਾਦਿਕ (9 ਅਕਤੂਬਰ ਗੁਰਪ੍ਰੀਤ ਸਿੰਘ ਔਲਖ): ਫ਼ਰੀਦਕੋਟ ਅਤੇ ਸਾਦਕ ਇਲਾਕੇ ਦੇ ਜਾਣੇ-ਪਛਾਣੇ ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਨਵੀਨ ਅਰੋੜਾ ਅੱਜ ਇਲਾਕੇ ਵਿੱਚ ਹਰਮਨਪਿਆਰੇ ਆਗੂ ਵਜੋਂ ਉੱਭਰ ਕੇ ਸਾਹਮਣੇ ਆਏ ਹਨ। ਆਪਣੀ ਈਮਾਨਦਾਰੀ, ਨੇਕਦਿਲੀ ਅਤੇ ਨਿਸ਼ਕਾਮ ਸਮਾਜ ਸੇਵਾ ਦੀ ਬਦੌਲਤ ਉਹਨਾਂ ਨੇ ਲੋਕਾਂ ਦੇ ਦਿਲਾਂ ਵਿੱਚ ਖਾਸ ਜਗ੍ਹਾ ਬਣਾਈ ਹੈ, ਜਿਸ ਦੇ ਚੱਲਦਿਆਂ ਅੱਜ ਹਜ਼ਾਰਾਂ ਦੀ ਗਿਣਤੀ ਵਿੱਚ ਸਮਰਥਕ ਅਤੇ ਵੋਟਰ ਉਹਨਾਂ ਨਾਲ ਚੱਟਾਨ ਵਾਂਗ ਖੜ੍ਹੇ ਨਜ਼ਰ ਆ ਰਹੇ ਹਨ। ਇਲਾਕੇ ਵਿੱਚ ਨਵੀਨ ਅਰੋੜਾ ਵੱਲੋਂ ਨਿਭਾਈਆਂ ਬੇਮਿਸਾਲ ਸੇਵਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਫ਼ਰੀਦਕੋਟ ਅਤੇ ਸਾਦਕ ਦੀਆਂ ਪ੍ਰਮੁੱਖ ਸਮਾਜ ਸੇਵੀ, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੇ ਇਕਜੁੱਟ ਹੋ ਕੇ ਹਲਕ